ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 102
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ


ਅਦਾਰਾ
ਚੜ੍ਹਦੀਕਲਾ
ਵੱਲੋਂ
ਖ਼ਾਲਸਾ ਸਾਜਨਾ ਦਿਵਸ
ਅਤੇ ਵਿਸਾਖੀ ਦੀਆਂ
ਲੱਖ-ਲੱਖ ਵਧਾਈਆਂ


ਕੁੱਲ ਪੰਨੇ: 24 (Tuesday, 14 April, 2026) ਮੰਗਲਵਾਰ, 14 ਅਪ੍ਰੈਲ, 2026, 1 ਵੈਸਾਖ (ਸੰਗ੍ਰਾਂਦ), ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ




ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ

# ਜੈਕਾਰਿਆਂ ਦੀ ਗੂੰਜ 'ਚ ਬੇਅਦਬੀ ਸੋਧ ਬਿੱਲ ਸਰਬਸੰਮਤੀ ਨਾਲ ਪਾਸ

## ਦੋਸ਼ੀ 'ਤੇ ਗੈਰ ਜ਼ਮਾਨਤੀ ਗੰਭੀਰ ਧਾਰਾ ਲਗਾਈ ਜਾਵੇਗੀ: ਮਾਨ

ਚੰਡੀਗੜ੍ਹ, 13 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਖ਼ਾਲਸਾ ਸਾਜਨਾ ਦਿਵਸ ਮੌਕੇ ਅੱਜ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ, ਜੈਕਾਰਿਆਂ ਦੀ ਗੂੰਜ ਨਾਲ ਸਰਬਸੰਮਤੀ ਨਾਲ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਸੋਧ ਬਿੱਲ (2026) ਪਾਸ ਕਰ ਦਿੱਤਾ ਗਿਆ ਹੈ। ਕਾਂਗਰਸ ਵੱਲੋਂ ਵੀ ਬਿੱਲ ਦਾ ਸਮਰਥਨ ਕੀਤਾ ਗਿਆ। ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹ ਬਿੱਲ ਪੇਸ਼ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਬੇਅਦਬੀ ਦੀ ਸਜ਼ਾ ਮੌਤ ਤੱਕ ਉਮਰ ਕੈਦ ਹੈ। ਹੁਣ ਇਸ ਨੂੰ ਮਨਜ਼ੂਰੀ ਲਈ ਰਾਜਪਾਲ ਕੋਲ ਭੇਜਿਆ ਜਾਵੇਗਾ। ਮਾਨ ਨੇ ਕਿਹਾ ਕਿ ਇਹ ਸਟੇਟ ਐਕਟ ਹੈ, ਇਸ ਨੂੰ ਰਾਸ਼ਟਰਪਤੀ ਕੋਲ ਭੇਜਣ ਦੀ ਲੋੜ ਨਹੀਂ। ਰਾਜਪਾਲ ਤੋਂ ਇਸ ਬਿੱਲ ਨੂੰ ਸਾਈਨ ਕਰਵਾਉਣਾ ਸਾਡੀ ਹੀ ਨਹੀਂ ਸਭ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਇਹ ਬਿੱਲ ਇਸ ਵੇਲੇ ਸਿਰਫ਼ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ 'ਤੇ ਲਾਗੂ ਹੋਵੇਗਾ। ਹਾਲਾਂਕਿ, ਇਸ ਬਿੱਲ ਤਹਿਤ ਗੈਰ-ਸਿੱਖਾਂ (ਹਿੰਦੂ, ਮੁਸਲਮਾਨ, ਈਸਾਈ, ਆਦਿ) ਦੇ ਪਵਿੱਤਰ ਗ੍ਰੰਥਾਂ ਅਤੇ ਧਾਰਮਿਕ ਸਥਾਨਾਂ ਦੀ ਬੇਅਦਬੀ ਲਈ ਸਜ਼ਾ ਦਾ ਕੋਈ ਪ੍ਰਬੰਧ ਨਹੀਂ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੋਰ ਧਰਮਾਂ ਦੇ ਲੋਕਾਂ ਨਾਲ ਵੀ ਸਲਾਹ-ਮਸ਼ਵਰਾ ਕਰਨ ਤੋਂ ਬਾਅਦ ਜਲਦੀ ਹੀ ਇੱਕ ਕਾਨੂੰਨ ਬਣਾਇਆ ਜਾਵੇਗਾ। ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਹੁਣ ਬੇਅਦਬੀ ਦੇ ਕੇਸਾਂ ਵਿੱਚ 'ਮਾਨਸਿਕ ਰੋਗੀ' ਹੋਣ ਦਾ ਬਹਾਨਾ ਬਣਾ ਕੇ ਬਚਣਾ ਮੁਸ਼ਕਿਲ ਹੋਵੇਗਾ। ਉਨ੍ਹਾਂ ਕਿਹਾ ਕਿ ਅਕਸਰ ਬੇਅਦਬੀ ਕਰਨ ਵਾਲੇ ਨੂੰ 'ਮਾਨਸਿਕ ਰੋਗੀ' ਕਹਿ ਕੇ ਕੇਸ ਕਮਜ਼ੋਰ ਕਰ ਦਿੱਤਾ ਜਾਂਦਾ ਹੈ। ਹੁਣ ਨਵੇਂ ਕਾਨੂੰਨ ਵਿੱਚ, ਜੇਕਰ ਕੋਈ ਮਾਨਸਿਕ ਰੋਗੀ ਅਜਿਹੀ ਘਟਨਾ ਕਰਦਾ ਹੈ, ਤਾਂ ਉਸ ਦੇ ਕਸਟੋਡੀਅਨ 'ਤੇ ਪਰਚਾ ਹੋਵੇਗਾ।ਸੀ.ਐੱਮ. ਮਾਨ ਨੇ ਸਪੱਸ਼ਟ ਕੀਤਾ ਕਿ ਇਸ ਬਿੱਲ ਵਿੱਚ ਉਮਰ ਕੈਦ ਦਾ ਮਤਲਬ ਸਿਰਫ਼ 14 ਸਾਲ ਨਹੀਂ, ਸਗੋਂ ਆਖਰੀ ਸਾਹ ਤੱਕ ਜੇਲ੍ਹ ਹੋਵੇਗਾ। ਉਨ੍ਹਾਂ ਕਿਹਾ ਕਿ ਅਪਰਾਧੀਆਂ ਨੂੰ 15 ਅਗਸਤ ਜਾਂ 26 ਜਨਵਰੀ ਵਰਗੀਆਂ ਛੁੱਟੀਆਂ ਦਾ ਕੋਈ ਲਾਭ ਨਹੀਂ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ ਬੇਅਦਬੀ ਪਿੱਛੇ ਵੱਡੀਆਂ ਸਾਜ਼ਿਸ਼ਾਂ ਹੁੰਦੀਆਂ ਹਨ। ਹੁਣ ਸਾਜ਼ਿਸ਼ ਰਚਣ ਵਾਲੇ 'ਤੇ ਵੀ ਉਹੀ ਧਾਰਾਵਾਂ ਲੱਗਣਗੀਆਂ ਜੋ ਘਟਨਾ ਕਰਨ ਵਾਲੇ 'ਤੇ ਲੱਗਦੀਆਂ ਹਨ।



ਉਨ੍ਹਾਂ ਕਿਹਾ ਕਿ ਜੇ ਕੋਈ ਦੋ ਫਿਰਕਿਆਂ ਵਿੱਚ ਹਿੰਸਾ ਭੜਕਾਉਣ ਲਈ ਬੰਦਾ ਭੇਜਦਾ ਹੈ, ਤਾਂ ਉਸ ਨੂੰ ਸਿੱਧਾ ਉਮਰ ਕੈਦ ਹੋਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੇਅਦਬੀ ਸੋਧ ਬਿੱਲ ਦੀ ਪੜਚੋਲ ਕਰ ਰਹੀ ਸਿਲੈਕਟ ਕਮੇਟੀ ਦੇ ਚੇਅਰਮੈਨ ਇੰਦਰਬੀਰ ਸਿੰਘ ਨਿੱਝਰ ਨੇ 6 ਮਹੀਨੇ ਦਾ ਸਮਾਂ ਹੋਰ ਮੰਗਿਆ ਹੈ ਤੇ ਕਮੇਟੀ ਨੂੰ 6 ਮਹੀਨੇ ਹੋਰ ਦਿੱਤੇ ਗਏ ਹਨ। 6 ਮਹੀਨਿਆਂ ਬਾਅਦ ਕਮੇਟੀ ਆਪਣੀ ਰਿਪੋਰਟ ਪੇਸ਼ ਕਰੇਗੀ। ਬਿੱਲ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪ੍ਰਿੰਟਿੰਗ, ਸਟੋਰੇਜ ਅਤੇ ਡਿਸਟਰੀਬਿਊਸ਼ਨ ਦਾ ਪੂਰਾ ਰਿਕਾਰਡ ਰੱਖਣਾ ਪਵੇਗਾ। ਬੇਅਦਬੀ ਦੀ ਪਰਿਭਾਸ਼ਾ ਨੂੰ ਵੀ ਕਾਨੂੰਨੀ ਤੌਰ 'ਤੇ ਸਪੱਸ਼ਟ ਕੀਤਾ ਗਿਆ ਹੈ।

ਦੱਸ ਦੇਈਏ ਕਿ ਬੇਅਦਬੀ ਖ਼ਿਲਾਫ਼ ਬਿੱਲ ਮੁਤਾਬਕ ਮੁਲਜ਼ਮਾਂ ਲਈ ਸਖ਼ਤ ਸਜ਼ਾਵਾਂ ਦੀ ਵਿਵਸਥਾ ਹੋਵੇਗੀ। ਕਾਨੂੰਨ ਦੀ ਉਲੰਘਣਾ ਕਰਨ ਵਾਲੇ ਨੂੰ 5 ਸਾਲ ਤੱਕ ਕੈਦ ਤੇ 10 ਲੱਖ ਤੱਕ ਜੁਰਮਾਨਾ ਹੋਵੇਗਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਦੀ ਬੇਅਦਬੀ ਕਰਨ ਵਾਲੇ ਨੂੰ 7 ਤੋਂ 20 ਸਾਲ ਤੱਕ ਕੈਦ ਅਤੇ 2 ਲੱਖ ਰੁਪਏ ਤੋਂ 10 ਲੱਖ ਰੁਪਏ ਤੱਕ ਜੁਰਮਾਨਾ, ਅਮਨ-ਸ਼ਾਂਤੀ ਭੰਗ ਕਰਨ ਦੇ ਇਰਾਦੇ ਨਾਲ ਬੇਅਦਬੀ ਕਰਨ ਵਾਲੇ ਨੂੰ 10 ਸਾਲ ਤੋਂ ਉਮਰ ਕੈਦ ਤੱਕ ਦੀ ਸਜ਼ਾ ਤੇ 5 ਲੱਖ ਰੁਪਏ ਤੋਂ 25 ਲੱਖ ਰੁਪਏ ਤੱਕ ਜੁਰਮਾਨਾ ਹੋਵੇਗਾ। ਉਥੇ ਹੀ ਬੇਅਦਬੀ ਵਿੱਚ ਮਦਦ ਕਰਨ ਵਾਲਾ ਬਰਾਬਰ ਸਜ਼ਾ ਦਾ ਹੱਕਦਾਰ ਹੋਵੇਗਾ ਤੇ ਬੇਅਦਬੀ ਦੀ ਕੋਸ਼ਿਸ਼ ਕਰਨ ਵਾਲੇ ਨੂੰ 3 ਤੋਂ 5 ਸਾਲ ਤੱਕ ਕੈਦ ਅਤੇ 1 ਲੱਖ ਤੋਂ 3 ਲੱਖ ਰੁਪਏ ਤੱਕ ਜੁਰਮਾਨਾ ਕੀਤਾ ਜਾਵੇਗਾ।

## ਅਮਰੀਕੀ ਨਾਕਾਬੰਦੀ ਨੇੜੇ ਆਏ ਈਰਾਨੀ ਜਹਾਜ਼ਾਂ ਨੂੰ ਤਬਾਹ ਕਰ ਦਿਆਂਗੇ: ਟਰੰਪ

ਵਾਸ਼ਿੰਗਟਨ, 13 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਹੈ ਕਿ ਜੇਕਰ ਕੋਈ ਵੀ ਈਰਾਨ ਦਾ ਜਹਾਜ਼ ਅਮਰੀਕੀ ਨਾਕਾਬੰਦੀ ਦੇ ਨੇੜੇ ਆਉਣ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਨੂੰ ਤੁਰੰਤ ਤਬਾਹ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਲਈ ਉਹੀ ਤਰੀਕਾ ਵਰਤਿਆ ਜਾਵੇਗਾ, ਜਿਸ ਤਰ੍ਹਾਂ ਸਮੁੰਦਰ ਵਿੱਚ ਨਸ਼ਾ ਤਸਕਰਾਂ ਦੇ ਜਹਾਜ਼ਾਂ ਨੂੰ ਰੋਕਣ ਲਈ ਵਰਤਿਆ ਜਾਂਦਾ ਹੈ, ਇਨ੍ਹਾਂ ਜਹਾਜ਼ਾਂ ਖ਼ਿਲਾਫ਼ ਬਹੁਤ ਤੇਜ਼ੀ ਅਤੇ ਸਖ਼ਤੀ ਨਾਲ ਕਾਰਵਾਈ ਕੀਤੀ ਜਾਵੇਗੀ। ਨਾਕਾਬੰਦੀ ਨੂੰ ਯਕੀਨੀ ਬਣਾਉਣ ਲਈ ਅਮਰੀਕੀ ਜਲ ਸੈਨਾ ਅਤੇ ਸੁਰੱਖਿਆ ਬਲ ਪੂਰੀ ਤਰ੍ਹਾਂ ਮੁਸਤੈਦ ਹਨ। ਦੂਜੇ ਪਾਸੇ, ਅਮਰੀਕਾ ਅਤੇ ਈਰਾਨ ਵਿਚਾਲੇ ਚੱਲ ਰਹੀ ਗੱਲਬਾਤ ਦੇ ਅਸਫਲ ਹੋਣ ਤੋਂ ਬਾਅਦ, ਅਮਰੀਕੀ ਫੌਜ ਨੇ ਸੋਮਵਾਰ ਨੂੰ ਵੱਡਾ ਐਲਾਨ ਕੀਤਾ। ਅਮਰੀਕਾ ਹੁਣ ਈਰਾਨ ਦੀਆਂ ਬੰਦਰਗਾਹਾਂ ਤੋਂ ਹੋਣ ਵਾਲੀ ਸਾਰੀ ਸਮੁੰਦਰੀ ਆਵਾਜਾਈ (ਆਉਣ-ਜਾਣ ਵਾਲੇ ਜਹਾਜ਼ਾਂ) ਤੇ ਪੂਰੀ ਤਰ੍ਹਾਂ ਰੋਕ ਲਗਾ ਦੇਵੇਗਾ।

## ਪੰਜਾਬ 'ਚ ਪਵੇਗਾ ਮੀਂਹ, ਚੱਲਣਗੀਆਂ ਤੇਜ਼ ਹਵਾਵਾਂ

ਚੰਡੀਗੜ੍ਹ, 13 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਪੰਜਾਬ ਦੇ ਮੌਸਮ ਨੂੰ ਲੈ ਕੇ ਅਹਿਮ ਜਾਣਕਾਰੀ ਸਾਹਮਣੇ ਆਈ ਹੈ। ਮੌਸਮ ਵਿਭਾਗ ਦੇ ਤਾਜ਼ਾ ਬੁਲੇਟਿਨ ਅਨੁਸਾਰ ਆਉਣ ਵਾਲੇ ਹਫ਼ਤੇ ਦੌਰਾਨ ਸੂਬੇ 'ਚ ਗਰਮੀ ਦਾ ਪ੍ਰਭਾਵ ਹੋਰ ਵਧੇਗਾ ਅਤੇ ਵੱਧ ਤੋਂ ਵੱਧ ਤਾਪਮਾਨ 'ਚ 4 ਤੋਂ 6 ਡਿਗਰੀ ਸੈਲਸੀਅਸ ਤੱਕ ਦਾ ਉਛਾਲ ਆ ਸਕਦਾ ਹੈ। ਹਾਲਾਂਕਿ ਅੱਜ ਪੰਜਾਬ ਵਿਚ ਤੇਜ਼ ਧੁੱਪ ਨਿਕਲੀ ਜਿਸ ਨਾਲ ਲੋਕਾਂ ਨੂੰ ਗਰਮੀ ਦਾ ਅਹਿਸਾਸ ਹੋਇਆ ਹੈ ਪਰ ਆਉਂਦੇ ਦਿਨਾਂ ਦੌਰਾਨ ਸੂਬੇ ਅੰਦਰ ਮੌਸਮ ਕਰਵਟ ਬਦਲ ਸਕਦਾ ਹੈ। ਵਿਭਾਗ ਨੇ 16 ਅਤੇ 17 ਅਪ੍ਰੈਲ ਨੂੰ ਕੁਝ ਥਾਵਾਂ 'ਤੇ ਮੀਂਹ ਪੈਣ ਦੀ ਸੰਭਾਵਨਾ ਪ੍ਰਗਟਾਈ ਹੈ। ਮੌਸਮ ਵਿਭਾਗ ਦੇ ਸੂਤਰਾਂ ਦਾ ਆਖਣਾ ਹੈ ਕਿ ਅਗਲੇ ਤਿੰਨ ਦਿਨਾਂ ਲਈ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਸਤਹੀ ਹਵਾਵਾਂ ਚੱਲਣ ਦੀ ਉਮੀਦ ਹੈ। 15 ਅਪ੍ਰੈਲ ਤੋਂ ਪੱਛਮੀ ਹਿਮਾਲਿਆ ਖੇਤਰ ਨੂੰ ਇਕ ਨਵੀਂ ਪੱਛਮੀ ਗੜਬੜੀ ਪ੍ਰਭਾਵਿਤ ਕਰ ਸਕਦੀ ਹੈ ਹਾਲਾਂਕਿ ਇਹ ਕਮਜ਼ੋਰ ਹੈ ਪਰ ਇਸ ਦਾ ਹਲਕਾ ਅਸਰ ਦੇਖਣ ਨੂੰ ਮਿਲ ਸਕਦਾ ਹੈ। ਨਤੀਜੇ ਵਜੋਂ, ਜੰਮੂ-ਕਸ਼ਮੀਰ, ਲੱਦਾਖ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿਚ ਹਲਕੀ ਬਾਰਿਸ਼ ਜਾਂ ਬਰਫ਼ਬਾਰੀ ਹੋਣ ਦੀ ਸੰਭਾਵਨਾ ਹੈ।

## ਭਾਰਤੀ ਜਹਾਜ਼ਾਂ ਨੂੰ ਹੋਰਮੁਜ਼ ਰਾਹੀਂ ਸੁਰੱਖਿਅਤ ਲੰਘਣ ਦਿੱਤਾ ਜਾਵੇਗਾ: ਈਰਾਨ

ਨਵੀਂ ਦਿੱਲੀ, 13 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਮੱਧ ਪੂਰਬ ਵਿੱਚ ਵਧਦੇ ਤਣਾਅ ਅਤੇ ਅਮਰੀਕਾ ਵੱਲੋਂ ਹੋਰਮੁਜ਼ ਨੂੰ ਬੰਦ ਕਰਨ ਦੀਆਂ ਧਮਕੀਆਂ ਦਰਮਿਆਨ ਭਾਰਤ ਲਈ ਵੱਡੀ ਰਾਹਤ ਦੀ ਖ਼ਬਰ ਸਾਹਮਣੇ ਆਈ ਹੈ। ਈਰਾਨ ਨੇ ਭਾਰਤ



ਨੂੰ ਭਰੋਸਾ ਦਿਵਾਇਆ ਹੈ ਕਿ ਉਸ ਦੇ ਜਹਾਜ਼ਾਂ ਨੂੰ ਇਸ ਅਹਿਮ ਸਮੁੰਦਰੀ ਰਸਤੇ ਰਾਹੀਂ ਸੁਰੱਖਿਅਤ ਲੰਘਣ ਦਿੱਤਾ ਜਾਵੇਗਾ, ਜਿਸ ਨਾਲ ਭਾਰਤ ਦੀ ਤੇਲ ਸਪਲਾਈ ਪ੍ਰਭਾਵਿਤ ਹੋਣ ਦਾ ਖ਼ਤਰਾ ਟਲ ਗਿਆ ਹੈ। ਭਾਰਤ ਵਿੱਚ ਈਰਾਨ ਦੇ ਰਾਜਦੂਤ ਮੁਹੰਮਦ ਫਤਹਲੀ ਨੇ ਸਾਫ਼ ਕੀਤਾ ਹੈ ਕਿ ਭਾਰਤ ਅਤੇ ਈਰਾਨ ਦੇ ਸਬੰਧ ਬਹੁਤ ਚੰਗੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਭਾਰਤੀ ਜਹਾਜ਼ਾਂ ਨੂੰ ਇਸ ਰਸਤੇ ਤੋਂ ਗੁਜ਼ਰਨ ਵੇਲੇ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਹ ਭਰੋਸਾ ਅਜਿਹੇ ਸਮੇਂ ਦਿੱਤਾ ਗਿਆ ਹੈ ਜਦੋਂ ਇਜ਼ਰਾਈਲ ਅਤੇ ਈਰਾਨ ਵਿਚਾਲੇ ਵਧਦੇ ਤਣਾਅ ਨੇ ਵਿਸ਼ਵ ਪੱਧਰ 'ਤੇ ਤੇਲ ਸਪਲਾਈ ਨੂੰ ਲੈ ਕੇ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ। ਹੋਰਮੁਜ਼ ਜਲਡਮਰੂ ਮੱਧ ਦੁਨੀਆਂ ਦੇ ਸਭ ਤੋਂ ਮਹੱਤਵਪੂਰਨ ਤੇਲ ਮਾਰਗਾਂ ਵਿੱਚੋਂ ਇੱਕ ਹੈ, ਜਿੱਥੋਂ ਦੁਨੀਆਂ ਦੀ ਲਗਭਗ 20 ਫੀਸਦੀ ਤੇਲ ਅਤੇ ਗੈਸ ਸਪਲਾਈ ਹੁੰਦੀ ਹੈ। ਭਾਰਤ ਲਈ ਇਹ ਰਸਤਾ ਰਣਨੀਤਕ ਤੌਰ 'ਤੇ ਬੇਹੱਦ ਮਹੱਤਵਪੂਰਨ ਹੈ ਕਿਉਂਕਿ ਭਾਰਤ ਦੀ ਕੁੱਲ ਕੱਚੇ ਤੇਲ ਦੀ ਸਪਲਾਈ ਦਾ ਲਗਭਗ 40 ਫੀਸਦੀ ਹਿੱਸਾ ਇਸੇ ਰਸਤੇ ਰਾਹੀਂ ਆਉਂਦਾ ਹੈ। ਹਾਲ ਹੀ ਵਿੱਚ ਅਮਰੀਕਾ ਵੱਲੋਂ ਪਾਬੰਦੀਆਂ ਵਿੱਚ ਦਿੱਤੀ ਗਈ ਅਸਥਾਈ ਰਾਹਤ ਤੋਂ ਬਾਅਦ ਭਾਰਤ ਨੇ ਸੱਤ ਸਾਲਾਂ ਬਾਅਦ ਮੁੜ ਈਰਾਨ ਤੋਂ ਤੇਲ ਖਰੀਦਣਾ ਸ਼ੁਰੂ ਕੀਤਾ ਹੈ ਅਤੇ ਇਸੇ ਹਫ਼ਤੇ ਤੇਲ ਦੀ ਪਹਿਲੀ ਖੇਪ ਭਾਰਤ ਪਹੁੰਚਣ ਦੀ ਉਮੀਦ ਹੈ। ਜ਼ਿਕਰਯੋਗ ਹੈ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਲਾਨ ਕੀਤਾ ਸੀ ਕਿ ਅਮਰੀਕਾ ਇਸ ਸਮੁੰਦਰੀ ਰਸਤੇ ਦੀ ਨਾਕਾਬੰਦੀ ਕਰੇਗਾ ਅਤੇ ਈਰਾਨ ਨੂੰ ਟੋਲ ਦੇਣ ਵਾਲੇ ਜਹਾਜ਼ਾਂ ਨੂੰ ਰੋਕਿਆ ਜਾਵੇਗਾ।

## ਮਹਿਲਾ ਸਸ਼ਕਤੀਕਰਨ ਲਈ ਜੀਵਨ ਚੱਕਰ ਦੇ ਹਰ ਪੜਾਅ ਲਈ ਯੋਜਨਾ ਬਣਾ ਰਹੀ ਹੈ ਸਰਕਾਰ: ਮੋਦੀ

ਨਵੀਂ ਦਿੱਲੀ, 13 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਕਿਹਾ ਕਿ ਸਰਕਾਰ ਔਰਤਾਂ ਦੇ ਸਹੀ ਮਾਇਨੇ 'ਚ ਸਸ਼ਕਤੀਕਰਨ ਲਈ ਜੀਵਨ ਚੱਕਰ ਦੇ ਹਰ ਪੜਾਅ ਲਈ ਵਿਸ਼ੇਸ਼ ਯੋਜਨਾਵਾਂ ਬਣਾ ਰਹੀ ਹੈ ਅਤੇ ਉਨ੍ਹਾਂ ਨੂੰ ਸਫ਼ਲਤਾਪੂਰਵਕ ਲਾਗੂ ਕੀਤਾ ਜਾ ਰਿਹਾ ਹੈ। ਪੀ.ਐੱਮ. ਮੋਦੀ ਨੇ ਵੀਰਵਾਰ ਨੂੰ ਸੰਸਦ 'ਚ ਮਹਿਲਾ ਰਾਖਵਾਂਕਰਨ ਬਿੱਲ ਪਾਸ ਕੀਤੇ ਜਾਣ ਤੋਂ ਪਹਿਲਾਂ ਉਸ ਦੇ ਪਿਛੋਕੜ 'ਚ ਇੱਥੇ ਆਯੋਜਿਤ ਜਾਰੀ ਚੱਕਰ ਦੇ ਹਰ ਪੜਾਅ ਲਈ ਯੋਜਨਾਵਾਂ ਬਣਾਈਆਂ, ਉਨ੍ਹਾਂ ਨੂੰ ਸਫਲਤਾਪੂਰਵਕ ਲਾਗੂ ਕੀਤਾ ਹੈ।

ਉਨ੍ਹਾਂ ਕਿਹਾ ਕਿ ਆਜ਼ਾਦੀ ਦੀ ਲੜਾਈ ਤੋਂ ਲੈ ਕੇ ਸੰਵਿਧਾਨ ਸਭਾ ਦੇ ਫੈਸਲਿਆਂ ਤੱਕ ਆਜ਼ਾਦ ਭਾਰਤ ਦੀ ਨੀਂਹ ਰੱਖਣ 'ਚ ਭਾਰਤ ਦੀ ਨਾਰੀ ਸ਼ਕਤੀ ਨੇ ਅਸੀਮਿਤ ਯੋਗਦਾਨ ਦਿੱਤਾ ਹੈ ਅਤੇ ਦੇਸ਼ ਚ ਮਹਿਲਾ ਅਗਵਾਈ ਦਾ ਇਕ ਬਿਹਤਰੀਨ ਉਦਾਹਰਣ ਪੰਚਾਇਤੀ ਰਾਜ ਸੰਸਥਾਵਾਂ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਪ੍ਰਗਤੀਸ਼ੀਲ ਸਮਾਜ ਦੀ ਧਾਰਨਾ ਨੂੰ ਸਾਕਾਰ ਕਰਨ ਦੇ ਮਕਸਦ ਨਾਲ ਕਈ ਛੋਟੇ ਵੱਡੇ ਕਦਮਾਂ ਨਾਲ ਔਰਤਾਂ ਨੂੰ ਸਸ਼ਕਤ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਮਹਿਲਾ ਰਾਖਵਾਂਕਰਨ ਬਿੱਲ ਰਾਹੀਂ ਔਰਤਾਂ ਨੂੰ ਲੋਕ ਸਭਾ ਅਤੇ ਵਿਧਾਨ ਸਭਾਵਾਂ 'ਚ ਵੀ ਇਕ ਤਿਹਾਈ ਰਾਖਵਾਂਕਰਨ ਦੇ ਕੇ ਹੁਣ ਦੇਸ਼ ਔਰਤਾਂ ਨੂੰ ਸਸ਼ਕਤ ਬਣਾ ਕੇ ਲੋਕਤੰਤਰ ਨੂੰ ਵੀ ਨਵੇਂ ਤਰੀਕੇ ਨਾਲ ਮਜ਼ਬੂਤ ਬਣਾਉਣ ਜਾ ਰਿਹਾ ਹੈ।

ਉਨ੍ਹਾਂ ਕਿਹਾ,ਅੱਜ ਔਰਤਾਂ ਉਨ੍ਹਾਂ ਖੇਤਰਾਂ 'ਚ ਵੀ ਬੁਲੰਦੀਆਂ ਨੂੰ ਛੂਹ ਰਹੀਆਂ ਹਨ, ਜਿੱਥੇ ਕਦੇ ਪੁਰਸ਼ਾਂ ਦਾ ਏਕਾਧਿਕਾਰ ਮੰਨਿਆ ਜਾਂਦਾ ਸੀ। ਦੇਸ਼ ਦੀ ਨਾਰੀਸ਼ਕਤੀ ਨੇ ਆਪਣੀ ਮਿਹਨਤ, ਸਾਹਸ ਅਤੇ ਆਤਮਵਿਸ਼ਵਾਸ ਨਾਲ ਨਵੀਆਂ ਉੱਚਾਈਆਂ ਨੂੰ ਛੂਹਿਆ ਹੈ।ਹੁਣ ਅਸੀਂ ਮਿਲ ਕੇ ਇਸ ਸ਼ਕਤੀ ਨੂੰ ਨਵੀਂ ਊਰਜਾ ਦੇਣੀ ਹੈ, ਉਸ ਲਈ ਮੌਕਿਆਂ ਦਾ ਵਿਸਥਾਰ ਕਰਨਾ ਹੈ। ਮੋਦੀ ਨੇ ਸੰਮੇਲਨ 'ਚ ਮੌਜੂਦ ਨਾਰੀ ਸ਼ਕਤੀ ਨੂੰ ਵਿਸ਼ਵਾਸ ਦਿਵਾਇਆ ਕਿ ਸਰਕਾਰ ਉਨ੍ਹਾਂ ਦੀਆਂ ਇੱਛਾਵਾਂ ਪੂਰੀਆਂ ਕਰਨ ਲਈ ਲਗਾਤਾਰ ਕਦਮ ਚੁੱਕ ਰਹੀ ਹੈ।







## ਸੰਪਾਦਕੀ

# ਸਥਾਈ ਹੱਲ ਲਈ ਯਤਨ ਹੋਣ

ਅਮਰੀਕਾ ਅਤੇ ਇਜ਼ਰਾਈਲ ਦੇ ਈਰਾਨ 'ਤੇ ਸਾਂਝੇ ਹਮਲੇ ਤੋਂ ਬਾਅਦ ਹਾਲ ਹੀ ਵਿੱਚ ਹੋਏ ਜੰਗਬੰਦੀ ਸਮਝੌਤੇ ਨੇ ਉਮੀਦ ਜਗਾਈ ਹੈ ਕਿ ਦੋਵੇਂ ਧਿਰਾਂ ਜਲਦੀ ਹੀ ਇੱਕ ਸਥਾਈ ਹੱਲ 'ਤੇ ਪਹੁੰਚ ਜਾਣਗੀਆਂ। ਹਾਲਾਂਕਿ, ਲੇਬਨਾਨ 'ਤੇ ਲਗਾਤਾਰ ਇਜ਼ਰਾਈਲੀ ਹਮਲਿਆਂ ਕਾਰਨ ਜੰਗਬੰਦੀ ਖ਼ਤਰੇ ਵਿੱਚ ਪਈ ਜਾਪਦੀ ਸੀ। ਇਸ ਦੇ ਬਾਵਜੂਦ, ਪਾਕਿਸਤਾਨ ਦੇ ਇਸਲਾਮਾਬਾਦ ਵਿੱਚ ਅਮਰੀਕਾ ਅਤੇ ਈਰਾਨ ਵਿਚਕਾਰ ਗੱਲਬਾਤ ਨੇ ਉਮੀਦ ਜਗਾਈ ਸੀ ਕਿ ਯੁੱਧ ਦੇ ਅੰਤ ਦਾ ਰਸਤਾ ਲੱਭਿਆ ਜਾ ਸਕਦਾ ਹੈ। ਹਾਲਾਂਕਿ, ਗੱਲਬਾਤ ਦੀ ਅਸਫਲਤਾ ਦੀਆਂ ਰਿਪੋਰਟਾਂ ਨਿਰਾਸ਼ਾਜਨਕ ਰਹੀਆਂ ਹਨ। ਐਤਵਾਰ ਨੂੰ ਗੱਲਬਾਤ ਖਤਮ ਹੋਣ ਤੋਂ ਬਾਅਦ, ਅਮਰੀਕੀ ਉਪ-ਰਾਸ਼ਟਰਪਤੀ ਜੇ.ਡੀ. ਵੈਂਸ ਨੇ ਕਿਹਾ ਕਿ ਅਮਰੀਕਾ ਅਤੇ ਈਰਾਨ ਵਿਚਕਾਰ ਪਾੜੇ ਨੂੰ ਪੂਰਾ ਕਰਨ ਅਤੇ ਸਮਝੌਤਾ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਗਈ ਸੀ, ਪਰ ਕੋਈ ਸਮਝੌਤਾ ਨਹੀਂ ਹੋਇਆ। ਦੂਜੇ ਪਾਸੇ, ਈਰਾਨ ਨੇ ਕਿਹਾ ਕਿ ਅਮਰੀਕਾ ਦੀਆਂ ਬਹੁਤ ਹੀ ਗੈਰ-ਵਾਜਬ ਮੰਗਾਂ ਅਤੇ ਆਪਣੇ ਰੁਖ਼ ਵਿੱਚ ਲਚਕਤਾ ਦੀ ਘਾਟ ਕਾਰਨ ਦੋਵਾਂ ਦੇਸ਼ਾਂ ਵਿਚਕਾਰ ਗੱਲਬਾਤ ਬਿਨਾਂ ਕਿਸੇ ਸਮਝੌਤੇ ਦੇ ਖਤਮ ਹੋ ਗਈ। ਜ਼ਾਹਰ ਹੈ ਕਿ ਇਸਲਾਮਾਬਾਦ ਵਿੱਚ ਅਮਰੀਕਾ ਅਤੇ ਈਰਾਨ ਵਿਚਕਾਰ ਲਗਭਗ ਇੱਕੀ ਘੰਟੇ ਚੱਲੀ ਗੱਲਬਾਤ ਦਾ ਕੋਈ ਨਤੀਜਾ ਨਹੀਂ ਨਿਕਲਿਆ, ਅਤੇ ਇਸੇ ਲਈ ਉਨ੍ਹਾਂ ਨੂੰ ਇੱਕ ਅਸਫਲ ਗੱਲਬਾਤ ਕਿਹਾ ਜਾ ਰਿਹਾ ਹੈ। ਸਵਾਲ ਇਹ ਹੈ ਕਿ ਜਦੋਂ ਵਿਵਾਦ ਦੇ ਮੁੱਦੇ ਦੋਵਾਂ ਧਿਰਾਂ ਲਈ ਸਪੱਸ਼ਟ ਸਨ, ਤਾਂ ਕੀ ਉਹ ਇੱਕ ਵਿਹਾਰਕ ਪਹੁੰਚ ਨਹੀਂ ਅਪਨਾ ਸਕਦੇ ਸਨ ਅਤੇ ਯੁੱਧ ਨੂੰ ਖਤਮ ਕਰਨ ਦੇ ਉਦੇਸ਼ ਨਾਲ ਇੱਕ-ਕਦਮ-ਪਿੱਛੇ, ਚਾਰ-ਕਦਮ-ਅੱਗੇ ਪਹੁੰਚ 'ਤੇ ਕੰਮ ਨਹੀਂ ਕਰ ਸਕਦੇ ਸਨ? ਕਿਸੇ ਵੀ ਸਮਝੌਤੇ 'ਤੇ ਪਹੁੰਚਣ ਲਈ, ਅਮਰੀਕਾ ਈਰਾਨ ਤੋਂ ਇਹ ਭਰੋਸਾ ਮੰਗਦਾ ਹੈ ਕਿ ਉਹ ਪ੍ਰਮਾਣੂ ਹਥਿਆਰ ਵਿਕਸਤ ਨਹੀਂ ਕਰੇਗਾ ਅਤੇ ਇਸ ਸਮਰੱਥਾ ਨੂੰ ਪ੍ਰਾਪਤ ਕਰਨ ਲਈ ਜ਼ਰੂਰੀ ਉਪਕਰਣ ਪ੍ਰਾਪਤ ਕਰਨ ਤੋਂ ਗੁਰੇਜ਼ ਕਰੇਗਾ। ਇਸ ਦੌਰਾਨ, ਈਰਾਨ ਦਾ ਕਹਿਣਾ ਹੈ ਕਿ ਈਰਾਨੀ ਵਫ਼ਦ ਨੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਕਈ ਰਚਨਾਤਮਕ ਯੋਜਨਾਵਾਂ ਪੇਸ਼ ਕੀਤੀਆਂ, ਪਰ ਅਮਰੀਕਾ ਈਰਾਨ ਦਾ ਵਿਸ਼ਵਾਸ ਹਾਸਲ ਕਰਨ ਵਿੱਚ ਅਸਫਲ ਰਿਹਾ। ਜਦੋਂ ਯੁੱਧ ਨੂੰ ਖਤਮ ਕਰਨ ਦੀ ਇੱਛਾ ਪਿੱਛੇ ਇਮਾਨਦਾਰੀ ਹੁੰਦੀ ਹੈ, ਤਾਂ ਸ਼ਰਤਾਂ ਦੀ ਪੂਰਤੀ ਦੀਆਂ ਮੰਗਾਂ ਨੂੰ ਜ਼ਿੱਦ ਵਿੱਚ ਬਦਲਣ ਤੋਂ ਰੋਕਣ ਲਈ ਗੱਲਬਾਤ ਨੂੰ ਸੁਵਿਧਾਜਨਕ ਬਣਾਉਣ ਦੀ ਜ਼ਰੂਰਤ ਹੁੰਦੀ ਹੈ। ਗੱਲਬਾਤ ਦੇ ਮੁੱਖ ਮੁੱਦਿਆਂ ਵਿੱਚ ਈਰਾਨ ਵਿੱਚ ਯੁੱਧ ਦਾ ਪੂਰੀ ਤਰ੍ਹਾਂ ਅੰਤ, ਈਰਾਨ ਦੀਆਂ ਜਾਇਦਾਦਾਂ ਨੂੰ ਜ਼ਬਤ ਕਰਨਾ, ਪ੍ਰਮਾਣੂ ਪ੍ਰੋਗਰਾਮ, ਯੁੱਧ ਮੁਆਵਜ਼ਾ, ਪਾਬੰਦੀਆਂ ਹਟਾਉਣ ਅਤੇ ਹੋਰਮੁਜ਼ ਦੀ ਜਲਡਮਰੂ ਸ਼ਾਮਲ ਸਨ। ਪਰ ਕੀ ਦੋਵਾਂ ਧਿਰਾਂ ਤੋਂ ਵਿਹਾਰਕ ਪਹੁੰਚ ਤੋਂ ਬਿਨਾਂ ਕੋਈ ਠੋਸ ਹੱਲ ਕੱਢਿਆ ਜਾ ਸਕਦਾ ਹੈ? ਇਹ ਸਮਝਣਾ ਮੁਸ਼ਕਲ ਹੈ ਕਿ ਇਜ਼ਰਾਈਲ ਨੇ ਲੇਬਨਾਨੀ ਨਾਗਰਿਕ ਟਿਕਾਣਿਆਂ 'ਤੇ ਹਮਲਾ ਕਰਕੇ ਸ਼ਾਂਤੀ ਦੀਆਂ ਉਮੀਦਾਂ ਨੂੰ ਕਮਜ਼ੋਰ ਕਰਨ ਦੀ ਜ਼ਰੂਰਤ ਕਿਉਂ ਮਹਿਸੂਸ ਕੀਤੀ, ਜਦੋਂ ਕਿ ਈਰਾਨ ਦੇ ਅਨੁਸਾਰ, ਚੰਦਾਂ ਦਿਨਾਂ ਦੀ ਜੰਗਬੰਦੀ ਦੀਆਂ ਸ਼ਰਤਾਂ ਵਿੱਚ ਲੇਬਨਾਨ 'ਤੇ ਹਮਲੇ ਰੋਕਣਾ ਸ਼ਾਮਲ ਸੀ। ਇਹ ਧਿਆਨ ਦੇਣ ਯੋਗ ਹੈ ਕਿ ਇਸ ਇਜ਼ਰਾਈਲੀ ਹਮਲੇ ਤੋਂ ਬਾਅਦ, ਈਰਾਨ ਨੇ ਫਿਰ ਤੋਂ ਹੋਰਮੁਜ਼ ਜਲਡਮਰੂ ਨੂੰ ਬੰਦ ਕਰਨ ਦਾ ਐਲਾਨ ਕੀਤਾ। ਇਸ ਜਲਡਮਰੂ ਦੀ ਰੁਕਾਵਟ ਨੇ ਭਾਰਤ ਸਮੇਤ ਦੁਨੀਆਂ ਭਰ ਦੇ ਕਈ ਦੇਸ਼ਾਂ ਨੂੰ ਕੁਦਰਤੀ ਗੈਸ ਅਤੇ ਤੇਲ ਦੀ ਸਪਲਾਈ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਇਹ ਸੱਚ ਹੈ ਕਿ ਅਮਰੀਕਾ ਅਤੇ ਈਰਾਨ ਵਿਚਕਾਰ ਮੌਜੂਦਾ ਸਬੰਧਾਂ ਨੂੰ ਦੇਖਦੇ ਹੋਏ, ਇੱਕ ਸੁਚਾਰੂ ਤਬਦੀਲੀ ਦੀ ਉਮੀਦ ਕਰਨਾ ਮੁਸ਼ਕਲ ਹੈ। ਹਾਲਾਂਕਿ, ਲੰਬੇ ਸਮੇਂ ਬਾਅਦ, ਦੋਵਾਂ ਦੇਸ਼ਾਂ ਵਿਚਕਾਰ ਗੱਲਬਾਤ ਦਾ ਮੌਕਾ ਉੱਭਰਿਆ। ਇਸ ਲਈ, ਸ਼ਾਂਤੀ ਵਾਰਤਾ ਦੀ ਅਸਫਲਤਾ ਦੇ ਬਾਵਜੂਦ, ਇਹ ਜ਼ਰੂਰੀ ਹੈ ਕਿ ਸਾਰੀਆਂ ਧਿਰਾਂ ਘੱਟੋ ਘੱਟ ਜੰਗਬੰਦੀ ਬਣਾਈ ਰੱਖਣ ਲਈ ਸੰਵੇਦਨਸ਼ੀਲ ਰਹਿਣ। ਅਤੇ ਹਮਲਾਵਰ ਬਿਆਨਬਾਜ਼ੀ ਦਾ ਸਹਾਰਾ ਲੈਣ ਦੀ ਬਜਾਏ, ਸਥਾਈ ਸ਼ਾਂਤੀ ਲਈ ਗੱਲਬਾਤ ਲਈ ਜਗ੍ਹਾ ਬਣਾਉਣ ਲਈ ਹਰ ਪੱਧਰ 'ਤੇ ਪਹਿਲਕਦਮੀਆਂ ਕੀਤੀਆਂ ਜਾਣੀਆਂ ਚਾਹੀਦੀਆਂ ਹਨ।

ਤੁਰਕੀ ਦੇ ਰਾਸ਼ਟਰਪਤੀ ਰੇਸੇਪ ਤੈਯਪ ਏਰਦੋਗਨ ਨੇ ਕਿਹਾ, ਜੇਕਰ ਪਾਕਿਸਤਾਨ ਅਮਰੀਕਾ ਅਤੇ ਈਰਾਨ ਵਿਚਕਾਰ ਜੰਗ ਵਿੱਚ ਵਿਚੋਲਗੀ ਨਹੀਂ ਕਰ ਰਿਹਾ ਹੁੰਦਾ, ਤਾਂ ਅਸੀਂ ਇਜ਼ਰਾਈਲ ਨੂੰ ਉਸਦੀ ਜਗ੍ਹਾ ਦਿਖਾ ਦਿੰਦੇ।

-ਜਗਜੀਤ ਸਿੰਘ ਦਰਦੀ

## ਸਰਬੰਸਦਾਨੀ ਦੀ ਦਾਤ ਅਤੇ ਸਾਡੀ ਨਿਘਰਦੀ ਜ਼ਮੀਰ

# ਖ਼ਾਲਸਾ ਸਾਜਨਾ ਦਿਵਸ 'ਤੇ ਸਾਰੀ ਸਿੱਖ ਕੌਮ ਨੂੰ 'ਹਾਅ ਦਾ ਨਾਅਰਾ'



ਵਿੰਕਲਜੀਤ ਸਿੰਘ ਸਰਾ
9501477889




**ਮੈਂ ਕੋਈ ਬੁੱਧੀਜੀਵੀ ਜਾਂ ਵਿਦਵਾਨ ਨਹੀਂ ; ਗੁਰੂ ਦੇ ਵਿਹੜੇ ਦਾ ਇੱਕ ਨਿਮਾਣਾ ਜਿਹਾ ਬੱਚਾ ਹਾਂ** : ਮੈਂ ਕੋਈ ਬੁੱਧੀਜੀਵੀ, ਫਿਲਾਸਫਰ ਜਾਂ ਧਰਮ ਦਾ ਬਹੁਤ ਵੱਡਾ ਗਿਆਤਾ ਹੋਣ ਦਾ ਦਾਅਵਾ ਨਹੀਂ ਕਰਦਾ। ਮੈਂ ਤਾਂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਵਾਜ਼ੇ 'ਤੇ ਬੈਠਾ ਇੱਕ ਅਦਨਾ ਜਿਹਾ ਸਿੱਖ ਹਾਂ ਜੋ ਸਿਰਫ਼ ਆਪਣੇ ਮਾਲਕ ਦੀ ਦਿੱਤੀ ਰੋਸ਼ਨੀ ਵਿੱਚ ਦੁਨੀਆਂ ਨੂੰ ਦੇਖਣ ਦੀ ਕੋਸ਼ਿਸ਼ ਕਰ ਰਿਹਾ ਹੈ। ਮੇਰੇ ਹਿਰਦੇ ਵਿੱਚ ਇੱਕ ਅਜੀਬ ਜਿਹੀ ਪੀੜ ਹੈ ਉਹ ਪੀੜ ਜੋ ਆਪਣੇ ਵਿਰਸੇ ਦੀ ਸ਼ਾਨ ਅਤੇ ਅਜੋਕੇ ਹਾਲਾਤਾਂ ਦੀ ਕੰਗਾਲੀ ਨੂੰ ਦੇਖ ਕੇ ਪੈਦਾ ਹੁੰਦੀ ਹੈ। ਇਹ ਲੇਖ ਲਿਖਣਾ ਮੇਰੀ ਕੋਈ ਮਜਬੂਰੀ ਨਹੀਂ ਸਗੋਂ ਮੇਰੀ ਜ਼ਮੀਰ ਦੀ ਉਹ ਆਵਾਜ਼ ਹੈ ਜਿਸ ਨੂੰ ਮੈਂ ਹੋਰ ਦਬਾ ਨਹੀਂ ਸਕਿਆ। ਅਸੀਂ ਜਿਸ ਗੌਰਵਮਈ ਵਿਰਸੇ ਦੇ ਵਾਰਿਸ ਹਾਂ। ਉਸ ਦਾ ਮਿਆਰ ਅਰਸ਼ਾਂ 'ਤੇ ਸੀ ਪਰ ਅੱਜ ਸਾਡੀ ਮਾਨਸਿਕਤਾ ਅਤੇ ਕਿਰਦਾਰ ਫਰਸ਼ਾਂ 'ਤੇ ਰੁਲ ਰਿਹਾ ਹੈ। ਇਹ ਇੱਕ ਨਿਮਾਣੀ ਜਿਹੀ ਪੁਕਾਰ ਹੈ, ਉਹਨਾਂ '**ਧਰਮ ਦੇ ਠੇਕੇਦਾਰਾਂ**' ਲਈ ਜਿਨ੍ਹਾਂ ਨੇ ਗੁਰੂ ਘਰਾਂ ਨੂੰ ਆਪਣੀਆਂ ਨਿੱਜੀ ਜਾਇਦਾਦਾਂ ਸਮਝ ਲਿਆ ਹੈ ਅਤੇ ਉਹਨਾਂ ਸਾਰੇ ਵੀਰਾਂ ਲਈ ਜੋ ਸਿੱਖੀ ਦਾ ਬਾਣਾ ਪਾ ਕੇ ਵੀ ਗੁਰੂ ਦੇ ਸਿਧਾਂਤਾਂ ਤੋਂ ਕੋਹਾਂ ਦੂਰ ਹਨ।

**ਖਾਲਸੇ ਦੀ ਨੀਂਹ; ਲਹੂ, ਕਸ਼ਟ ਅਤੇ ਬੇਮਿਸਾਲ ਕੁਰਬਾਨੀਆਂ ਦਾ ਸਮੁੰਦਰ** : ਖਾਲਸਾ ਪੰਥ ਦੀ ਸਿਰਜਣਾ ਕੋਈ ਇੱਕ ਦਿਨ ਦਾ ਚਮਤਕਾਰ ਨਹੀਂ ਸੀ ਸਗੋਂ ਇਹ 239 ਸਾਲਾਂ ਦੀ ਉਹ ਮਹਾਨ ਘਾਲਣਾ ਸੀ ਜਿਸ ਨੂੰ ਦਸ ਗੁਰੂ ਸਾਹਿਬਾਨਾਂ ਨੇ ਆਪਣੇ ਲਹੂ ਅਤੇ ਪਸੀਨੇ ਨਾਲ ਸਿੰਜਿਆ ਸੀ। ਸਾਨੂੰ ਇਹ '**ਸਿੰਘ**' ਅਤੇ '**ਕੌਰ**' ਦੇ ਲਕਬ ਮੁਫ਼ਤ ਵਿੱਚ ਨਹੀਂ ਮਿਲੇ। ਇਸ ਨੀਂਹ ਨੂੰ ਪੱਕਾ ਕਰਨ ਲਈ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਜੂਨ ਦੀ ਤਪਦੀ ਦੁਪਹਿਰ ਵਿੱਚ ਤੱਤੀਆਂ ਲੋਹਾਂ 'ਤੇ ਬੈਠ ਕੇ '**ਤੇਰਾ ਕੀਆ ਮੀਠਾ ਲਾਗੈ**' ਦਾ ਅਜਿਹਾ ਪਾਠ ਪੜ੍ਹਾਇਆ ਸੀ ਕਿ ਮੌਤ ਵੀ ਸ਼ਰਮਾ ਗਈ ਸੀ। ਦੇਗਾਂ ਵਿੱਚ ਉਬਲਦੇ ਹੋਏ ਸਰੀਰਾਂ ਨੇ ਸਾਨੂੰ ਦੱਸਿਆ ਸੀ ਕਿ ਗੁਰੂ ਦਾ ਸਿੱਖ ਕਦੇ ਵੀ ਅਕਾਲ ਪੁਰਖ ਦੇ ਭਾਣੇ ਅੱਗੇ ਸ਼ਿਕਵਾ ਨਹੀਂ ਕਰਦਾ।

ਫਿਰ ਦਿੱਲੀ ਦੇ ਚਾਂਦਨੀ ਚੌਕ ਵਿੱਚ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣਾ ਸੀਸ ਵਾਰ ਕੇ ਇਹ ਸਾਬਤ ਕੀਤਾ ਕਿ ਜੇਕਰ ਮਨੁੱਖਤਾ ਦੀ ਆਜ਼ਾਦੀ ਲਈ ਆਪਣੀ ਜਾਨ ਦੇਣੀ ਪਵੇ ਤਾਂ ਉਹ ਸਭ ਤੋਂ ਵੱਡਾ ਧਰਮ ਹੈ। ਜਦੋਂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਦੀ ਵਿਸਾਖੀ ਨੂੰ ਨੰਗੀ ਤਲਵਾਰ ਲਹਿਰਾਈ ਸੀ ਤਾਂ ਉਹ ਪੰਜ ਸਿਰ ਨਹੀਂ ਮੰਗ ਰਹੇ ਸਨ ਸਗੋਂ ਉਹ ਅਜਿਹੀ ਕੌਮ ਦੀ ਬੁਨਿਆਦ ਰੱਖ ਰਹੇ ਸਨ ਜੋ ਮੌਤ ਦੇ ਡਰ ਤੋਂ ਮੁਕਤ ਹੋਵੇ। ਭਾਈ ਮਨੀ ਸਿੰਘ ਜੀ ਦਾ ਬੰਦ-ਬੰਦ ਕੱਟਿਆ ਜਾਣਾ, ਭਾਈ ਤਾਰੂ ਸਿੰਘ ਜੀ ਦੀ ਖੋਪਰੀ ਉਤਾਰੀ ਜਾਣੀ, ਭਾਈ ਸੁਬੇਗ ਸਿੰਘ-ਸ਼ਾਹਬਾਜ਼ ਸਿੰਘ ਦਾ ਚਰਖੜੀਆਂ 'ਤੇ ਚੜ੍ਹਨਾ ਇਹ ਕੋਈ ਕਹਾਣੀਆਂ ਨਹੀਂ ਹਨ ਇਹ ਸਾਡਾ ਉਹ ਇਤਿਹਾਸ ਹੈ ਜਿਸ ਨੇ ਸਾਨੂੰ '**ਸਰਦਾਰ**' ਬਣਾਇਆ ਸੀ। ਛੋਟੇ ਸਾਹਿਬਜ਼ਾਦਿਆਂ ਦਾ ਨੀਹਾਂ ਵਿੱਚ ਚਿਣੇ ਜਾਣਾ ਸਾਡੀ ਉਹ ਅਣਖ ਹੈ ਜਿਸ ਦੀ ਮਿਸਾਲ ਦੁਨੀਆਂ ਦੇ ਕਿਸੇ ਹੋਰ ਇਤਿਹਾਸ ਵਿੱਚ ਨਹੀਂ ਮਿਲਦੀ। ਪਰ ਅੱਜ ਅਸੀਂ ਉਸ ਵਿਰਾਸਤ ਦੇ ਮੁੱਲ ਨੂੰ ਸਮਝਣ ਦੀ ਬਜਾਏ ਉਸ ਨੂੰ ਕੌਡੀਆਂ ਦੇ ਭਾਅ ਵੇਚ ਰਹੇ ਹਾਂ।

**ਅਜੋਕੀ ਗਿਰਾਵਟ; ਕੁਰਸੀਆਂ ਦੀ ਜੰਗ ਅਤੇ ਗੁਰੂ ਨਾਲ ਲਗਾਤਾਰ ਦ਼ਗਾ** : ਅੱਜ ਜਦੋਂ ਅਸੀਂ ਆਪਣੇ ਗੁਰਦੁਆਰਿਆਂ, ਸੰਸਥਾਵਾਂ ਅਤੇ ਰਾਜਨੀਤਿਕ ਢਾਂਚੇ ਵੱਲ ਦੇਖਦੇ ਹਾਂ ਤਾਂ ਸਿਰ ਸ਼ਰਮ ਨਾਲ ਝੁਕ ਜਾਂਦਾ ਹੈ। ਕੀ ਅਸੀਂ ਸੱਚਮੁੱਚ ਉਹਨਾਂ ਸ਼ਹੀਦਾਂ ਦੇ ਵਾਰਿਸ ਹਾਂ? ਅੱਜ ਸਾਡੀ ਕੌਮ ਦੇ ਅਹੁਦੇਦਾਰ ਆਪਣੀਆਂ ਕੁਰਸੀਆਂ ਬਚਾਉਣ ਲਈ ਗੁਰੂ ਦੇ ਅਸੂਲਾਂ ਦਾ ਦਿਨ-ਦਿਹਾੜੇ ਘਾਣ ਕਰ ਰਹੇ ਹਨ। ਜਿਨ੍ਹਾਂ ਨੇ ਕੌਮ ਨੂੰ ਸਹੀ ਮਾਰਗ ਦਿਖਾਉਣਾ ਸੀ ਉਹ ਆਪ ਹੀ ਸੱਤਾ ਅਤੇ ਪੈਸੇ ਦੇ ਅੰਨ੍ਹੇ ਲਾਲਚ ਵਿੱਚ ਗਰਕ ਚੁੱਕੇ ਹਨ। ਧਰਮ ਦੇ ਨਾਂ 'ਤੇ ਬਣੀਆਂ ਕਮੇਟੀਆਂ ਅੱਜ ਨਿੱਜੀ ਮੁਫ਼ਾਦਾਂ ਅਤੇ ਪਰਿਵਾਰਵਾਦ ਦਾ ਅੱਡਾ ਬਣ ਗਈਆਂ ਹਨ।

ਗੁਰੂ ਘਰ ਦੀ '**ਗੋਲਕ**' ਜੋ ਗਰੀਬ ਦਾ ਮੂੰਹ ਹੋਣੀ ਚਾਹੀਦੀ ਸੀ ਅੱਜ ਰਾਜਨੀਤਿਕ ਰੈਲੀਆਂ ਅਤੇ ਨਿੱਜੀ ਐਸ਼ੋ-ਆਰਾਮ ਲਈ ਵਰਤੀ ਜਾ ਰਹੀ ਹੈ। ਸਾਡੇ ਆਗੂਆਂ ਦੇ ਹਿਰਦਿਆਂ ਵਿੱਚੋਂ ਗੁਰੂ ਦਾ ਭੈਅ ਨਿਕਲ ਚੁੱਕਾ ਹੈ ਅਤੇ ਉਸ ਦੀ ਜਗ੍ਹਾ '**ਕੁਰਸੀ**' ਦੇ ਭੈਅ ਨੇ ਲੈ ਲਈ ਹੈ। ਉਹ ਗੁਰੂ ਨਾਲ ਦ਼ਗਾ ਕਮਾਉਣ ਵੇਲੇ ਇੱਕ ਪਲ ਲਈ ਵੀ ਨਹੀਂ ਸੋਚਦੇ ਕਿ ਉਹ ਕਿਸ ਦੇ ਦਰ 'ਤੇ ਗੱਦਾਰੀ ਕਰ ਰਹੇ ਹਨ। ਇਹ ਉਹ '**ਧਰਮ ਦੇ ਠੇਕੇਦਾਰ**' ਹਨ ਜੋ ਸਟੇਜਾਂ 'ਤੇ ਤਾਂ ਸਿੱਖੀ ਦੇ ਗੁਣਗਾਣ ਕਰਦੇ ਹਨ ਪਰ ਪਿੱਛੇ ਉਹਨਾਂ ਦੇ ਕਿਰਦਾਰ ਸਿੱਖੀ ਦੀਆਂ ਜੜ੍ਹਾਂ ਵੱਢਣ ਵਾਲੇ ਹੁੰਦੇ ਹਨ। ਅੱਜ ਅਹੁਦੇਦਾਰੀ ਦੀ ਯੋਗਤਾ '**ਗੁਰਮਤਿ ਦਾ ਗਿਆਨ**' ਨਹੀਂ ਸਗੋਂ '**ਰਾਜਨੀਤਿਕ ਚਲਾਕੀ**' ਬਣ ਗਈ ਹੈ।

**ਸਰਕਾਰੀ ਚਾਪਲੂਸੀ ਅਤੇ ਨਿਘਰਦੀ ਮਾਨਸਿਕਤਾ ਦਾ ਆਲਮ** : ਸਿੱਖ ਇਤਿਹਾਸ ਸਾਨੂੰ ਦੱਸਦਾ ਹੈ ਕਿ ਇੱਕ ਅਸਲੀ ਖਾਲਸਾ ਉਹ ਹੈ ਜੋ '**ਬਾਗ਼ੀ**' ਹੁੰਦਾ ਹੈ ਜ਼ੁਲਮ ਦੇ ਖਿਲਾਫ਼ ਬਾਗ਼ੀ ਕੂੜ ਦੇ ਖਿਲਾਫ਼ ਬਾਗ਼ੀ। ਪਰ ਅੱਜ ਸਾਡੇ ਕਈ ਵੱਡੇ ਆਗੂ ਅਤੇ ਅਖੌਤੀ ਪੰਥਕ ਰਹਿਨੁਮਾ ਸਰਕਾਰਾਂ ਦੀਆਂ ਬਰੂਹਾਂ 'ਤੇ ਨੱਕ ਰਗੜਦੇ ਨਜ਼ਰ ਆਉਂਦੇ ਹਨ। ਨਿੱਜੀ ਫਾਇਦਿਆਂ, ਪਲਾਟਾਂ, ਲਾਇਸੈਂਸਾਂ ਜਾਂ ਸਿਰਫ਼ ਇੱਕ '**ਵੀ.ਆਈ.ਪੀ.**' ਰੁਤਬੇ ਲਈ ਉਹ ਗੁਰੂ ਦੀ ਮਰਯਾਦਾ ਨੂੰ ਸਰਕਾਰੀ ਦਫ਼ਤਰਾਂ ਦੀਆਂ ਮੇਜ਼ਾਂ 'ਤੇ ਵੇਚ ਆਉਂਦੇ ਹਨ।

ਚਾਪਲੂਸੀ ਸਾਡੀ ਮਾਨਸਿਕਤਾ ਵਿੱਚ ਇਸ ਹੱਦ ਤੱਕ ਰਚ ਗਈ ਹੈ ਕਿ ਅਸੀਂ ਆਪਣੇ ਹੱਕਾਂ ਲਈ ਆਵਾਜ਼ ਉਠਾਉਣ ਦੀ ਬਜਾਏ ਹਕੂਮਤਾਂ ਦੀਆਂ ਜੁੱਤੀਆਂ ਸਾਫ਼ ਕਰਨ ਨੂੰ ਆਪਣੀ ਕਾਮਯਾਬੀ ਸਮਝਣ ਲੱਗ ਪਏ ਹਾਂ। ਜਿਸ ਖਾਲਸੇ ਨੇ ਮੁਗ਼ਲਾਂ ਅਤੇ ਅੰਗਰੇਜ਼ਾਂ ਦੀਆਂ ਅੱਖਾਂ ਵਿੱਚ ਅੱਖਾਂ ਪਾ ਕੇ '**ਰਾਜ ਕਰੇਗਾ ਖਾਲਸਾ**' ਦਾ ਨਾਅਰਾ ਮਾਰਿਆ ਸੀ ਉਹ ਅੱਜ ਸਰਕਾਰੀ ਏਜੰਸੀਆਂ ਦੇ ਇਸ਼ਾਰਿਆਂ 'ਤੇ ਨੱਚ ਰਿਹਾ ਹੈ। ਇਹ ਸਾਡੇ ਕਿਰਦਾਰ ਦੀ ਉਹ ਨਿਘਰਦੀ ਹਾਲਤ ਹੈ ਜਿਸ ਬਾਰੇ ਸੋਚ ਕੇ ਇਤਿਹਾਸ ਦੇ ਸ਼ਹੀਦਾਂ ਦੀਆਂ ਰੂਹਾਂ ਵੀ ਤੜਫਦੀਆਂ ਹੋਣਗੀਆਂ। ਅਸੀਂ ਭੁੱਲ ਗਏ ਹਾਂ ਕਿ ਸਿੱਖੀ '**ਸਰਦਾਰੀ**' ਦਾ ਨਾਂ ਹੈ, '**ਗੁਲਾਮੀ**' ਜਾਂ '**ਚਾਪਲੂਸੀ**' ਦਾ ਨਹੀਂ।

**ਕੌਮ ਦੀ ਅੰਦਰੂਨੀ ਫੁੱਟ; ਦੁਸ਼ਮਣ ਦੀ ਸਭ ਤੋਂ ਵੱਡੀ ਜਿੱਤ** : ਅੱਜ ਸਿੱਖ ਕੌਮ ਜਿਸ ਫੁੱਟ ਦੇ ਹਨ੍ਹੇਰੇ ਵਿੱਚ ਗੁਆਚੀ ਹੋਈ ਹੈ ਉਹ ਸਾਡੀ ਸਭ ਤੋਂ ਵੱਡੀ ਨਾਕਾਮੀ ਹੈ। ਅਸੀਂ ਡੇਰਿਆਂ, ਟਕਸਾਲਾਂ, ਜਥੇਬੰਦੀਆਂ, ਜਾਤਾਂ ਅਤੇ ਗੋਤਾਂ ਵਿੱਚ ਵੰਡੇ ਜਾ ਚੁੱਕੇ ਹਾਂ। ਇੱਕ ਸਿੰਘ ਦੂਜੇ ਸਿੰਘ ਨੂੰ ਨੀਵਾਂ ਦਿਖਾਉਣ ਲਈ ਕਿਸੇ ਵੀ ਹੱਦ ਤੱਕ ਜਾ ਸਕਦਾ ਹੈ। ਅਸੀਂ '**ਸ਼ਬਦ ਗੁਰੂ**' ਨੂੰ ਤਾਂ ਮੰਨਦੇ ਹਾਂ ਪਰ ਗੁਰੂ ਦੇ ਸ਼ਬਦ ਨੂੰ ਕਮਾਉਣਾ ਭੁੱਲ ਗਏ ਹਾਂ। ਸਾਡੀ ਇਸੇ ਫੁੱਟ ਦਾ ਫਾਇਦਾ ਬਾਹਰੀ ਤਾਕਤਾਂ ਬਹੁਤ ਚਲਾਕੀ ਨਾਲ ਉਠਾ ਰਹੀਆਂ ਹਨ। ਉਹ ਸਾਨੂੰ ਆਪਸ ਵਿੱਚ ਲੜਾ ਕੇ ਤਮਾਸ਼ਾ ਦੇਖਦੀਆਂ ਹਨ ਅਤੇ ਅਸੀਂ ਆਪਣੀ ਸਾਰੀ ਸ਼ਕਤੀ ਗੁਰੂ ਦੇ ਮਾਰਗ 'ਤੇ ਚੱਲਣ ਦੀ ਬਜਾਏ ਇੱਕ-ਦੂਜੇ ਦੇ ਖਿਲਾਫ਼ ਵਰਤ ਰਹੇ ਹਾਂ। ਜਦੋਂ ਤੱਕ ਸਾਡੇ ਅੰਦਰ '**ਹੰਉਮੈ**' ਅਤੇ '**ਮੇਰ-ਤੇਰ**' ਰਹੇਗੀ, ਅਸੀਂ ਕਦੇ ਵੀ ਇਕੱਠੇ ਨਹੀਂ ਹੋ ਸਕਦੇ। ਅਸੀਂ ਇਹ ਭੁੱਲ ਗਏ ਹਾਂ ਕਿ ਦੁਸ਼ਮਣ ਸਾਨੂੰ ਮਾਰਨ ਦੀ ਲੋੜ ਨਹੀਂ ਸਮਝਦਾ ਉਹ ਸਾਨੂੰ ਆਪਸ ਵਿੱਚ ਲੜਾ ਕੇ ਹੀ ਖਤਮ ਕਰ ਰਿਹਾ ਹੈ। ਜਿੰਨੀ ਦੇਰ ਅਸੀਂ ਇੱਕ ਨਿਸ਼ਾਨ ਸਾਹਿਬ ਹੇਠ ਇਕੱਠੇ ਨਹੀਂ ਹੁੰਦੇ ਸਾਡੀ ਆਵਾਜ਼ ਦੁਨੀਆਂ ਵਿੱਚ ਕਿਤੇ ਵੀ ਨਹੀਂ ਸੁਣੀ ਜਾਵੇਗੀ।

**ਸੱਚੇ ਭਰੋਸੇ ਦੀ ਲੋੜ; ਗੁਰੂ ਵੱਲ ਵਾਪਸੀ ਦਾ ਪਵਿੱਤਰ ਹੋਕਾ** : ਮੇਰਾ ਇਹ '**ਹਾਅ ਦਾ ਨਾਅਰਾ**' ਕੋਈ ਨਫ਼ਰਤ ਫੈਲਾਉਣ ਵਾਲਾ ਭਾਸ਼ਣ ਨਹੀਂ ਹੈ ਸਗੋਂ ਇਹ ਆਪਣੇ ਘਰ ਨੂੰ ਸੰਭਾਲਣ ਦੀ ਇੱਕ ਬੇਨਤੀ ਹੈ। ਸਾਨੂੰ ਕਿਸੇ ਰਾਜਨੀਤਿਕ ਪਾਰਟੀ ਜਾਂ ਕਿਸੇ '**ਮਸੀਹੇ**' ਦੀ ਉਡੀਕ ਕਰਨ ਦੀ ਲੋੜ ਨਹੀਂ ਹੈ। ਸਾਨੂੰ ਆਪਣੇ ਅੰਦਰ ਦੇ ਸਿੱਖ ਨੂੰ ਜਗਾਉਣਾ ਪਵੇਗਾ। ਸਾਨੂੰ ਇਹ ਸਮਝਣਾ ਪਵੇਗਾ ਕਿ ਗੁਰੂ ਘਰਾਂ ਦਾ ਪ੍ਰਬੰਧ ਰਾਜਨੀਤਿਕ ਬੰਦਿਆਂ ਦੀ ਬਜਾਏ ਉਹਨਾਂ ਗੁਰਸਿੱਖਾਂ ਦੇ ਹੱਥ ਵਿੱਚ ਹੋਣਾ ਚਾਹੀਦਾ ਹੈ ਜਿਨ੍ਹਾਂ ਦੇ ਹਿਰਦੇ ਵਿੱਚ ਗੁਰੂ ਦਾ ਭੈਅ ਅਤੇ ਭਰੋਸਾ ਹੋਵੇ।

ਸਾਨੂੰ ਸਰਕਾਰਾਂ ਦੀਆਂ ਬਰੂਹਾਂ ਛੱਡ ਕੇ ਮੁੜ ਤੋਂ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਰਨਾਂ ਵਿੱਚ ਬੈਠਣਾ ਪਵੇਗਾ। ਸਾਨੂੰ ਅਜਿਹੇ ਨੌਜਵਾਨਾਂ ਅਤੇ ਬਜ਼ੁਰਗਾਂ ਦੀ ਲੋੜ ਹੈ ਜੋ ਆਪਣੀ ਜ਼ਮੀਰ ਨੂੰ ਕੁਰਸੀਆਂ ਜਾਂ ਪੈਸਿਆਂ ਲਈ ਨਾ ਵੇਚਣ। ਸਾਨੂੰ '**ਭਰੋਸੇ**' ਵਾਲੇ ਉਹਨਾਂ ਸੱਚੇ ਇਨਸਾਨਾਂ ਦੀ ਲੋੜ ਹੈ ਜੋ ਗੁਰੂ ਦੀ ਗੱਲ ਨੂੰ ਹਕੂਮਤ ਦੀ ਗੱਲ ਤੋਂ ਉੱਪਰ ਰੱਖ ਸਕਣ। ਜਦੋਂ ਤੱਕ ਅਸੀਂ ਆਪਣੇ ਨਿੱਜੀ ਸਵਾਰਥਾਂ ਨੂੰ ਗੁਰੂ ਦੇ ਸਿਧਾਂਤਾਂ 'ਤੇ ਕੁਰਬਾਨ ਨਹੀਂ ਕਰਦ, ਅਸੀਂ ਨਿਘਾਰ ਵੱਲ ਹੀ ਜਾਵਾਂਗੇ।

**ਜਾਗਣ ਦਾ ਅੰਤਿਮ ਵੇਲਾ ਅਤੇ ਇੱਕ ਨਿਮਾਣੀ ਪੁਕਾਰ** : ਅਖੀਰ ਵਿੱਚ ਮੈਂ ਇਹੀ ਕਹਾਂਗਾ ਕਿ ਇਹ ਲੇਖ ਇੱਕ ਸਿੱਖ ਬੱਚੇ ਦੀ ਉਹ ਚੀਕ ਹੈ ਜੋ ਆਪਣੇ ਉੱਜੜ ਰਹੇ ਬਾਗ਼ ਨੂੰ ਦੇਖ ਕੇ ਨਿਕਲੀ ਹੈ। ਜੇਕਰ ਅਸੀਂ ਅੱਜ ਵੀ ਨਾ ਜਾਗੇ ਜੇਕਰ ਅਸੀਂ ਅੱਜ ਵੀ ਉਹਨਾਂ '**ਧਰਮ ਦੇ ਠੇਕੇਦਾਰਾਂ**' ਦੀਆਂ ਚਾਲਾਂ ਅਤੇ ਸਰਕਾਰੀ ਚਾਪਲੂਸੀ ਦੇ ਜਾਲ ਨੂੰ ਨਾ ਸਮਝਿਆ ਤਾਂ ਇਤਿਹਾਸ ਸਾਨੂੰ ਕਦੇ ਮੁਆਫ਼ ਨਹੀਂ ਕਰੇਗਾ। ਆਓ ਇਸ ਖਾਲਸਾ ਸਾਜਨਾ ਦਿਵਸ 'ਤੇ ਅਸੀਂ ਸਿਰਫ਼ ਦਿਖਾਵੇ ਦੀਆਂ ਵਧਾਈਆਂ ਨਾ ਦੇਈਏ ਸਗੋਂ ਆਪਣੇ ਅੰਦਰ ਝਾਤ ਮਾਰੀਏ।

ਗੁਰੂ ਤੋਂ ਡਰੀਏ, ਮਨੁੱਖਤਾ ਨਾਲ ਪਿਆਰ ਕਰੀਏ ਅਤੇ ਚਾਪਲੂਸੀ ਦੀ ਗੁਲਾਮੀ ਨੂੰ ਲੱਤ ਮਾਰ ਕੇ ਮੁੜ ਤੋਂ ਉਸੇ ਅਣਖੀ ਖਾਲਸਾ ਮਿਆਰ ਨੂੰ ਸਥਾਪਿਤ ਕਰੀਏ ਜਿਸ ਦੀ ਖ਼ਾਤਰ ਦਸਵੇਂ ਪਾਤਸ਼ਾਹ ਨੇ ਆਪਣਾ '**ਸਰਬੰਸ**' ਵਾਰ ਦਿੱਤਾ ਸੀ। ਸਾਨੂੰ ਕਿਸੇ ਹੋਰ ਮਾਰਗਦਰਸ਼ਨ ਦੀ ਲੋੜ ਨਹੀਂ ਸਾਡੇ ਕੋਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਜਿਉਂਦੀ-ਜਾਗਦੀ ਜੋਤਿ ਹੈ। ਆਓ, ਉਹਨਾਂ ਦੇ ਲੜ ਲੱਗੀਏ ਅਤੇ ਇੱਕ ਸੱਚੇ, ਸੁੱਚੇ ਅਤੇ ਨਿਰਭਉ ਇਨਸਾਨ ਵਾਂਗ ਕੌਮ ਦੀ ਸੇਵਾ ਕਰੀਏ।

**'ਖਾਲਸਾ ਮੇਰੋ ਰੂਪ ਹੈ ਖਾਸ ॥ ਖਾਲਸੇ ਮਹਿ ਹੌ ਕਰੌ ਨਿਵਾਸ ॥'**

ਗੁਰੂ ਸਾਹਿਬ ਨੇ ਕਿਹਾ ਸੀ ਕਿ ਉਹ ਖਾਲਸੇ ਵਿੱਚ ਨਿਵਾਸ ਕਰਦੇ ਹਨ। ਪਰ ਸਵਾਲ ਇਹ ਹੈ ਕਿ ਕੀ ਸਾਡੇ ਕਿਰਦਾਰ ਇੰਨੇ ਸੁੱਚੇ ਹਨ ਕਿ ਗੁਰੂ ਸਾਹਿਬ ਸਾਡੇ ਅੰਦਰ ਨਿਵਾਸ ਕਰ ਸਕਣ? ਇਸ ਸਵਾਲ ਦਾ ਜਵਾਬ ਸਾਨੂੰ ਅੱਜ ਆਪਣੇ ਅੰਦਰੋਂ ਲੱਭਣਾ ਹੀ ਪਵੇਗਾ। ਇਹੋ ਸੱਚਾ '**ਹਾਅ ਦਾ ਨਾਅਰਾ**' ਹੈ।

## ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਅਤੇ ਬੇਅਦਬੀ ਵਿਰੋਧੀ ਕਾਨੂੰਨ- 2026

# ਧਾਰਮਿਕ ਬੇਅਦਬੀ ਲਈ ਇੱਕ ਸੱਚੀ ਪਹਿਲ ਜਾਂ ਸਿਆਸੀ ਏਜੰਡਾ ?



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਕੱਲ੍ਹ, 13 ਅਪ੍ਰੈਲ 2026 ਨੂੰ ਵਿਸਾਖੀ ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਦਿਹਾੜੇ ਤੇ ਪੰਜਾਬ ਵਿਧਾਨ ਸਭਾ ਦਾ ਇੱਕ ਵਿਸ਼ੇਸ਼ ਇਜਲਾਸ ਬੁਲਾਇਆ ਗਿਆ। ਇਸ ਇਜਲਾਸ ਦਾ ਮੁੱਖ ਉਦੇਸ਼ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿਲ, 2026 ਨੂੰ ਪਾਸ ਕਰਨਾ, ਜੋ ਗੁਰੂ ਗ੍ਰੰਥ ਸਾਹਿਬ ਜੀ ਦੀ ਬੇ ਅਦਬੀ (ਬੇ ਅਦਬੀ) ਵਾਲੀਆਂ ਘਟਨਾਵਾਂ ਨੂੰ ਰੋਕਣ ਲਈ ਸਖਤ ਕਾਨੂੰਨੀ ਪ੍ਰਬੰਧ ਲਿਆਉਂਦਾ ਹੈ। ਇਸ ਬਿਲ ਵਿਚ ਬੇ ਅਦਬੀ ਲਈ ਘੱਟੋ-ਘੱਟ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਅਤੇ 5 ਲੱਖ ਤੋਂ 25 ਲੱਖ ਰੁਪਏ ਤੱਕ ਜੁਰਮਾਨਾ ਰੱਖਿਆ ਗਿਆ ਹੈ। ਇਸ ਤੋਂ ਇਲਾਵਾ, ਮਾਨਸਿਕ ਬਿਮਾਰੀ ਨੂੰ ਬਚਾਅ ਵਜੋਂ ਵਰਤਣ ਤੋਂ ਰੋਕਿਆ ਗਿਆ ਹੈ ਅਤੇ ਛੜਯੰਤਰ ਰਾਹੀਂ ਬੇਅਦਬੀ ਕਰਵਾਉਣ ਵਾਲਿਆਂ ਲਈ ਵੀ ਸਖ਼ਤ ਪ੍ਰਬੰਧ ਹਨ। ਇਸ ਵਿਸ਼ੇਸ਼ ਇਜਲਾਸ ਦਾ ਐਲਾਨ ਪਿਛਲੇ ਮਹੀਨਿਆਂ ਵਿਚ ਹੀ ਹੋ ਚੁੱਕਾ ਸੀ ਅਤੇ ਇਸ ਨੂੰ ਵਿਸਾਖੀ ਨਾਲ ਜੋੜ ਕੇ ਖਾਸ ਮਹੱਤਵ ਦਿੱਤਾ ਗਿਆ ਹੈ। ਮੁੱਖ ਮੰਤਰੀ ਨੇ ਇਸ ਨੂੰ ਧਾਰਮਿਕ ਭਾਵਨਾਵਾਂ ਦੀ ਰਾਖੀ ਅਤੇ ਸਮਾਜਿਕ ਸਦਭਾਵਨਾ ਬਣਾਈ ਰੱਖਣ ਵਾਲਾ ਕਦਮ ਦੱਸਿਆ ਹੈ। ਉਨ੍ਹਾਂ ਅਨੁਸਾਰ, ਪਿਛਲੀਆਂ ਘਟਨਾਵਾਂ ਨੇ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ ਅਤੇ ਭਾਰਤੀ ਨਿਆਇ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 298, 299 ਅਤੇ 300 ਇਸ ਲਈ ਕਾਫੀ ਸਖ਼ਤ ਨਹੀਂ ਹਨ। ਇਸ ਲਈ ਸਖ਼ਤ ਸਜ਼ਾ ਲਿਆਉਣੀ ਜ਼ਰੂਰੀ ਹੈ ਤਾਂ ਜੋ ਬੇਅਦਬੀ ਵਰਗੀਆਂ ਘਟਨਾਵਾਂ ਘੱਟ ਹੋਣ ਅਤੇ ਪੰਜਾਬ ਵਿਚ ਸ਼ਾਂਤੀ ਬਣੀ ਰਹੇ। ਅੱਜ ਵਿਰੋਧੀ ਧਿਰਾਂ, ਖਾਸ ਕਰਕੇ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ, ਨੇ ਇਸ ਇਜਲਾਸ ਅਤੇ ਬਿਲ 'ਤੇ ਸਵਾਲ ਉਠਾਏ ਹਨ। ਉਨ੍ਹਾਂ ਦਾ ਦੋਸ਼ ਹੈ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਚਾਰ ਸਾਲ ਤੋਂ ਉੱਪਰ ਸੱਤਾ ਵਿਚ ਹੋਣ ਦੇ ਬਾਵਜੂਦ ਪੁਰਾਣੀਆਂ ਬੇਅਦਬੀ ਘਟਨਾਵਾਂ (ਜਿਵੇਂ 2015 ਵਾਲੀਆਂ) ਵਿਚ ਦੋਸ਼ੀਆਂ ਨੂੰ ਸਜ਼ਾ ਨਹੀਂ ਦਿਵਾ ਸਕੀ। ਇਸ ਲਈ ਇਹ ਵਿਸ਼ੇਸ਼ ਇਜਲਾਸ ਇੱਕ ਰਾਜਨੀਤਿਕ ਡਾਇਵਰਸ਼ਨ ਹੈ, ਜਿਸ ਨਾਲ ਲੋਕਾਂ ਦਾ ਧਿਆਨ ਆਪਣੀਆਂ ਅਸਫਲਤਾਵਾਂ ਤੋਂ ਹਟਾਇਆ ਜਾ ਰਿਹਾ ਹੈ। ਵਿਰੋਧੀ ਆਗੂਆਂ ਨੇ ਬਿਲ ਵਿਚ ਦਰਜਨਾਂ ਗਲਤੀਆਂ ਵੀ ਇਸ਼ਾਰਾ ਕੀਤੀਆਂ ਹਨ ਅਤੇ ਪੁੱਛਿਆ ਹੈ ਕਿ ਪਿਛਲੇ ਸਾਲਾਂ ਵਿਚ ਵੀ ਵਿਸ਼ੇਸ਼ ਇਜਲਾਸ ਬੁਲਾਏ ਗਏ ਸਨ, ਤਾਂ ਫਿਰ ਇਸ ਵਾਰ ਵਿਸਾਖੀ 'ਤੇ ਖਾਸ ਤੌਰ 'ਤੇ ਇਸ ਦੀ ਕੀ ਲੋੜ ਸੀ?

ਅੱਜ ਇਸ ਵਿਸ਼ੇਸ਼ ਇਜਲਾਸ, ਬਿੱਲ ਦੀਆਂ ਵਿਸ਼ੇਸ਼ਤਾਵਾਂ, ਵਿਧਾਨ ਸਭਾ ਵਿਚ ਹੋਈ ਬਹਿਸ, ਰਾਜਨੀਤਿਕ ਏਜੰਡੇ ਅਤੇ ਧਾਰਮਿਕ ਬੇ ਅਦਬੀ ਲਈ ਇਸ ਨੂੰ ਇੱਕ ਸੱਚੀ ਪਹਿਲ ਵਜੋਂ ਵੇਖਣ ਬਾਰੇ ਵਿਸਥਾਰ ਨਾਲ ਚਰਚਾ ਕਰਦਿਆਂ ਇਸ ਤੋਂ ਇਲਾਵਾ, ਆਉਣ ਵਾਲੇ ਦਿਨਾਂ ਵਿਚ ਇਸ ਦੇ ਸੰਭਾਵਿਤ ਪ੍ਰਭਾਵ ਅਤੇ ਭਵਿੱਖੀ ਰਾਜਨੀਤਿਕ ਅਜੰਡੇ 'ਤੇ ਵੀ ਚਾਨਣਾ ਪਾਉਣ ਦੀ ਕੋਸ਼ਿਸ਼ ਕਰਾਂਗੇ। ਇਹ ਵਿਸ਼ਲੇਸ਼ਣ ਤੱਥਾਂ, ਵੱਖ-ਵੱਖ ਪਾਰਟੀਆਂ ਦੀਆਂ ਥੀਸਿਸ ਅਤੇ ਪੰਜਾਬੀ ਸਮਾਜ ਦੀਆਂ ਭਾਵਨਾਵਾਂ ਨੂੰ ਧਿਆਨ ਵਿਚ ਰੱਖ ਕੇ ਕੀਤਾ ਗਿਆ ਹੈ। ਅੱਜ ਬੇਅਦਬੀ ਘਟਨਾਵਾਂ ਦਾ ਇਤਿਹਾਸ ਅਤੇ ਪੰਜਾਬ ਵਿਚ ਇਸ ਦਾ ਰਾਜਨੀਤਿਕ ਮਹੱਤਵਪੰਜਾਬ ਵਿਚ ਬੇ ਅਦਬੀ ਵਾਲੀਆਂ ਘਟਨਾਵਾਂ ਨਵੀਆਂ ਨਹੀਂ ਹਨ। 2015 ਵਿਚ ਫਰੀਦਕੋਟ ਅਤੇ ਬਰਗਾੜੀ ਵਿਚ ਬੇਅਦਬੀ ਦੀਆਂ ਘਟਨਾਵਾਂ ਨੇ ਪੂਰੇ ਸੂਬੇ ਨੂੰ ਹਿਲਾ ਦਿੱਤਾ ਸੀ। ਇਸ ਤੋਂ ਬਾਅਦ ਵਿਰੋਧ ਪ੍ਰਦਰਸ਼ਨ ਹੋਏ, ਪੁਲਿਸ ਫਾਇਰਿੰਗ ਵਿਚ ਲੋਕ ਮਾਰੇ ਗਏ ਅਤੇ ਇਸ ਨੇ ਰਾਜਨੀਤੀ ਨੂੰ ਵੀ ਬਦਲ ਦਿੱਤਾ। ਤਦ ਤੋਂ ਬੇ ਅਦਬੀ ਇੱਕ ਸੰਵੇਦਨਸ਼ੀਲ ਧਾਰਮਿਕ ਅਤੇ ਰਾਜਨੀਤਿਕ ਮੁੱਦਾ ਬਣਿਆ ਹੋਇਆ ਹੈ। ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੇ 2016 ਵਿਚ ਇੱਕ ਬਿਲ ਲਿਆਂਦਾ ਸੀ, ਜਿਸ ਵਿਚ ਗੁਰੂ ਗ੍ਰੰਥ ਸਾਹਿਬ ਲਈ ਉਮਰ ਕੈਦ ਦੀ ਸਜ਼ਾ ਪ੍ਰਸਤਾਵਿਤ ਕੀਤੀ ਗਈ ਸੀ, ਪਰ ਉਸ ਤੋਂ ਬਾਅਦ ਇਸ ਨੂੰ ਸਾਰੀਆਂ ਧਰਮ ਗ੍ਰੰਥਾਂ ਲਈ ਵਿਸਥਾਰਿਤ ਕੀਤਾ ਗਿਆ। ਉਸ ਬਿਲ ਨੂੰ ਰਾਸ਼ਟਰਪਤੀ ਦੀ ਮਨਜ਼ੂਰੀ ਨਹੀਂ ਮਿਲੀ। ਆਪ ਸਰਕਾਰ ਆਉਣ ਤੋਂ ਬਾਅਦ ਵੀ ਇਸ ਮੁੱਦੇ 'ਤੇ ਚਰਚਾ ਚੱਲਦੀ ਰਹੀ ਹੈ। 2025 ਵਿਚ ਵੀ ਇੱਕ ਵਿਆਪਕ ਬਿਲ ਪੰਜਾਬ ਪ੍ਰੀਵੈਨਸ਼ਨ ਆਫ ਆਫੈਂਸਿਜ ਅਗੇਂਸਟ ਹੋਲੀ ਸਕ੍ਰਿਪਚਰਜ ਬਿਲ ਲਿਆਂਦਾ ਗਿਆ ਸੀ, ਜਿਸ ਨੂੰ ਸਿਲੈਕਟ ਕਮੇਟੀ ਨੂੰ ਭੇਜਿਆ ਗਿਆ ਸੀ। ਹੁਣ 2026 ਵਿਚ ਇਸ ਨੂੰ ਖਾਸ ਤੌਰ 'ਤੇ ਗੁਰੂ ਗ੍ਰੰਥ ਸਾਹਿਬ ਲਈ ਫੋਕਸ ਕਰਕੇ ਸੋਧਿਆ ਗਿਆ ਹੈ। ਪਿਛਲੀਆਂ ਘਟਨਾਵਾਂ ਵਿਚ ਸੈਂਕੜੇ ਮਾਮਲੇ ਦਰਜ ਹੋਏ ਹਨ ਅਤੇ ਲੋਕਾਂ ਵਿਚ ਇੱਕ ਭਾਵਨਾ ਹੈ ਕਿ ਬੇਅਦਬੀ ਨੂੰ ਰੋਕਣ ਲਈ ਸਖਤ ਕਾਨੂੰਨੀ ਢਾਂਚਾ ਲੋੜੀਂਦਾ ਹੈ, ਪਰ ਇਸ ਇਤਿਹਾਸ ਵਿਚ ਰਾਜਨੀਤੀ ਵੀ ਗੂੰਜਦੀ ਹੈ। ਹਰ ਸਰਕਾਰ ਨੇ ਇਸ ਮੁੱਦੇ ਨੂੰ ਆਪਣੇ ਫਾਇਦੇ ਲਈ ਵਰਤਣ ਦੀ ਕੋਸ਼ਿਸ਼ ਕੀਤੀ ਹੈ। ਕੁੱਝ ਨੇ ਇਸ ਨੂੰ ਸਿੱਖ ਵੋਟ ਬੈਂਕ ਲਈ ਵਰਤਿਆ, ਕਾਂਗਰਸ ਨੇ ਵੀ ਆਪਣੀ ਰਾਜਨੀਤੀ ਵਿਚ ਇਸ ਦਾ ਇਸਤੇਮਾਲ ਕੀਤਾ ਅਤੇ ਹੁਣ ਆਪ ਵੀ ਇਸ ਰਾਹੀਂ ਆਪਣੀਆਂ ਅਸਫਲਤਾਵਾਂ ਤੋਂ ਧਿਆਨ ਹਟਾਉਣ ਦੀ ਕੋਸ਼ਿਸ਼ ਕਰ ਰਹੀ ਹੈ ਤਾਂ ਜੋ 2027 ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਧਾਰਮਿਕ ਭਾਵਨਾਵਾਂ ਨੂੰ ਛੂਹਿਆ ਜਾ ਸਕੇ।

ਅੱਜ ਬਿਲ 2026 ਦੀਆਂ ਮੁੱਖ ਵਿਸ਼ੇਸ਼ਤਾਵਾਂ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿਲ, 2026 ਵਿਚ ਕਈ ਮਹੱਤਵਪੂਰਨ ਪ੍ਰਬੰਧ ਹਨ।

ਅੱਜ ਸਜ਼ਾ ਦੀ ਰੇਂਜ ਵਿੱਚ ਬੇਅਦਬੀ ਲਈ ਘੱਟੋ-ਘੱਟ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ। ਇਸ ਤੋਂ ਇਲਾਵਾ 5 ਲੱਖ ਤੋਂ 25 ਲੱਖ ਰੁਪਏ ਤੱਕ ਜੁਰਮਾਨਾ। ਛੜਯੰਤਰ ਵਾਲੇ ਮਾਮਲੇ ਜੇਕਰ ਕੋਈ ਵਿਅਕਤੀ ਮਾਨਸਿਕ ਤੌਰ 'ਤੇ ਅਸਥਿਰ ਵਿਅਕਤੀ ਰਾਹੀਂ ਬੇਅਦਬੀ ਕਰਵਾਉਂਦਾ ਹੈ ਤਾਂ ਉਸ ਲਈ ਵੀ ਸਖਤ ਸਜ਼ਾ ਅਤੇ ਮਾਨਸਿਕ ਬਿਮਾਰੀ ਬਚਾਅ ਨਹੀਂ ਹੈ। ਇਸ ਬਿਲ ਵਿਚ ਮਾਨਸਿਕ ਬਿਮਾਰੀ ਨੂੰ ਬਚਾਅ ਵਜੋਂ ਵਰਤਣ ਤੋਂ ਰੋਕਿਆ ਗਿਆ ਹੈ, ਤਾਂ ਜੋ ਲੋਕ ਇਸ ਦਾ ਗਲਤ ਫਾਇਦਾ ਨਾ ਉਠਾਉਣ ਅਤੇ ਜਾਂਚ ਲੈਵਲ ਡੀਐੱਸਪੀ ਲੈਵਲ ਤੋਂ ਉੱਪਰ ਦੀ ਜਾਂਚ ਲਈ ਪ੍ਰਬੰਧ ਹੈ।

ਹੁਣ ਗੁਰੂ ਗ੍ਰੰਥ ਸਾਹਿਬ 'ਤੇ ਫੋਕਸ ਕੀਤਾ ਹੈ। ਇਹ ਬਿਲ ਖਾਸ ਤੌਰ 'ਤੇ ਗੁਰੂ ਗ੍ਰੰਥ ਸਾਹਿਬ ਜੀ ਲਈ ਹੈ, ਹਾਲਾਂਕਿ ਪਿਛਲੀਆਂ ਚਰਚਾਵਾਂ ਵਿਚ ਸਾਰੀਆਂ ਧਰਮ ਗ੍ਰੰਥਾਂ (ਗੀਤਾ, ਬਾਈਬਲ, ਕੁਰਾਨ) ਨੂੰ ਵੀ ਸ਼ਾਮਲ ਕਰਨ ਦੀ ਗੱਲ ਹੋਈ ਸੀ। ਇਸ ਵਾਰ ਇਸ ਨੂੰ ਇੱਕ ਧਰਮ ਤੱਕ ਸੀਮਤ ਰੱਖਿਆ ਗਿਆ ਹੈ। ਅੱਜ ਇਹ ਵਿਸ਼ੇਸ਼ਤਾਵਾਂ ਬੇਅਦਬੀ ਨੂੰ ਰੋਕਣ ਲਈ ਇੱਕ ਮਜ਼ਬੂਤ ਡਿਟਰੈਂਟ (ਡਰਾਉਣ ਵਾਲਾ) ਬਣਾਉਂਦੀਆਂ ਹਨ। ਸਰਕਾਰ ਦਾ ਦਾਅਵਾ ਹੈ ਕਿ ਇਸ ਨਾਲ ਲੋਕਾਂ ਵਿਚ ਡਰ ਪੈਦਾ ਹੋਵੇਗਾ ਅਤੇ ਇਸ ਤਰ੍ਹਾਂ ਦੀਆਂ ਘਟਨਾਵਾਂ ਘੱਟ ਹੋਣਗੀਆਂ। ਪਰ ਵਿਰੋਧੀਆਂ ਨੇ ਇਸ ਵਿਚ ਗਲਤੀਆਂ ਦੱਸੀਆਂ ਹਨ, ਜਿਵੇਂ ਬਿਲ ਵਿਚ ਬੇਅਦਬੀ ਦੀ ਪਰਿਭਾਸ਼ਾ ਸਪੱਸ਼ਟ ਨਾ ਹੋਣਾ, ਮਿਸਯੂਜ਼ ਦਾ ਖਤਰਾ ਅਤੇ ਸਾਰੀਆਂ ਧਰਮਾਂ ਨੂੰ ਸ਼ਾਮਲ ਨਾ ਕਰਨਾ। ਲੀਡਰ ਆਫ ਆਪੋਜ਼ੀਸ਼ਨ ਨੇ ਬਿਲ ਦਾ ਸਮਰਥਨ ਕੀਤਾ ਪਰ ਪੁਰਾਣੀਆਂ ਘਟਨਾਵਾਂ ਵਿਚ ਨਿਆਂ ਦੀ ਮੰਗ ਵੀ ਕੀਤੀ ਅਤੇ 2025 ਵਾਲੇ ਬਿਲ ਦੀ ਰਿਪੋਰਟ ਟੇਬਲ ਕਰਨ ਲਈ ਕਿਹਾ।

ਪੰਜਾਬ ਵਿਧਾਨ ਸਭਾ ਵਿਚ ਬਹਿਸ ਤੋਂ ਬਾਅਦ ਬਿਲ ਨੂੰ ਯੂਨਾਨੀਮਸ (ਸਰਵਸੰਮਤੀ ਨਾਲ) ਪਾਸ ਕੀਤਾ ਗਿਆ ਹੈ, ਜੋ ਦਰਸਾਉਂਦਾ ਹੈ ਕਿ ਧਾਰਮਿਕ ਮੁੱਦਿਆਂ ਤੇ ਪਾਰਟੀਆਂ ਵਿਚਾਲੇ ਏਕਤਾ ਵੀ ਦਿਖਾਈ ਦਿੰਦੀ ਹੈ, ਪਰ ਇਸ ਏਕਤਾ ਦੇ ਬਾਵਜੂਦ ਵਿਰੋਧੀਆਂ ਨੇ ਇਸ ਨੂੰ ਰਾਜਨੀਤਿਕ ਚਾਲ ਵਜੋਂ ਵੇਖਿਆ ਹੈ।

ਕੀ ਇਹ ਰਾਜਨੀਤਿਕ ਏਜੰਡਾ ਜਾਂ ਧਾਰਮਿਕ ਪਹਿਲ ਹੈ ?

ਇਸ ਸਵਾਲ ਤੇ ਚਰਚਾ ਕਰਨ ਲਈ ਦੋਵਾਂ ਪਾਸਿਆਂ ਨੂੰ ਵੇਖਣਾ ਜ਼ਰੂਰੀ ਹੈ।ਸਰਕਾਰੀ ਨਜ਼ਰੀਆ: ਆਪ ਸਰਕਾਰ ਇਸ ਨੂੰ ਇੱਕ ਧਾਰਮਿਕ ਅਤੇ ਸਮਾਜਿਕ ਜ਼ਰੂਰਤ ਵਜੋਂ ਪੇਸ਼ ਕਰ ਰਹੀ ਹੈ। ਪੰਜਾਬ ਵਿਚ ਬੇਅਦਬੀ ਨਾਲ ਜੁੜੀਆਂ ਘਟਨਾਵਾਂ ਨੇ ਹਜ਼ਾਰਾਂ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਇਸ ਲਈ ਸਖਤ ਕਾਨੂੰਨ ਇੱਕ ਨੈਤਿਕ ਜ਼ਿੰਮੇਵਾਰੀ ਹੈ। ਵਿਸਾਖੀ 'ਤੇ ਇਸ ਇਜਲਾਸ ਨੂੰ ਬੁਲਾਉਣਾ ਇੱਕ ਰੂਪਕੀ ਇਸ਼ਾਰਾ ਹੈ ਕਿ ਖਾਲਸਾ ਪੰਥ ਦੀ ਸਥਾਪਨਾ ਵਾਲੇ ਦਿਨ ਗੁਰੂ ਗ੍ਰੰਥ ਸਾਹਿਬ ਜੀ ਦੀ ਰਾਖੀ ਲਈ ਇੱਕ ਵੱਡਾ ਕਦਮ ਚੁੱਕਿਆ ਜਾ ਰਿਹਾ ਹੈ।

ਅੱਜ ਇਸ ਨਾਲ ਸਰਕਾਰ ਆਪਣੇ ਆਪ ਨੂੰ ਧਾਰਮਿਕ ਭਾਵਨਾਵਾਂ ਪ੍ਰਤੀ ਸੰਵੇਦਨਸ਼ੀਲ ਵਿਖਾਉਣਾ ਚਾਹੁੰਦੀ ਹੈ ਅਤੇ ਰੈਡੀਕਲ ਸਿੱਖ ਵੋਟ ਬੈਂਕ ਵਿਚ ਆਪਣੀ ਪਕੜ ਮਜ਼ਬੂਤ ਕਰਨਾ ਚਾਹੁੰਦੀ ਹੈ, ਪਰ ਵਿਰੋਧੀ ਨਜ਼ਰੀਆ ਕਾਂਗਰਸ ਅਤੇ ਹੋਰ ਵਿਰੋਧੀ ਇਸ ਨੂੰ ਰਾਜਨੀਤਿਕ ਡਰਾਮਾ ਦੱਸ ਰਹੇ ਹਨ। ਉਨ੍ਹਾਂ ਅਨੁਸਾਰ, ਆਪ ਸਰਕਾਰ ਨੇ ਚਾਰ ਸਾਲਾਂ ਵਿਚ ਬੇਅਦਬੀ ਮਾਮਲਿਆਂ ਵਿਚ ਕੋਈ ਠੋਸ ਕਾਰਵਾਈ ਨਹੀਂ ਕੀਤੀ। ਦੋਸ਼ੀ ਆਜ਼ਾਦ ਘੁੰਮ ਰਹੇ ਹਨ ਅਤੇ ਪੁਲਿਸ ਫਾਇਰਿੰਗ ਵਾਲੇ ਮਾਮਲਿਆਂ ਵਿਚ ਵੀ ਨਿਆਂ ਨਹੀਂ ਮਿਲਿਆ।

ਇਸ ਲਈ ਇਹ ਵਿਸ਼ੇਸ਼ ਇਜਲਾਸ ਇੱਕ ਛਾਪੇ ਵਜੋਂ ਹੈ ਤਾਂ ਜੋ ਚੋਣਾਂ ਤੋਂ ਪਹਿਲਾਂ ਧਾਰਮਿਕ ਭਾਵਨਾਵਾਂ ਨੂੰ ਉਕਸਾਇਆ ਜਾ ਸਕੇ। ਵਿਰੋਧੀਆਂ ਨੇ ਇਸ ਬਿਲ ਵਿਚ ਗਲਤੀਆਂ ਵੀ ਗਿਣਾਈਆਂ ਹਨ, ਜਿਵੇਂ ਬੇਅਦਬੀ ਦੀ ਸਪੱਸ਼ਟ ਪਰਿਭਾਸ਼ਾ ਨਾ ਹੋਣਾ, ਜਿਸ ਨਾਲ ਪੁਲਿਸ ਇਸ ਦਾ ਮਿਸਯੂਜ਼ ਕਰ ਸਕਦੀ ਹੈ ਅਤੇ ਆਜ਼ਾਦੀ ਆਪ ਭਾਸ਼ਣ 'ਤੇ ਅਸਰ ਪੈ ਸਕਦਾ ਹੈ। ਇਸ ਤੋਂ ਇਲਾਵਾ, ਇਸ ਨੂੰ ਸਾਰੀਆਂ ਧਰਮਾਂ ਲਈ ਨਾ ਲਿਆਉਣਾ ਵੀ ਇੱਕ ਤਰਫਦਾਰੀ ਵਜੋਂ ਵੇਖਿਆ ਜਾ ਰਿਹਾ ਹੈ।

ਇੱਕ ਨਿਰਪੱਖ ਵਿਸ਼ਲੇਸ਼ਣ ਵਿਚ ਦੋਵੇਂ ਪਾਸੇ ਸੱਚਾਈ ਹੈ। ਬੇ ਅਦਬੀ ਇੱਕ ਗੰਭੀਰ ਧਾਰਮਿਕ ਮੁੱਦਾ ਹੈ ਅਤੇ ਸਖ਼ਤ ਕਾਨੂੰਨ ਲਿਆਉਣਾ ਇੱਕ ਲੋੜੀਂਦਾ ਕਦਮ ਹੋ ਸਕਦਾ ਹੈ। ਪਰ ਇਸ ਨੂੰ ਰਾਜਨੀਤੀ ਨਾਲ ਜੋੜ ਕੇ ਲਾਗੂ ਕਰਨਾ ਖਤਰਨਾਕ ਵੀ ਹੋ ਸਕਦਾ ਹੈ। ਭਾਰਤ ਵਿਚ ਬਲਾਸਫੈਮੀ (ਬੇਅਦਬੀ) ਵਾਲੇ ਕਾਨੂੰਨਾਂ ਨੇ ਅਕਸਰ ਫ੍ਰੀ ਸਪੀਚ 'ਤੇ ਅਸਰ ਪਾਇਆ ਹੈ ਅਤੇ ਮਿਸਯੂਜ਼ ਦੇ ਮਾਮਲੇ ਵਧੇ ਹਨ (ਜਿਵੇਂ ਪਾਕਿਸਤਾਨ ਵਿਚ ਬਲਾਸਫੈਮੀ ਲਾਅ ਦੇ ਨਤੀਜੇ)। ਪੰਜਾਬ ਵਿਚ ਵੀ ਇਸ ਬਿਲ ਨੂੰ ਗਲਤ ਤਰੀਕੇ ਨਾਲ ਵਰਤਿਆ ਜਾ ਸਕਦਾ ਹੈ, ਖਾਸ ਕਰਕੇ ਰਾਜਨੀਤਿਕ ਵਿਰੋਧੀਆਂ ਖ਼ਿਲਾਫ਼ ਪਰ ਇਸ ਨੂੰ ਪੂਰੀ ਤਰ੍ਹਾਂ ਰਾਜਨੀਤਿਕ ਏਜੰਡਾ ਵੀ ਨਹੀਂ ਕਿਹਾ ਜਾ ਸਕਦਾ।

ਪੰਜਾਬੀ ਸਮਾਜ ਵਿਚ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਡੂੰਘੀ ਸ਼ਰਧਾ ਹੈ ਅਤੇ ਬੇ ਅਦਬੀ ਨਾਲ ਲੋਕਾਂ ਵਿਚ ਗੁੱਸਾ ਫੈਲਦਾ ਹੈ, ਜੋ ਸਮਾਜਿਕ ਅਸਥਿਰਤਾ ਪੈਦਾ ਕਰ ਸਕਦਾ ਹੈ। ਇਸ ਲਈ ਇੱਕ ਮਜ਼ਬੂਤ ਡਿਟਰੈਂਟ ਲਿਆਉਣਾ ਇੱਕ ਸੱਚੀ ਪਹਿਲ ਵੀ ਮੰਨੀ ਜਾ ਸਕਦੀ ਹੈ, ਬਸ਼ਰਤੇ ਇਸ ਨੂੰ ਇਮਾਨਦਾਰੀ ਨਾਲ ਲਾਗੂ ਕੀਤਾ ਜਾਵੇ ਅਤੇ ਪੁਰਾਣੀਆਂ ਘਟਨਾਵਾਂ ਵਿਚ ਵੀ ਨਿਆਂ ਮਿਲੇ।ਵਿਧਾਨ ਸਭਾ ਵਿਚ ਬਹਿਸ ਅਤੇ ਤੂੰ-ਮੈਂ ਤੋਂ ਬਾਅਦ ਦੀ ਸਥਿਤੀ ਵਿਸ਼ੇਸ਼ ਇਜਲਾਸ ਵਿਚ ਬਿਲ ਪੇਸ਼ ਹੋਣ ਤੋਂ ਬਾਅਦ ਬਹਿਸ ਹੋਈ। ਆਪ ਐੱਮ ਐੱਲ ਏ ਨੇ ਇਸ ਨੂੰ ਲੋਕਾਂ ਦੀ ਲੋਕਾਂ ਦੀ ਭਾਵਨਾ ਅਨੁਸਾਰ ਕਦਮ ਦੱਸਿਆ।

ਆਉਣ ਵਾਲੇ ਦਿਨਾਂ ਦਾ ਭਵਿੱਖੀ ਏਜੰਡਾ ਇਸ ਬਿਲ ਦੇ ਪਾਸ ਹੋਣ ਤੋਂ ਬਾਅਦ ਇਸ ਨੂੰ ਗਵਰਨਰ ਦੀ ਮਨਜ਼ੂਰੀ ਲਈ ਭੇਜਿਆ ਜਾਵੇਗਾ। ਲਾਗੂ ਹੋਣ ਤੋਂ ਬਾਅਦ ਇਸ ਦੇ ਪ੍ਰਭਾਵ ਵੇਖਣੇ ਪੈਣਗੇ। ਸਕਾਰਾਤਮਕ ਪਾਸਾ ਬੇ ਅਦਬੀ ਘਟਨਾਵਾਂ ਘੱਟ ਹੋ ਸਕਦੀਆਂ ਹਨ ਅਤੇ ਲੋਕਾਂ ਵਿਚ ਭਰੋਸਾ ਵਧ ਸਕਦਾ ਹੈ ਅਤੇ ਨਕਾਰਾਤਮਕ ਪਾਸਾ ਫ੍ਰੀ ਸਪੀਚ ਤੇ ਅਸਰ, ਮਿਸਯੂਜ਼ ਅਤੇ ਧਾਰਮਿਕ ਤਣਾਅ ਵਧਣਾ ਹੈ।

ਅੱਜ ਰਾਜਨੀਤਿਕ ਪ੍ਰਭਾਵ ਹੇਠ 2027 ਚੋਣਾਂ ਵਿਚ ਇਸ ਨੂੰ ਵੱਡਾ ਈਸ਼ੂ ਬਣਾਇਆ ਜਾ ਸਕਦਾ ਹੈ। ਆਪ ਇਸ ਨੂੰ ਆਪਣੀ ਉਪਲਬਧੀ ਵਜੋਂ ਵਰਤੇਗੀ, ਜਦਕਿ ਵਿਰੋਧੀ ਇਸ ਨੂੰ ਧਰਮ ਨਾਲ ਖੇਡ ਵਜੋਂ ਪੇਸ਼ ਕਰਨਗੇ। ਭਵਿੱਖ ਵਿਚ ਇਸ ਬਿਲ ਨੂੰ ਹੋਰ ਧਰਮਾਂ ਲਈ ਵਿਸਥਾਰਿਤ ਕੀਤਾ ਜਾ ਸਕਦਾ ਹੈ ਜਾਂ ਇਸ ਨਾਲ ਜੁੜੀਆਂ ਚੁਣੌਤੀਆਂ (ਜਿਵੇਂ ਅਦਾਲਤੀ ਚੁਣੌਤੀ) ਆ ਸਕਦੀਆਂ ਹਨ। ਇਸ ਤੋਂ ਇਲਾਵਾ, ਪੰਜਾਬ ਵਿਚ ਧਰਮ ਅਤੇ ਰਾਜਨੀਤੀ ਦਾ ਮਿਲਾਪ ਵਧੇਰੇ ਤੇਜ਼ ਹੋ ਸਕਦਾ ਹੈ, ਜੋ ਲੰਮੇ ਸਮੇਂ ਲਈ ਸਮਾਜਿਕ ਏਕਤਾ ਲਈ ਚੁਣੌਤੀ ਬਣ ਸਕਦਾ ਹੈ।

ਅੱਜ ਇੱਕ ਸੰਤੁਲਿਤ ਨਜ਼ਰੀਆ ਪੰਜਾਬ ਵਿਧਾਨ ਸਭਾ ਦਾ ਇਹ ਵਿਸ਼ੇਸ਼ ਇਜਲਾਸ ਅਤੇ ਬੇਅਦਬੀ ਵਿਰੋਧੀ ਬਿਲ ਇੱਕੋ ਵਾਰ ਧਾਰਮਿਕ ਪਹਿਲ ਅਤੇ ਰਾਜਨੀਤਿਕ ਏਜੰਡਾ ਵੀ ਹੈ। ਇੱਕ ਪਾਸੇ ਇਸ ਨਾਲ ਗੁਰੂ ਗ੍ਰੰਥ ਸਾਹਿਬ ਜੀ ਦੀ ਸਤਿਕਾਰ ਰਾਖੀ ਲਈ ਇੱਕ ਮਜ਼ਬੂਤ ਕਦਮ ਚੁੱਕਿਆ ਗਿਆ ਹੈ, ਜੋ ਲੋਕਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿਚ ਰੱਖਦਾ ਹੈ। ਦੂਜੇ ਪਾਸੇ, ਇਸ ਨੂੰ ਵਿਸਾਖੀ ਤੇ ਬੁਲਾਉਣਾ ਅਤੇ ਪੁਰਾਣੀਆਂ ਅਸਫਲਤਾਵਾਂ ਤੋਂ ਧਿਆਨ ਹਟਾਉਣਾ ਰਾਜਨੀਤੀ ਵਜੋਂ ਵੀ ਵੇਖਿਆ ਜਾ ਸਕਦਾ ਹੈ। ਅੱਜ ਜੇਕਰ ਇਸ ਬਿਲ ਨੂੰ ਇਮਾਨਦਾਰੀ ਨਾਲ ਲਾਗੂ ਕੀਤਾ ਗਿਆ ਅਤੇ ਪੁਰਾਣੀਆਂ ਘਟਨਾਵਾਂ ਵਿਚ ਵੀ ਨਿਆਂ ਮਿਲਿਆ ਤਾਂ ਇਸ ਨੂੰ ਇੱਕ ਸੱਚੀ ਧਾਰਮਿਕ ਪਹਿਲ ਮੰਨਿਆ ਜਾ ਸਕਦਾ ਹੈ। ਨਹੀਂ ਤਾਂ ਇਹ ਰਾਜਨੀਤੀ ਦਾ ਇੱਕ ਹੋਰ ਅਧਿਆਇ ਬਣ ਕੇ ਰਹਿ ਜਾਵੇਗਾ। ਪੰਜਾਬੀਆਂ ਨੂੰ ਇਸ ਮੁੱਦੇ 'ਤੇ ਸਾਵਧਾਨ ਰਹਿਣਾ ਚਾਹੀਦਾ ਹੈ ਤਾਂ ਜੋ ਧਰਮ ਦੀ ਰਾਖੀ ਲਈ ਲਿਆਂਦਾ ਗਿਆ ਕਾਨੂੰਨ ਧਰਮ ਨੂੰ ਹੀ ਰਾਜਨੀਤੀ ਦਾ ਖਿਲੌਣਾ ਨਾ ਬਣਾ ਦੇਵੇ।

# ਜੱਲ੍ਹਿਆਂ ਵਾਲੇ ਬਾਗ਼ ਦਾ ਸ਼ਹੀਦ ਸੰਤ ਰਾਮ

ਗੁਰਿੰਦਰ ਸਿੰਘ ਅਸਰਪੁਰ
9988814520

13 ਅਪ੍ਰੈਲ 1919 ਨੂੰ ਜੱਲ੍ਹਿਆਂ ਵਾਲੇ ਬਾਗ ਵਿਚ ਸ਼ਹੀਦ ਹੋਣ ਵਾਲੇ ਸ਼ਹੀਦਾਂ ਦੀ ਪੱਥਰ ਉੱਤੇ ਉਕਰੀ ਨਾਵਾਂ ਦੀ ਸੂਚੀ ਉੱਪਰ ਇੱਕ ਨਾਮ ਸੰਤ ਰਾਮ ਜੀ ਦਾ ਵੀ ਹੈ। ਜੋ ਪਿੰਡ ਵਰਪਾਲ ਜ਼ਿਲ੍ਹਾ ਅੰਮ੍ਰਿਤਸਰ ਦੇ ਨਿਵਾਸੀ ਸਨ। ਸੰਤ ਰਾਮ ਮੇਰੇ ਜੀਜਾ ਜੀ ਅਸ਼ਵਨੀ ਸਿੰਘ ਦੇ ਦਾਦਾ ਗੁਲਾਬ ਚੰਦ ਜੀ ਦੇ ਛੋਟੇ ਭਰਾ ਸਨ। ਅਸ਼ਵਨੀ ਜੀ ਦੱਸਦੇ ਹਨ ਕਿ ਉਨ੍ਹਾਂ ਦੇ ਦਾਦਾ ਜੀ ਅਕਸਰ ਹੀ ਆਪਣੇ ਛੋਟੇ ਭਰਾ ਸੰਤ ਰਾਮ ਦੀਆਂ ਗੱਲਾਂ ਸੁਣਾਉਂਦੇ ਰਹਿੰਦੇ ਸਨ, ਉਹ ਦੱਸਦੇ ਸਨ ਕਿ ਸੰਤ ਰਾਮ ਬਚਪਨ ਤੋਂ ਹੀ ਪੜ੍ਹਾਈ ਵਿੱਚ ਬਹੁਤ ਹੁਸ਼ਿਆਰ ਸੀ ਉਨ੍ਹਾਂ ਸਮਿਆ ਵਿਚ ਦਸਵੀਂ ਦੀ ਪੜ੍ਹਾਈ ਤੱਕ ਪਹੁੰਚਣਾ ਕੋਈ ਆਮ ਗੱਲ ਨਹੀਂ ਸੀ। ਪੜ੍ਹਾਈ ਦੇ ਨਾਲ ਨਾਲ ਉਹ ਘਰ ਦੇ ਕੰਮ-ਕਾਰ ਵਿੱਚ ਵੀ ਪੂਰਾ ਸਹਿਯੋਗ ਕਰਦੇ ਸਨ। ਇਹ ਸਿਰਫ ਦੋ ਭਰਾ ਸਨ, ਗੁਲਾਬ ਚੰਦ ਜੀ ਵੱਡੇ ਸਨ ਅਤੇ ਸੰਤ ਰਾਮ ਜੀ ਉਨ੍ਹਾਂ ਤੋਂ ਛੋਟੇ ਸਨ। ਛੋਟੇ ਹੋਣ ਕਾਰਨ ਸੰਤ ਰਾਮ ਆਪਣੇ ਮਾਤਾ ਪਿਤਾ ਦੇ ਜ਼ਿਆਦਾ ਲਾਡਲੇ ਸਨ। ਸੁਭਾਅ ਦੇ ਚੰਗੇ ਹੋਣ ਕਾਰਨ ਸਾਰਾ ਪਰਿਵਾਰ ਅਤੇ ਪਿੰਡ ਦੇ ਲੋਕ ਵੀ ਸੰਤ ਰਾਮ ਜੀ ਨੂੰ ਬੜਾ ਪਿਆਰ ਕਰਦੇ ਸਨ। ਸਕੂਲ ਵਿਚ ਵੀ ਉਹ ਅਧਿਆਪਕਾਂ ਦਾ ਚਹੇਤਾ ਵਿਦਿਆਰਥੀ ਸੀ ਅਤੇ ਦਸਵੀਂ ਦੇ ਪੇਪਰ ਦੇਣ ਤੋਂ ਬਾਅਦ ਨਤੀਜੇ ਦੀ ਉਡੀਕ ਵਿਚ ਸੀ। ਉਸਦੇ ਦਿਲ ਵਿਚ ਦੇਸ ਲਈ ਬੜਾ ਪਿਆਰ ਸੀ ਅਕਸਰ ਹੀ ਉਹ ਦੇਸ ਭਗਤਾਂ ਦੇ ਕਿੱਸੇ ਪੜ੍ਹਦਾ ਤੇ ਸੁਣਦਾ ਰਹਿੰਦਾ, ਉਨ੍ਹਾਂ ਦਿਨਾਂ ਵਿਚ ਜਾਲਮ ਅੰਗਰੇਜ਼ ਸਰਕਾਰ ਦੇ ਜੁਲਮਾਂ ਦੀ ਇੰਤਾਹ ਹੋਈ ਪਈ ਸੀ। ਅੰਗਰੇਜ਼ਾਂ ਨੇ ਭਾਰਤ ਵਿਚ ਲੋਕਾਂ ਦੀ ਅਜ਼ਾਦੀ ਦੀ ਲਹਿਰ ਨੂੰ ਦਬਾਉਣ ਲਈ ਰੋਲਟ ਐਕਟ ਲਿਆਂਦਾ। ਇਸ ਕਾਨੂੰਨ ਅਨੁਸਾਰ ਸੀ.ਆਈ.ਡੀ. ਦੇ ਸਿਪਾਹੀ ਦੀ ਰਿਪੋਰਟ ਤੇ ਕਿਸੇ ਉੱਤੇ ਵੀ ਦੇਸ ਧਰੋਹ ਦਾ ਦੋਸ਼ ਲੱਗ ਸਕਦਾ ਸੀ, ਇਸ ਲਈ ਉਸ ਨੂੰ ਸਫਾਈ ਦਾ ਕੋਈ ਮੌਕਾ ਵੀ ਨਹੀਂ ਦਿੱਤਾ ਜਾਣਾ ਸੀ ਤੇ ਨਾ ਹੀ ਉਹ ਉਸ ਵਿਰੁੱਧ ਅਦਾਲਤ ਵਿਚ ਜਾ ਸਕਦਾ ਸੀ। ਲੋਕਾਂ ਨੇ ਇਸ ਨੂੰ ਕਾਲਾ ਕਾਨੂੰਨ ਕਿਹਾ। ਇਸ ਵਿਰੁੱਧ ਉਹ ਨਾ ਦਲੀਲ ਨਾ ਅਪੀਲ ਨਾ ਵਕੀਲ ਕਰ ਸਕਦੇ ਸਨ। ਪੂਰੇ ਦੇਸ ਵਿਚ ਇਸ ਐਕਟ ਦਾ ਵਿਰੋਧ ਹੋਇਆ। 13 ਅਪ੍ਰੈਲ 1919 ਨੂੰ ਜੱਲ੍ਹਿਆਂ ਵਾਲੇ ਬਾਗ ਵਿਚ ਇਕ ਇਕੱਠ ਰੱਖਿਆ ਗਿਆ। ਜਿਸ ਦਾ ਮੁਖ ਮਨੋਰਥ ਜ਼ਾਲਮ ਅੰਗਰੇਜ਼ ਸਰਕਾਰ ਨੂੰ ਦੇਸ ਵਿਚੋਂ ਬਾਹਰ ਕੱਢਣਾ ਸੀ। ਇਸ ਜਲਸੇ ਦੇ ਐਲਾਨ ਮਗਰੋਂ ਅੰਗਰੇਜ਼ ਅਫਸਰ ਜਨਰਲ ਡਾਇਰ ਅੱਗ ਬਬੂਲਾ ਹੋ ਗਿਆ।

ਇਸ ਜਲਸੇ ਨੂੰ ਸਬਕ ਸਿਖਾਉਣ ਲਈ ਜਨਰਲ ਡਾਇਰ ਨੇ ਫੌਜ ਬੁਲਾ ਲਈ ਅਤੇ 13 ਅਪ੍ਰੈਲ 1919 ਦੀ ਵਿਸਾਖੀ ਵਾਲੇ ਦਿਨ ਜੱਲ੍ਹਿਆਂ ਵਾਲੇ ਬਾਗ ਵਿਖੇ ਰੱਖੇ ਇਕੱਠ ਉਤੇ ਅੰਨ੍ਹੇਵਾਹ ਗੋਲੀ ਚਲਾ ਦਿੱਤੀ। ਜਿਸ ਵਿਚ ਸੈਂਕੜੇ ਲੋਕ ਸ਼ਹੀਦ ਹੋਏ ਅਤੇ ਹਜ਼ਾਰਾਂ ਫੱਟੜ ਹੋ ਗਏ। ਜੱਲ੍ਹਿਆਂਵਾਲੇ ਬਾਗ ਦਾ ਇਹ ਖੂਨੀ ਸਾਕਾ ਇਤਿਹਾਸ ਦੇ ਕਾਲੇ ਪੰਨਿਆਂ ਉੱਤੇ ਅਮਿੱਟ ਯਾਦ ਬਣਕੇ ਹਮੇਸ਼ਾ ਦਿਲਾਂ ਨੂੰ ਟੁੰਭਦਾ ਰਹੇਗਾ। ਸੰਤ ਰਾਮ ਜੀ ਸੰਘਰਸ਼ ਕਰ ਰਹੇ ਲੋਕਾਂ ਦੇ ਨਾਲ ਸਭ ਤੋਂ ਮੂਹਰਲੀ ਕਤਾਰ ਵਿਚ ਸ਼ਾਮਲ ਸਨ, ਇਕ ਗੋਲੀ ਉਹਨਾਂ ਦੀ ਛਾਤੀ ਵਿਚ ਆ ਵੱਜੀ ਅਤੇ ਉਹ ਥਾਂ ਹੀ ਸ਼ਹੀਦ ਹੋ ਗਏ।

ਇਸ ਸਾਕੇ ਨੇ ਪੂਰੇ ਹਿੰਦੁਸਤਾਨ ਦੀ ਜਨਤਾ ਨੂੰ ਝੰਜੋੜ ਕੇ ਰੱਖ ਦਿੱਤਾ ਸੀ। ਆਪ ਜੀ ਦੇ ਪਿਤਾ ਸ਼ਿਵਰਾਮ ਦਾਸ ਅਤੇ ਮਾਤਾ ਬਸੰਤ ਕੌਰ ਨੂੰ ਗਹਿਰਾ ਸਦਮਾ ਲੱਗਾ। ਮਾਤਾ ਬਸੰਤ ਕੌਰ ਜੀ ਆਪਣੇ ਪੁੱਤਰ ਦੀ ਤੜਪ ਵਿਚ ਹਰ ਰੋਜ਼ ਰੋਟੀਆਂ ਬਣਾਉਂਦੀ ਅਤੇ ਛਾਬਾ ਸਿਰ ਉੱਤੇ ਚੁੱਕ ਕੇ ਨੰਗੇ ਪੈਰੀ ਜੱਲ੍ਹਿਆਂਵਾਲੇ ਬਾਗ ਤੱਕ ਤਕਰੀਬਨ 12 ਕਿਲੋਮੀਟਰ ਦਾ ਸਫਰ ਤੈਅ ਕਰਕੇ ਆਉਂਦੀ ਉੱਥੇ ਬੈਠ ਕੇ ਰੋਂਦੀ ਕਰਲਾਉਂਦੀ ਪੰਛੀਆਂ ਨੂੰ ਰੋਟੀਆਂ ਪਾ ਵਾਪਿਸ ਮੁੜ ਜਾਂਦੀ। ਜੇਠ-ਹਾੜ੍ਹ ਦੀਆਂ ਧੁੱਪਾਂ, ਮੀਂਹ-ਝੱਖੜ ਕਿੱਕਰਾਂ ਦੀਆਂ ਸੂਲਾਂ ਮਾਂ ਦੀ ਮਮਤਾ ਅੱਗੇ ਕਮਜ਼ੋਰ ਹੋ ਗਏ ਜਾਪਦੇ ਸਨ।

ਕਿਉਂਕਿ ਇਕ ਵਾਰ ਉਹਨਾਂ ਦੇ ਪੈਰ ਵਿਚ ਸੂਲ ਚੁਭ ਗਈ ਜੋ ਉਨ੍ਹਾਂ ਨੇ ਕੱਢਣ ਨਹੀਂ ਦਿੱਤੀ ਅਤੇ ਕਿਹਾ ਕਿ ਮੇਰਾ ਪੁੱਤਰ ਜਦੋਂ ਸੀਨੇ ਵਿਚ ਗੋਲੀ ਖਾ ਕੇ ਸ਼ਹੀਦ ਹੋ ਸਕਦਾ ਹੈ ਕੀ ਮੈਂ ਇਕ ਸੂਲ ਦੀ ਪੀੜ ਵੀ ਬਰਦਾਸ਼ਤ ਨਹੀਂ ਕਰ ਸਕਦੀ? ਪਰਿਵਾਰ ਅਤੇ ਰਿਸ਼ਤੇਦਾਰਾਂ ਦੇ ਬਹੁਤ ਰੋਕਣ ਦੇ ਬਾਵਜੂਦ ਵੀ ਆਪਣੇ ਪੁੱਤਰ ਦੀ ਯਾਦ ਵਿਚ ਤਕਰੀਬਨ ਡੇਢ ਸਾਲ ਤੱਕ ਜੱਲ੍ਹਿਆਂਵਾਲੇ ਬਾਗ ਦੀ ਧਰਤੀ ਨੂੰ ਅੱਖਾਂ ਦੇ ਹੰਝੂਆਂ ਨਾਲ ਨਮ ਕਰ ਕੇ ਜਾਂਦੀ। ਬਸੰਤ ਕੌਰ ਦੀ ਇਹ ਹਾਲਤ ਵੇਖ ਕੇ ਲੋਕਾਂ ਦੇ ਦਿਲ ਵੀ ਕੰਬ ਉਠਦੇ। ਮੇਰੇ ਜੀਜਾ ਜੀ ਅਸ਼ਵਨੀ ਸਿੰਘ ਦੱਸਦੇ ਹਨ ਕਿ ਉਹਨਾਂ ਨੇ ਆਪਣੇ ਦਾਦਾ ਜੀ ਨੂੰ ਵਡੇਰੀ ਉਮਰ ਵਿਚ ਵੀ ਆਪਣੇ ਛੋਟੇ ਭਰਾ ਸੰਤ ਰਾਮ ਨੂੰ ਯਾਦ ਕਰਕੇ ਬਹੁਤ ਵਾਰ ਰੋਂਦਿਆਂ ਦੇਖਿਆ ਸੀ। ਜਿੱਥੇ ਰਹਿੰਦੀ ਦੁਨੀਆ ਤਕ ਜਲ੍ਹਿਆਂਵਾਲੇ ਬਾਗ ਦੇ ਕਾਂਡ ਲਈ ਅੰਗਰੇਜ਼ ਸਰਕਾਰ ਨੂੰ ਲਾਹਣਤਾਂ ਪੈਂਦੀਆ ਰਹਿਣਗੀਆਂ ਉਥੇ ਹੀ ਸੰਤ ਰਾਮ ਅਤੇ ਉਸਦੀ ਮਾਂ ਦੀ ਮਮਤਾ ਦੀ ਕਹਾਣੀ ਹਮੇਸ਼ਾ ਸੁਨਹਿਰੀ ਅੱਖਰਾਂ ਵਿਚ ਚਮਕਦੀ ਰਹੇਗੀ।

# ਭਗਵੰਤ ਮਾਨ ਸਰਕਾਰ ਬੇਅਦਬੀ ਵਿਰੁੱਧ ਲਿਆਈ ਸਭ ਤੋਂ ਸਖ਼ਤ ਕਾਨੂੰਨ, ਇਨਸਾਫ਼ ਯਕੀਨੀ ਬਣਾਉਣ ਲਈ ਉਮਰ ਕੈਦ ਤੇ 25 ਲੱਖ ਤੱਕ ਦਾ ਜੁਰਮਾਨਾ : ਚੀਮਾ

ਚੰਡੀਗੜ੍ਹ, 13 ਅਪ੍ਰੈਲ (ਚ.ਨ.ਸ.): ਅੱਜ ਵਿਧਾਨ ਸਭਾ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੇਸ਼ ਕੀਤੇ ਗਏ "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ" ਦੇ ਹੱਕ ਵਿੱਚ ਬੋਲਦਿਆਂ, ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ 'ਬੇਅਦਬੀ' ਲਈ ਸਖ਼ਤ ਸਜ਼ਾ ਯਕੀਨੀ ਬਣਾਉਣ ਵਾਸਤੇ ਜ਼ਰੂਰੀ ਸੋਧਾਂ ਲਿਆਉਣ ਲਈ ਮੁੱਖ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਪ੍ਰਗਟਾਇਆ। ਇਸ ਸੋਧ ਨੂੰ ਭਗਵੰਤ ਮਾਨ ਸਰਕਾਰ ਦਾ ਇੱਕ ਇਮਾਨਦਾਰਾਨਾ ਯਤਨ ਕਰਾਰ ਦਿੰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਲੋਕਾਂ ਨੂੰ ਗੁੰਮਰਾਹ ਕਰਨ ਦੀਆਂ ਕੋਸ਼ਿਸ਼ਾਂ ਲਈ ਵਿਰੋਧੀ ਧਿਰ ਦੀ ਸਖ਼ਤ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਸੋਧੇ ਹੋਏ ਬਿੱਲ ਵਿੱਚ ਇਤਿਹਾਸਕ ਸਜ਼ਾ ਦੀਆਂ ਵਿਵਸਥਾਵਾਂ ਪੇਸ਼ ਕੀਤੀਆਂ ਗਈਆਂ ਹਨ, ਜਿਸ ਵਿੱਚ 'ਬੇਅਦਬੀ' ਦੇ ਦੋਸ਼ੀਆਂ ਲਈ ਉਮਰ ਕੈਦ ਤੇ 25 ਲੱਖ ਰੁਪਏ ਦੇ ਜੁਰਮਾਨੇ ਦੀ ਵਿਵਸਥਾ ਹੈ ਤੇ ਇਸ ਅਪਰਾਧ ਨੂੰ ਪੂਰੀ ਤਰ੍ਹਾਂ ਗੈਰ-ਜ਼ਮਾਨਤੀ ਅਪਰਾਧ ਦੀ ਸ਼੍ਰੇਣੀ ਵਿੱਚ ਰੱਖਿਆ ਗਿਆ ਹੈ। ਆਪਣੇ ਸੰਬੋਧਨ ਦੌਰਾਨ, ਵਿੱਤ ਮੰਤਰੀ ਚੀਮਾ ਨੇ ਸ਼੍ਰੋਮਣੀ ਅਕਾਲੀ ਦਲ, ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਕਾਂਗਰਸ 'ਤੇ ਤਿੱਖਾ ਹਮਲਾ ਬੋਲਦਿਆਂ, ਸੂਬੇ ਵਿੱਚ 'ਬੇਅਦਬੀ' ਦੀਆਂ ਘਟਨਾਵਾਂ ਦੇ ਕਾਲੇ ਇਤਿਹਾਸ ਨੂੰ ਨਕੋਦਰ ਕਾਂਡ ਨਾਲ ਜੋੜਿਆ। ਉਨ੍ਹਾਂ ਕਿਹਾ ਕਿ 'ਬੇਅਦਬੀ' ਦੀਆਂ ਮੰਦਭਾਗੀਆਂ ਘਟਨਾਵਾਂ ਦਾ ਸਿਲਸਿਲਾ ਹਮੇਸ਼ਾ ਉਦੋਂ ਹੀ ਸ਼ੁਰੂ ਹੋਇਆ ਜਦੋਂ ਪੰਜਾਬ ਵਿੱਚ ਅਕਾਲੀ-ਭਾਜਪਾ ਸੱਤਾ



ਵਿੱਚ ਸਨ। ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "4 ਫਰਵਰੀ 1986 ਨੂੰ ਨਕੋਦਰ ਵਿਖੇ, ਸ੍ਰੀ ਗੁਰੂ ਅਰਜਨ ਦੇਵ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪੰਜ ਸਰੂਪਾਂ ਨੂੰ ਅਗਨ ਭੇਟ ਕਰਨ ਦੀ ਘਟਨਾ ਵਿਰੁੱਧ ਸ਼ਾਂਤਮਈ ਵਿਰੋਧ ਕਰ ਰਹੇ ਸਿੱਖ ਨੌਜਵਾਨਾਂ 'ਤੇ ਪੁਲਿਸ ਨੇ ਗੋਲੀ ਚਲਾ ਦਿੱਤੀ ਸੀ। ਇਸ ਪੁਲਿਸ ਫਾਇਰਿੰਗ ਵਿੱਚ ਭਾਈ ਰਵਿੰਦਰ ਸਿੰਘ (ਲਿੱਤਰਾਂ), ਭਾਈ ਹਰਮਿੰਦਰ ਸਿੰਘ (ਚੁੱਲ੍ਹੇਪੁਰ), ਭਾਈ ਬਲਧੀਰ ਸਿੰਘ (ਰਾਮਗੜ੍ਹ) ਅਤੇ ਭਾਈ ਝਿਲਮਣ ਸਿੰਘ (ਗੋਰਸੀਆਂ) ਸਮੇਤ ਚਾਰ ਨੌਜਵਾਨ ਸ਼ਹੀਦ ਹੋ ਗਏ ਸਨ। ਘਟਨਾ ਤੋਂ ਬਾਅਦ ਜਸਟਿਸ ਗੁਰਨਾਮ ਸਿੰਘ ਕਮਿਸ਼ਨ ਬਣਾਇਆ ਗਿਆ। ਹਾਲਾਂਕਿ ਰਿਪੋਰਟ ਦਾ ਪਹਿਲਾ ਹਿੱਸਾ ਸੌਂਪ ਦਿੱਤਾ ਗਿਆ ਸੀ, ਪਰ ਦੂਜਾ ਹਿੱਸਾ ਰਹੱਸਮਈ ਢੰਗ ਨਾਲ ਗਾਇਬ ਹੋ ਗਿਆ।"

ਪਿਛਲੀਆਂ ਸਰਕਾਰਾਂ ਵੱਲੋਂ ਕਾਰਵਾਈ ਦੀ ਘਾਟ ਨੂੰ ਉਜਾਗਰ ਕਰਦਿਆਂ ਉਨ੍ਹਾਂ ਅੱਗੇ ਕਿਹਾ, "1997 ਤੋਂ 2002 ਅਤੇ 2007 ਤੋਂ 2017 ਤੱਕ ਲਗਾਤਾਰ ਅਕਾਲੀ-ਭਾਜਪਾ ਸਰਕਾਰਾਂ ਅਤੇ 2002 ਤੋਂ 2007 ਤੱਕ ਕਾਂਗਰਸ ਸਰਕਾਰ ਨੇ ਲਾਪਤਾ ਰਿਪੋਰਟ ਲੱਭਣ ਜਾਂ ਇਨਸਾਫ਼ ਦਿਵਾਉਣ ਲਈ ਬਿਲਕੁਲ ਵੀ ਕੋਈ ਯਤਨ ਨਹੀਂ ਕੀਤਾ। ਹੈਰਾਨੀ ਦੀ ਗੱਲ ਹੈ ਕਿ ਨਕੋਦਰ ਕਾਂਡ ਵਿੱਚ ਦੋਸ਼ੀ ਪਾਏ ਗਏ ਅਧਿਕਾਰੀਆਂ ਨੂੰ ਬਾਅਦ ਵਿੱਚ ਸਰਕਾਰ ਅਤੇ ਸਿਆਸੀ ਪਾਰਟੀਆਂ ਵਿੱਚ ਅਹਿਮ ਅਹੁਦਿਆਂ ਨਾਲ ਨਿਵਾਜਿਆ ਗਿਆ।" 2015 ਦੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ, ਕੈਬਨਿਟ ਮੰਤਰੀ ਨੇ ਖੁਲਾਸਾ ਕੀਤਾ ਕਿ ਅਕਾਲੀ-ਭਾਜਪਾ ਸਰਕਾਰ ਨੇ ਸਬੂਤਾਂ ਨੂੰ ਨਸ਼ਟ ਕਰਨ ਦੀ ਸਰਗਰਮੀ ਨਾਲ ਕੋਸ਼ਿਸ਼ ਕੀਤੀ, ਜਿਸ ਵਿੱਚ ਬਹਿਬਲ ਕਲਾਂ ਗੋਲੀਕਾਂਡ ਦੇ ਬੁਲੇਟ (ਗੋਲੀਆਂ ਦੇ) ਸਬੂਤਾਂ ਨਾਲ ਛੇੜਛਾੜ ਕਰਨਾ ਵੀ ਸ਼ਾਮਲ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਕਿਹਾ, "ਇੱਕ ਉੱਚ-ਸਿੱਖਿਅਤ ਨੇਤਾ, ਜੋ ਸੰਸਦ ਮੈਂਬਰ, ਕੇਂਦਰੀ ਮੰਤਰੀ ਅਤੇ ਉਪ ਮੁੱਖ ਮੰਤਰੀ ਵਜੋਂ ਸੇਵਾਵਾਂ ਨਿਭਾ ਚੁੱਕਾ ਹੈ, ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਆਪਣੀਆਂ ਗਲਤੀਆਂ ਮੰਨਣ ਤੋਂ ਬਾਅਦ ਅਜਿਹਾ ਇਕਬਾਲੀਆ ਬਿਆਨ ਦੇਣ ਲਈ 'ਦਬਾਅ' ਪਾਏ ਜਾਣ ਦਾ ਦਾਅਵਾ ਕਿਵੇਂ ਕਰ ਸਕਦਾ ਹੈ?"

ਕਾਂਗਰਸ ਸਰਕਾਰ ਦੀ ਆਲੋਚਨਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ, "ਕਾਂਗਰਸ ਦੋਸ਼ੀਆਂ ਖਿਲਾਫ ਕਾਰਵਾਈ ਕਰਨ ਵਿਚ ਪੂਰੀ ਤਰ੍ਹਾਂ ਨਾਕਾਮ ਰਹੀ। ਉਨ੍ਹਾਂ ਨੇ ਸਿਰਫ਼ ਵਿਸ਼ੇਸ਼ ਜਾਂਚ ਟੀਮਾਂ ਬਣਾਈਆਂ ਪਰ ਕਦੇ ਵੀ ਅਦਾਲਤ ਵਿੱਚ ਚਲਾਨ ਪੇਸ਼ ਨਹੀਂ ਕੀਤੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਸੀਂ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਸਖ਼ਤ ਮਿਹਨਤ ਕਰ ਰਹੇ ਹਾਂ। ਅਸੀਂ ਆਖਿਰਕਾਰ ਜਵਾਬਦੇਹੀ ਤੈਅ ਕਰਨ ਲਈ ਚਲਾਨ ਪੇਸ਼ ਕੀਤੇ ਹਨ।" ਆਪਣੇ ਵਿਧਾਨ ਸਭਾ ਸੰਬੋਧਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਰਕਾਰ ਦੇ ਸਟੈਂਡ ਦਾ ਸੰਖੇਪ ਵਰਣਨ ਕੀਤਾ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਨ੍ਹਾਂ ਮੁੱਦਿਆਂ 'ਤੇ ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਦਾਗਦਾਰ ਹੈ। ਉਨ੍ਹਾਂ ਨੇ ਪੂਰੀ ਆਸ ਪ੍ਰਗਟਾਈ ਕਿ ਪੰਜਾਬ ਦੇ ਰਾਜਪਾਲ ਲੋਕਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦੇ ਹੋਏ, ਬਿਨਾਂ ਕਿਸੇ ਦੇਰੀ ਦੇ "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026" ਨੂੰ ਆਪਣੀ ਮਨਜ਼ੂਰੀ ਦੇਣਗੇ। ਉਨ੍ਹਾਂ ਨੇ ਭਾਜਪਾ ਨੂੰ ਵੀ ਚੁਣੌਤੀ ਦਿੱਤੀ ਤੇ ਸਵਾਲ ਕੀਤਾ ਕਿ ਕੇਂਦਰ ਸਰਕਾਰ ਨੇ ਕੌਮੀ ਪੱਧਰ 'ਤੇ 'ਬੇਅਦਬੀ' ਬਾਰੇ ਅਜਿਹਾ ਸਖ਼ਤ ਕਾਨੂੰਨ ਕਿਉਂ ਨਹੀਂ ਬਣਾਇਆ।

# ਪੰਜਾਬ 'ਚ ਬੇਅਦਬੀ ਖਿਲਾਫ਼ ਕਾਨੂੰਨੀ ਕਾਰਵਾਈ ਹੋਵੇਗੀ ਹੋਰ ਸਖ਼ਤ : ਸੰਧਵਾਂ



ਚੰਡੀਗੜ੍ਹ, 13 ਅਪ੍ਰੈਲ (ਚ.ਨ.ਸ.): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਇੱਥੇ ਦੱਸਿਆਮ ਕਿ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਲਈ ਕਾਨੂੰਨੀ ਢਾਂਚੇ ਤੇ ਨਿਆਂ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਨਵਾਂ ਬਿੱਲ ਲਿਆਂਦਾ ਜਾ ਰਿਹਾ ਹੈ। ਵਿਸ਼ੇਸ਼ ਸੈਸ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਇਤਿਹਾਸਕ ਗੁਰਦੁਆਰਾ ਸ੍ਰੀ ਅੰਬ ਸਾਹਿਬ, ਮੋਹਾਲੀ ਵਿਖੇ ਮੱਥਾ ਟੇਕਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਪੀਕਰ ਨੇ ਵਿਸਾਖੀ ਦੇ ਪਵਿੱਤਰ ਮੌਕੇ ਦੀਆਂ ਵਧਾਈਆਂ ਵੀ ਦਿੱਤੀਆਂ। ਉਨ੍ਹਾਂ ਕਿਹਾ ਕਿ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖਾਲਸਾ ਪੰਥ ਦੀ ਸਾਜਨਾ ਅਤੇ ਪੰਜ ਪਿਆਰਿਆਂ ਦੀ ਰਚਨਾ ਨਾਲ ਸਿੱਖਾਂ ਨੂੰ ਇੱਕ ਵਿਲੱਖਣ ਪਛਾਣ ਮਿਲੀ, ਜੋ "ਸਰਬੱਤ ਦਾ ਭਲਾ" ਦੇ ਸਿਧਾਂਤ 'ਤੇ ਅਧਾਰਿਤ ਹੈ।

**ਨਿਆਂ ਤੇ ਰੋਕਥਾਮ ਪ੍ਰਤੀ ਵਚਨਬੱਧਤਾ**: ਬੇਅਦਬੀ ਦੇ ਸੰਵੇਦਨਸ਼ੀਲ ਮਾਮਲੇ 'ਤੇ ਗੱਲ ਕਰਦਿਆਂ ਸੰਧਵਾਂ ਨੇ ਕਿਹਾ ਕਿ ਪਿਛਲੀਆਂ ਘਟਨਾਵਾਂ ਨੇ ਸਿੱਖ ਸੰਗਤ ਦੇ ਮਨਾਂ 'ਚ ਡੂੰਘੀ ਪੀੜ ਪੈਦਾ ਕੀਤੀ ਹੈ। ਉਨ੍ਹਾਂ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੋਸ਼ੀਆਂ ਨੂੰ ਸਜ਼ਾ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਪਰ ਭਵਿੱਖ 'ਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਹੋਰ ਸਖ਼ਤ ਕਾਨੂੰਨੀ ਪ੍ਰਬੰਧਾਂ ਦੀ ਲੋੜ ਹੈ।" ਇਹ ਪ੍ਰਸਤਾਵਿਤ ਬਿੱਲ ਮੌਜੂਦਾ ਵਿਸ਼ੇਸ਼ ਸੈਸ਼ਨ ਦੌਰਾਨ ਪੇਸ਼ ਕੀਤਾ ਜਾਵੇਗਾ।

**ਤਫਤੀਸ਼ ਦੀ ਸਥਿਤੀ** : ਸਪੀਕਰ ਨੇ ਬਹਿਬਲ ਕਲਾਂ ਤੇ ਬਰਗਾੜੀ ਮਾਮਲਿਆਂ ਬਾਰੇ ਅਪਡੇਟ ਦਿੰਦਿਆਂ ਦੱਸਿਆ ਕਿ ਲਗਭਗ ਸਾਰੇ ਮਾਮਲਿਆਂ ਦੀ ਜਾਂਚ ਮੁਕੰਮਲ ਹੋ ਚੁੱਕੀ ਹੈ। ਇੱਕ ਮਾਮਲੇ ਤੋਂ ਇਲਾਵਾ ਬਾਕੀ ਸਾਰੇ ਮਾਮਲਿਆਂ ਵਿੱਚ ਚਲਾਨ ਅਦਾਲਤ ਵਿੱਚ ਪੇਸ਼ ਕਰ ਦਿੱਤੇ ਗਏ ਹਨ। ਮਾਮਲੇ ਹੁਣ ਅਦਾਲਤੀ ਵਿਚਾਰ ਅਧੀਨ ਹਨ।

**ਆਲੋਚਕਾਂ ਨੂੰ ਜਵਾਬ** : ਐਸ.ਜੀ.ਪੀ.ਸੀ ਵੱਲੋਂ ਉਠਾਏ ਗਏ ਇਤਰਾਜ਼ਾਂ ਬਾਰੇ ਪੁੱਛੇ ਜਾਣ 'ਤੇ ਸਪੀਕਰ ਸੰਧਵਾਂ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਇਨ੍ਹਾਂ ਮਸਲਿਆਂ ਨੂੰ ਸੁਲਝਾਉਣ ਲਈ ਉਨ੍ਹਾਂ ਕੋਲ ਕਾਫ਼ੀ ਮੌਕੇ ਸਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਨੇ ਆਪਣੇ ਕਾਰਜਕਾਲ ਦੌਰਾਨ ਨਿਆਂ ਨਹੀਂ ਦਿੱਤਾ, ਉਨ੍ਹਾਂ ਨੂੰ ਹੁਣ ਮੌਜੂਦਾ ਕੋਸ਼ਿਸ਼ਾਂ ਵਿੱਚ ਰੁਕਾਵਟ ਪਾਉਣ ਦਾ ਹੱਕ ਨਹੀਂ।

**ਏਕਤਾ ਦੀ ਅਪੀਲ** : ਅਖੀਰ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੇ ਉਮੀਦ ਜਤਾਈ ਕਿ ਪੰਜਾਬ ਵਿਧਾਨ ਸਭਾ ਦੇ ਸਾਰੇ ਮੈਂਬਰ, ਪਾਰਟੀ ਪੱਧਰ ਤੋਂ ਉਪਰ ਉੱਠ ਕੇ, ਇਸ ਬਿੱਲ ਨੂੰ ਇਕਸੁਰਤਾ ਨਾਲ ਪਾਸ ਕਰਨਗੇ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਆਪਸੀ ਸਾਂਝ, ਅਮਨ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਾਨ ਪਵਿੱਤਰਤਾ ਨੂੰ ਬਰਕਰਾਰ ਰੱਖਣ ਲਈ ਬਹੁਤ ਜ਼ਰੂਰੀ ਹੈ।

# ਅੰਮ੍ਰਿਤਸਰ ਦੇ ਭਿੰਡੀ ਸੈਦਾਂ ਪੁਲਿਸ ਥਾਣੇ 'ਤੇ ਗ੍ਰਨੇਡ ਹਮਲੇ ਪਿੱਛੇ ਪਾਕਿ-ਆਈ.ਐਸ.ਆਈ. ਦਾ ਹੱਥ; ਦੋ ਪਿਸਤੌਲਾਂ ਸਮੇਤ ਛੇ ਕਾਬੂ



ਚੰਡੀਗੜ੍ਹ/ਅੰਮ੍ਰਿਤਸਰ, 13 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਜ਼ਿਲ੍ਹਾ ਪੁਲਿਸ ਫਰੀਦਕੋਟ ਅਤੇ ਕਾਊਂਟਰ ਇੰਟੈਲੀਜੈਂਸ ਫਿਰੋਜ਼ਪੁਰ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਦੋ ਪਿਸਤੌਲਾਂ ਸਮੇਤ ਛੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਥਾਣਾ ਭਿੰਡੀ ਸੈਦਾਂ ਵਿਖੇ ਗ੍ਰਨੇਡ ਹਮਲੇ ਦੇ ਕੇਸ ਨੂੰ ਸਫ਼ਲਤਾਪੂਰਵਕ ਸੁਲਝਾ ਲਿਆ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਚੱਕ ਡੋਗਰਾ ਦੇ ਰਹਿਣ ਵਾਲੇ ਬਲਜੀਤ ਸਿੰਘ; ਅੰਮ੍ਰਿਤਸਰ ਦੇ ਛੋਟਾ ਫਤਿਹਵਾਲ ਦੇ ਰਹਿਣ ਵਾਲੇ ਪ੍ਰਭ ਸਿੰਘ; ਅੰਮ੍ਰਿਤਸਰ ਦੇ ਬਾਬਾ ਗਮ ਚੱਕ ਬੱਲਰਵਾਲ ਦੇ ਰਹਿਣ ਵਾਲੇ ਰਾਜਬੀਰ ਸਿੰਘ; ਅੰਮ੍ਰਿਤਸਰ ਦੇ ਠੱਠਾ ਰਾਜਪੂਤਾਂ ਦੇ ਰਹਿਣ ਵਾਲੇ ਸੁਖਪ੍ਰੀਤ ਸਿੰਘ; ਅੰਮ੍ਰਿਤਸਰ ਦੇ ਲੋਪੋਕੇ ਦੇ ਰਹਿਣ ਵਾਲੇ ਅਜੈਦੀਪ ਸਿੰਘ ਉਰਫ਼ ਅਜੇ ਉਰਫ਼ ਗਜ਼ਨੀ ਤੇ ਅੰਮ੍ਰਿਤਸਰ ਦੇ ਸਾਰੰਗਦੇਵ ਦੇ ਰਹਿਣ ਵਾਲੇ ਸਾਹਿਬ ਸਿੰਘ ਉਰਫ਼ ਸਾਬਾ ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਮਾਡਿਊਲ ਨੂੰ ਪਾਕਿਸਤਾਨ ਦੀ ਆਈ.ਐਸ.ਆਈ. ਦੀ ਹਮਾਇਤ ਪ੍ਰਾਪਤ ਸੀ। ਉਨ੍ਹਾਂ ਕਿਹਾ ਕਿ ਉਕਤ ਮੁਲਜ਼ਮ ਪਾਕਿਸਤਾਨ ਅਧਾਰਤ ਹੈਂਡਲਰ ਦੇ ਸੰਪਰਕ ਵਿੱਚ ਸੀ, ਜੋ ਵਿਦੇਸ਼ ਤੋਂ ਇਸ ਮਾਡਿਊਲ ਨੂੰ ਚਲਾ ਰਿਹਾ ਸੀ। ਉਕਤ ਹੈਂਡਲਰ ਆਪਣੇ ਕਾਰੁਕਨਾਂ ਨੂੰ ਪੰਜਾਬ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਅੰਜ਼ਾਮ ਦੇਣ ਦਾ ਕੰਮ ਸੌਂਪਦਾ ਸੀ। ਡੀਜੀਪੀ ਨੇ ਦੱਸਿਆ ਕਿ ਪੁਲਿਸ ਅਦਾਰਿਆਂ ਨੂੰ ਨਿਸ਼ਾਨਾ ਬਣਾਉਣ ਦੇ ਇਰਾਦੇ ਨਾਲ ਇਸ ਮਾਡਿਊਲ ਨੂੰ ਪੂਰੀ ਤਰ੍ਹਾਂ ਕੱਟੜਪੰਥੀ ਬਣਾਇਆ ਗਿਆ ਸੀ ਤੇ ਘਟਨਾ ਨੂੰ ਅੰਜ਼ਾਮ ਦੇਣ ਲਈ ਉਕਤ ਮੁਲਜ਼ਮਾਂ ਨੂੰ ਚੰਗੇ ਪੈਸਿਆਂ ਦਾ ਲਾਲਚ ਦੇ ਕੇ ਪ੍ਰੇਰਿਤ ਕੀਤਾ ਜਾਂਦਾ ਸੀ।

ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀਆਈਜੀ) ਬਾਰਡਰ ਰੇਂਜ ਸੰਦੀਪ ਗੋਇਲ ਨੇ ਦੱਸਿਆ ਕਿ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਮੁਲਜ਼ਮ ਬਲਜੀਤ ਸਿੰਘ ਅਤੇ ਪ੍ਰਭ ਸਿੰਘ ਨੇ ਘਰਿੰਡਾ ਨੇੜੇ ਇੱਕ ਸਥਾਨ ਤੋਂ ਦੋ ਹੈਂਡ ਗ੍ਰਨੇਡ ਹਾਸਲ ਕੀਤੇ ਸਨ। ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਕਿ ਘਟਨਾ ਨੂੰ ਅੰਜ਼ਾਮ ਦੇਣ ਲਈ ਉਕਤ ਮੁਲਜ਼ਮਾਂ ਨੂੰ ਵੱਡੀ ਰਕਮ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਹਮਲੇ ਉਪਰੰਤ ਪਾਕਿਸਤਾਨੀ ਹੈਂਡਲਰ ਵੱਲੋਂ ਉਨ੍ਹਾਂ ਨੂੰ ਬਹੁਤ ਘੱਟ ਪੈਸੇ ਦਿੱਤੇ ਗਏ। ਕਾਰਵਾਈ ਸਬੰਧੀ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਫਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਪੁਲਿਸ ਨਾਲ ਇੱਕ ਖੁਫੀਆ ਕਾਰਵਾਈ ਵਿੱਚ ਪੁਲਿਸ ਟੀਮਾਂ ਨੇ ਥਾਣਾ ਭਿੰਡੀ ਸੈਦਾਂ ਗ੍ਰਨੇਡ ਹਮਲੇ ਦੇ ਕੇਸ ਵਿੱਚ ਸ਼ਾਮਲ ਦੋ ਮੁਲਜ਼ਮਾਂ ਨੂੰ ਫਰੀਦਕੋਟ ਤੋਂ ਗ੍ਰਿਫ਼ਤਾਰ ਕਰ ਲਿਆ ਸੀ। ਇਸ ਉਪਰੰਤ ਅੱਗੇ ਦੀ ਜਾਂਚ ਦੌਰਾਨ ਚਾਰ ਹੋਰ ਮੁਲਮਜ਼ਾਂ ਨੂੰ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ।

ਹੋਰ ਜਾਣਕਾਰੀ ਦਿੰਦਿਆਂ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਅੰਮ੍ਰਿਤਸਰ ਦਿਹਾਤੀ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਘਟਨਾ ਵਾਲੇ ਦਿਨ ਤਿੰਨੋਂ ਦੋਸ਼ੀ - ਬਲਜੀਤ ਸਿੰਘ, ਪ੍ਰਭ ਸਿੰਘ ਤੇ ਰਾਜਬੀਰ ਸਿੰਘ- ਇੱਕ ਮੋਟਰਸਾਈਕਲ 'ਤੇ ਪੁਲਿਸ ਸਟੇਸ਼ਨ ਭਿੰਡੀ ਸੈਦਾਂ ਵੱਲ ਵਧੇ। ਉਨ੍ਹਾਂ ਨੇ ਆਪਣਾ ਮੋਟਰਸਾਈਕਲ ਥਾਣੇ ਤੋਂ ਲਗਭਗ 1-2 ਕਿਲੋਮੀਟਰ ਦੂਰ ਨੇੜਲੇ ਖੇਤਾਂ ਵਿੱਚ ਖੜ੍ਹਾ ਕੀਤਾ ਅਤੇ ਖੇਤਾਂ ਵਿੱਚੋਂ ਪੈਦਲ ਚੱਲ ਕੇ ਥਾਣੇ ਦੇ ਪਿਛਲੇ ਪਾਸੇ ਪਹੁੰਚੇ।

ਉਨ੍ਹਾਂ ਅੱਗੇ ਕਿਹਾ ਕਿ ਦੋਸ਼ੀ ਬਲਜੀਤ ਸਿੰਘ ਤੇ ਪ੍ਰਭ ਸਿੰਘ ਨੇ ਪੁਲਿਸ ਥਾਣੇ 'ਤੇ ਗ੍ਰਨੇਡ ਸੁੱਟੇ, ਜਦੋਂ ਕਿ ਦੋਸ਼ੀ ਰਾਜਬੀਰ ਸਿੰਘ ਨੇ ਸਾਰੀ ਘਟਨਾ ਰਿਕਾਰਡ ਕੀਤੀ। ਹਮਲਾ ਕਰਨ ਤੋਂ ਬਾਅਦ ਦੋਸ਼ੀ ਲਗਭਗ ਤਿੰਨ ਤੋਂ ਚਾਰ ਘੰਟੇ ਤੱਕ ਖੇਤਾਂ 'ਚ ਖੜ੍ਹੀ ਕਣਕ 'ਚ ਲੁਕੇ ਰਹੇ। ਐਸਐਸਪੀ ਨੇ ਅੱਗੇ ਦੱਸਿਆ ਕਿ ਇਸ ਉਪਰੰਤ ਦੋਸ਼ੀਆਂ ਨੇ ਸਬੂਤ ਨਸ਼ਟ ਕਰਨ ਲਈ ਪੁਲਿਸ ਥਾਣੇ ਤੋਂ ਲਗਭਗ ਇੱਕ ਕਿਲੋਮੀਟਰ ਦੂਰ ਇੱਕ ਨਾਲੇ ਵਿੱਚ ਆਪਣੇ ਕੱਪੜੇ ਸੁੱਟ ਦਿੱਤੇ ਅਤੇ ਸਵੇਰੇ 5 ਵਜੇ ਦੇ ਕਰੀਬ ਆਪਣਾ ਮੋਟਰਸਾਈਕਲ ਲੈ ਕੇ ਮੌਕੇ ਤੋਂ ਭੱਜ ਗਏ। ਇਸ ਸਬੰਧ ਵਿੱਚ ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 3, 4 ਤੇ 5; ਗੈਰ-ਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ ਦੀਆਂ ਧਾਰਾਵਾਂ 13, 16, 18 ਅਤੇ 19; ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 109, 61(1), 61(2), 3 (5) ਅਤੇ 324 (4); ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਪੁਲਿਸ ਥਾਣਾ ਭਿੰਡੀ ਸੈਦਾਂ ਵਿਖੇ ਐਫਆਈਆਰ ਨੰ. 56 ਮਿਤੀ 30.03.2026 ਦਰਜ ਹੈ।






## ਸੰਤ ਅਮਨਦੀਪ ਸਿੰਘ ਤੇ ਵਰਲਡ ਸਿੱਖ ਚੈਂਬਰ ਨੇ ਖ਼ਾਲਸਾ ਸਾਜਨਾ ਦਿਵਸ ਮੌਕੇ ਮੁਫ਼ਤ ਬੂਟੇ ਵੰਡੇ



ਅੰਮ੍ਰਿਤਸਰ, 13 ਅਪ੍ਰੈਲ (ਬਬਲੂ ਮਹਾਜਨ)ਟਕਸਾਲ ਸ਼ਹੀਦ ਭਾਈ ਮਨੀ ਸਿੰਘ ਜੀ ਡੇਰਾ ਸੰਤ ਅਮੀਰ ਸਿੰਘ ਜੀ ਗਲੀ ਸੱਤੋਵਾਲੀ ਦੇ ਮੁੱਖ ਸੇਵਾਦਾਰ ਸੰਤ ਅਮਨਦੀਪ ਸਿੰਘ ਵੱਲੋਂ ਵਰਲਡ ਸਿੱਖ ਚੈਂਬਰ ਦੇ ਰਜਿੰਦਰ ਸਿੰਘ ਮਰਵਾ ਦੇ ਸਹਿਯੋਗ ਨਾਲ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਮੌਕੇ 'ਤੇ ਹੈਰੀਟੇਜ ਸਟਰੀਟ ਵਿਖੇ ਵਾਤਾਵਰਣ ਸੰਰੱਖਣ ਲਈ ਵਿਸ਼ੇਸ਼ ਉਪਰਾਲਾ ਕੀਤਾ ਗਿਆ। ਇਸ ਦੌਰਾਨ ਸੰਗਤਾਂ ਅਤੇ ਸੈਲਾਨੀਆਂ ਨੂੰ ਮੁਫ਼ਤ ਬੂਟੇ ਵੰਡੇ ਗਏ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਗਿਆਇਸ ਮੌਕੇ ਸੰਤ ਅਮਨਦੀਪ ਸਿੰਘ ਜੀ ਤੇ ਰਜਿੰਦਰ ਸਿੰਘ ਮਰਵਾ ਸੋਨੂ ਸੁਲਤਾਨਵਿੰਡ ਕਪਲ ਸਹਿਦੇਵ ਨੇ ਸੰਬੋਧਨ ਕਰਦਿਆਂ ਕਿਹਾ ਕਿ ਖਾਲਸਾ ਸਾਜਨਾ ਦਿਵਸ ਸਾਨੂੰ ਸੇਵਾ, ਸਿਮਰਨ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਹਰ ਵਿਅਕਤੀ ਨੂੰ ਆਪਣੇ ਹਿੱਸੇ ਦਾ ਯੋਗਦਾਨ ਪਾਉਣਾ ਚਾਹੀਦਾ ਹੈ।ਇਸ ਸਮਾਗਮ ਵਿੱਚ ਸਰਦਾਰ ਰਜਿੰਦਰ ਸਿੰਘ ਮਰਵਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਰਹੀਆਂ। ਸੇਵਾਦਾਰਾਂ ਵੱਲੋਂ ਲੋਕਾਂ ਨੂੰ ਬੂਟਿਆਂ ਦੀ ਸੰਭਾਲ ਬਾਰੇ ਵੀ ਜਾਣਕਾਰੀ ਦਿੱਤੀ ਗਈ ਅਤੇ ਹਰਿਆਲੀ ਵਧਾਉਣ ਦਾ ਸੰਦੇਸ਼ ਦਿੱਤਾ ਗਿਆ।ਹੈਰੀਟੇਜ ਸਟਰੀਟ 'ਤੇ ਹੋਏ ਇਸ ਉਪਰਾਲੇ ਨੂੰ ਲੋਕਾਂ ਵੱਲੋਂ ਭਰਪੂਰ ਸਰਾਹਨਾ ਮਿਲੀ ਅਤੇ ਕਈਆਂ ਨੇ ਤੁਰੰਤ ਬੂਟੇ ਲੈ ਕੇ ਉਨ੍ਹਾਂ ਨੂੰ ਲਗਾਉਣ ਦਾ ਸੰਕਲਪ ਵੀ ਕੀਤਾ।

## ਹੜ੍ਹਾਂ ਦੇ ਸੰਭਾਵੀ ਖ਼ਤਰੇ ਨੂੰ ਰੋਕਣ ਲਈ ਡੀ.ਸੀ. ਵੱਲੋਂ ਅਧਿਕਾਰੀਆਂ ਨਾਲ ਮੀਟਿੰਗ




ਅੰਮ੍ਰਿਤਸਰ, 13 ਅਪ੍ਰੈਲ ( ਬਬਲੂ ਮਹਾਜਨ ) – ਅਗਾਮੀ ਬਰਸਾਤੀ ਸੀਜ਼ਨ ਦੌਰਾਨ ਹੜ੍ਹਾਂ ਦੇ ਸੰਭਾਵੀ ਖ਼ਤਰੇ ਨੂੰ ਰੋਕਣ ਲਈ ਕੀਤੇ ਜਾਣ ਵਾਲੇ ਪ੍ਰਬੰਧ ਨੂੰ ਲੈ ਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਵੱਲੋਂ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਜਿਹੜੇ ਖੇਤਰਾਂ ਵਿੱਚ ਪਿਛਲੇ ਸਾਲ ਹੜ੍ਹ ਆਏ ਸਨ ਉਨ੍ਹਾਂ ਖੇਤਰਾਂ ਦੀ ਵਿਸ਼ੇਸ਼ ਮੈਪਿੰਗ ਕੀਤੀ ਜਾਵੇ ਅਤੇ ਹੜ੍ਹ ਰੋਕੂ ਪ੍ਰਬੰਧਾਂ ਨੂੰ ਸਮਾਂ ਰਹਿੰਦਿਆਂ ਪੂਰਾ ਕੀਤਾ ਜਾਵੇ। ਉਨ੍ਹਾਂ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਪਿਛਲੇ ਸਾਲ ਜਿੱਥੇ ਧੁੱਸੀ ਦੇ ਬੰਨਾਂ ਨੂੰ ਨੁਕਸਾਨ ਪਹੁੰਚਿਆ ਸੀ ਉਥੇ ਵਿਸ਼ੇਸ਼ ਧਿਆਨ ਦੇ ਕੇ ਉਨ੍ਹਾਂ ਬੰਨ੍ਹਾਂ ਨੂੰ ਪੂਰੀ ਤਰ੍ਹਾਂ ਮਜ਼ਬੂਤ ਕੀਤਾ ਜਾਵੇ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਸਾਰੇ ਨਾਲਿਆਂ ਨੂੰ ਵੀ ਸਮਾਂ ਰਹਿੰਦੇ ਮੁਕੰਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਦਰਿਆਵਾਂ ਵਿੱਚ ਜਿੱਥੇ ਡੀ-ਸਿਲਟਿੰਗ ਦੀ ਲੋੜ ਹੈ ਉਸ ਨੂੰ ਵੀ ਤੁਰੰਤ ਮੁਕੰਮਲ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਮਾਲ ਅਧਿਕਾਰੀ ਨੂੰ ਕਿਹਾ ਕਿ ਜਿਹੜੇ ਖੇਤਰ ਹੜ੍ਹ ਪ੍ਰਭਾਵਿਤ ਹੋਏ ਸਨ ਉਨ੍ਹਾਂ ਸਾਰੇ ਪਿੰਡਾਂ ਦੇ ਵਸਨੀਕਾਂ ਨਾਲ ਸੰਪਰਕ ਸਥਾਪਿਤ ਕਰਨ ਲਈ ਵਿਸ਼ੇਸ਼ ਪਲਾਨ ਤਿਆਰ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚੋਂ ਲੰਘਦੀਆਂ ਪ੍ਰਮੁੱਖ ਤੇ ਲਿੰਕ ਸੜਕਾਂ ਤੇ ਬਣੇ ਹੋਏ ਪੁਲਾਂ ਤੇ ਪੁਲੀਆਂ ਦੀ ਸਫਾਈ ਵੀ ਯਕੀਨੀ ਬਣਾਈ ਜਾਵੇ। ਉਨ੍ਹਾਂ ਐਸ.ਡੀ.ਐਮਜ਼ ਨੂੰ ਵੀ ਨਿਰਦੇਸ਼ ਦਿੱਤੇ ਕਿ ਉਹ ਸਫਾਈ ਦੇ ਕੰਮ ਦੀ ਖੁਦ ਨਿਗਰਾਨੀ ਕਰਨ ਅਤੇ ਜ਼ਿਲ੍ਹੇ ਵਿੱਚੋਂ ਲੰਘਦੀਆਂ ਸਾਰੀਆਂ ਡਰੇਨਾਂ, ਚੋਆਂ ਆਦਿ ਦੀ ਸਫਾਈ ਦੇ ਕੰਮ ਨੂੰ ਪਹਿਲ ਦੇ ਆਧਾਰ ਤੇ ਮੁਕੰਮਲ ਕਰਵਾਇਆ ਜਾਵੇ ਤਾਂ ਜੋ ਬਰਸਾਤ ਦੇ ਮੌਸਮ ਵਿੱਚ ਪਾਣੀ ਦੀ ਨਿਕਾਸੀ ਨਿਰਵਿਘਨ ਹੋ ਸਕੇ।ਉਹਨਾਂ ਨੇ ਨਗਰ ਨਿਗਮ ਦੇ ਕਮਿਸ਼ਨਰ ਅਤੇ ਨਗਰ ਕੌਂਸਲਾਂ ਦੇ ਕਾਰਜ ਸਾਧਕ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਕਿ ਸ਼ਹਿਰੀ ਖੇਤਰਾਂ ਦੀਆਂ ਸਟਰੋਮ ਡਰੇਨਾਂ ਨੂੰ ਸਾਫ ਕੀਤਾ ਜਾਵੇ ਅਤੇ ਨਗਰ ਨਿਗਮ ਤੇ ਨਗਰ ਕੌਂਸਲਾਂ ਦੀਆਂ ਹੱਦਾਂ ਵਿੱਚੋਂ ਲੰਘਦੇ ਨਿਕਾਸੀ ਨਾਲਿਆਂ ਨੂੰ ਵੀ ਸਾਫ਼ ਕੀਤਾ ਜਾਵੇ। ਇਸ ਦੇ ਨਾਲ ਨਾਲ ਸਾਰੇ ਪੰਪਿੰਗ ਸੈਟਾਂ ਨੂੰ ਵੀ ਚਾਲੂ ਹਾਲਤ ਵਿੱਚ ਤਿਆਰ ਰੱਖਿਆ ਜਾਵੇ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਸਬੰਧਤ ਅਧਿਕਾਰੀਆਂ ਨੂੰ ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਲੋੜੀਂਦਾ ਸਮਾਨ, ਕਿਸ਼ਤੀਆਂ, ਚੱਪੂ, ਲਾਈਫ ਜੈਕਟਾਂ, ਟੈਂਟ, ਬਾਂਸ, ਪੌਲੀਥੀਨ ਸ਼ੀਟਾਂ, ਤਰਪਾਲਾਂ ਅਤੇ ਸਰਚ ਲਾਈਟਾਂ ਦਾ ਪ੍ਰਬੰਧ ਕਰਨ ਲਈ ਵੀ ਕਿਹਾ। ਉਨ੍ਹਾਂ ਨੇ ਜ਼ਿਲ੍ਹਾ ਖੁਰਾਕ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਕਿਸੇ ਵੀ ਅਣਸੁਖਾਵੀਂ ਘਟਨਾ ਮੌਕੇ ਖਾਣ ਪੀਣ ਦੇ ਸਮਾਨ ਦਾ ਪ੍ਰਬੰਧ ਕਰਨ ਲਈ ਕਿਹਾ। ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਬਰਸਾਤ ਦੇ ਮੌਸਮ ਤੋਂ ਪਹਿਲਾਂ ਬਿਮਾਰੀਆਂ ਫੈਲਣ ਤੋਂ ਰੋਕਣ ਲਈ ਪੁਖ਼ਤਾ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਗਏ।ੁਨ੍ਹਾਂ ਕਿਹਾ ਕਿ ਹੜ੍ਹ ਆਉਣ ਦੀ ਸਥਿਤੀ ਵਿੱਚ ਪ੍ਰਭਾਵਤ ਵਿਅਕਤੀਆਂ ਨੂੰ ਠਹਿਰਾਉਣ ਲਈ ਢੁਕਵੀਆਂ ਸਰਕਾਰੀ ਬਿਲਡਿੰਗਾਂ ਦੀ ਅਗੇਤੇ ਹੀ ਪਛਾਣ ਕਰਨ ਲਈ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਗਿਆ। ਉਨ੍ਹਾਂ ਨੇ ਵਣ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਬਰਸਾਤੀ ਪਾਣੀ ਦੇ ਨਿਕਾਸ ਵਿੱਚ ਰੁਕਾਵਟ ਪਾਉਣ ਵਾਲੇ ਦਰਖ਼ਤਾਂ ਸਬੰਧੀ ਸਮੱਸਿਆ ਦਾ ਹੱਲ ਯਕੀਨੀ ਬਣਾਇਆ ਜਾਵੇ।

## ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਦੀਆਂ ਲੱਖ ਲੱਖ ਵਧਾਈਆਂ.

ਦੀਨਾਨਗਰ 13 ਅਪ੍ਰੈਲ (ਡਾ.ਰਮੇਸ਼ ਸਰੰਗਲ ) ਐਡਵੋਕੇਟ ਸੁੱਖਰਾਜ ਥਾਪਰ, ਪ੍ਰਧਾਨ ਸ੍ਰੀ ਗੁਰੂ ਰਵਿਦਾਸ ਪ੍ਰਕਾਸ ਉਤਸਵ ਸਭਾ ਦੀਨਾਨਗਰ ਅਤੇ ਲੀਗਲ ਐਡਵਾਈਜ਼ਰ ਸ੍ਰੀ ਗੁਰੂ ਰਵਿਦਾਸ ਟਾਈਗਰ ਫੋਰਸ ਪੰਜਾਬ ਵੱਲੋਂ ਸਮੂਹ ਮਾਨਵਤਾ ਨੂੰ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਉ ਅੰਬੇਡਕਰ ਜੀ ਦੇ ਜਨਮ ਦਿਹਾੜੇ ਦੀਆ ਇਲਾਕਾ ਨਿਵਾਸੀਆ ਨੂੰ ਬਹੁਤ ਬਹੁਤ ਮੁਬਾਰਕਾਂ ਦਿੱਤੀਆਂ ਹਨ । ਇਸ ਮੌਕੇ ਤੇ ਉਨ੍ਹਾਂ ਸਮੁੱਚੇ ਜਗਤ ਵਿੱਚ ਮਾਨਵਤਾ ਨੂੰ ਪਿਆਰ ਕਰਨ ਵਾਲੇ ਸਾਥੀਆਂ ਨੂੰ ਇਹ ਅਪੀਲ ਕੀਤੀ ਕਿ ਬਾਬਾ ਸਾਹਿਬ ਨੇ ਸਾਡੇ ਮਹਾਨ ਦੇਸ ਭਾਰਤ ਨੂੰ ਜੋ ਇਕ ਮਹਾਨ ਸੰਵਿਧਾਨ ਲਿੱਖ ਕੇ ਭਾਰਤ ਦੇ ਹਰ ਇਕ ਨਾਗਰਿਕ ਨੂੰ ਬਰਾਬਰ ਅਜਾਦੀ ਦੇ ਅਧਿਕਾਰ ਦਿੱਤੇ ਹਨ ਅਸੀ ਉਹਨਾਂ ਦੁਆਰਾ ਲਿਖੇ ਗਏ ਸੰਵਿਧਾਨ ਤੇ ਚਲਦੇ ਹੋਏ ਆਪਸੀ ਭਾਈਚਾਰਾ ਕਾਇਮ ਕਰੀਏ। ਥਾਪਰ ਨੇ ਕਿਹਾ ਕਿ ਬਾਬਾ ਸਾਹਿਬ ਜੀ ਨੇ ਭਾਰਤ ਦਾ ਸੰਵਿਧਾਨ ਲਿਖ ਕੇ ਹਰ ਇੱਕ ਨੂੰ ਪੜਨ ਲਿਖਣ ਦਾ ਅਧਿਕਾਰ ਦਿੱਤਾ, ਬੋਲਣ ਦੀ ਅਜਾਦੀ ਦਿੱਤੀ, ਨੌਕਰੀਆਂ ਵਿੱਚ ਬਰਾਬਰ ਦੇ ਅਧਿਕਾਰ ਦਿੱਤੇ, ਉਹਨਾਂ ਨੇ ਔਰਤਾ ਨੂੰ ਮਰਦਾਂ ਦੇ ਬਰਾਬਰ ਵੋਟ ਪਾਉਣ ਦਾ ਅਧਿਕਾਰ ਦਿੱਤਾ, ਔਰਤਾ ਨੂੰ ਪ੍ਰਾਪਰਟੀ ਰੱਖਣ ਦਾ ਅਧਿਕਾਰ ਦਿੱਤਾ, ਔਰਤਾਂ ਨੂੰ ਨੌਕਰੀ ਕਰਨ ਦਾ ਅਧਿਕਾਰ ਦਿੱਤਾ ਇਥੋਂ ਤੱਕ ਕੀ ਓਹਨਾ ਨੇ ਜਾਨਵਰਾ ਅਤੇ ਪਸ਼ੂ ਪੰਛੀਆਂ ਲਈ ਵੀ ਕਾਨੂੰਨ ਬਣਾਇਆ ਅਤੇ ਅੱਜ ਜਰੂਰਤ ਹੈ ਉਹਨਾਂ ਦੇ ਦੱਸੇ ਹੋਏ ਰਸਤੇ ਤੇ ਚਲਣ ਦੀ ਉਨ੍ਹਾਂ ਕਿਹਾ



ਕਿ ਬਾਬਾ ਸਾਹਿਬ ਅਕਸਰ ਹੀ ਕਿਹਾ ਕਰਦੇ ਸਨ ਪੜ੍ਹੋ ਜੁੜੋ ਅਤੇ ਸੰਘਰਸ਼ ਕਰੋ ਮਤਲਬ ਬਿਨਾਂ ਪੜਾਈ ਦੇ ਤੁਸੀ ਆਪਣੇ ਹੱਕ ਨਹੀ ਜਾਣ ਸਕਦੇ ਅਤੇ ਫੇਰ ਆਪਸ ਵਿਚ ਜੁੜ ਕੇ ਆਪਣੇ ਹੱਕਾਂ ਲਈ ਸੰਘਰਸ਼ ਕਰੋ । ਬਾਬਾ ਸਾਹਿਬ ਜੀ ਨੇ ਮਜ਼ਦੂਰ ਵਰਗ ਲਈ ਲੇਬਰ ਲਾਅ ਬਣਾਇਆ ਅਤੇ ਮਜਦੂਰਾਂ ਨੂੰ 12 ਘੰਟੇ ਕੰਮ ਕਰਨ ਦੀ ਬਜਾਏ 8 ਘੰਟੇ ਕੰਮ ਕਰਨ ਦਾ ਸਮਾ ਨਿਸ਼ਚਿਤ ਕੀਤਾ ਉਨ੍ਹਾਂ ਦੱਸਿਆ ਕਿ ਬਾਬਾ ਸਾਹਿਬ ਕਿਹਾ ਕਰਦੇ ਸਨ ਕਿ ਇਕ ਰੋਟੀ ਘਟ ਖਾ ਲੈਣਾ ਪਰ ਅਪਣੇ ਬੱਚਿਆ ਨੂੰ ਜਰੂਰ ਪੜਾਉਣਾ ਉਹਨਾਂ ਦਾ ਕਹਿਣਾ ਸੀ ਕਿ ਤੁਹਾਡੇ ਕੋਲ ਭਾਵੇਂ ਕੁਝ ਵੀ ਨਾ ਹੋਵੇ ਪਰ ਤੁਹਾਡੇ ਹੱਥ ਵਿੱਚ ਕਿਤਾਬ ਜਰੂਰ ਹੋਣੀ ਚਾਹੀਦੀ ਹੈ ਆਉ ਅਸੀਂ ਵੀ ਸਾਰੇ ਅੱਜ ਦੇ ਦਿਨ ਉਸ ਮਹਾਨ ਰਹਿਬਰ ਨੂੰ ਯਾਦ ਕਰਦੇ ਹੋਏ ਉਹਨਾਂ ਦੇ ਦੱਸੇ ਹੋਏ ਰਸਤੇ ਤੇ ਚੱਲ ਕੇ ਇਸ ਮਹਾਨ ਭਾਰਤ ਦੇਸ ਦੀ ਤਰੱਕੀ ਵਿੱਚ ਆਪਣਾ ਆਪਣਾ ਯੋਗਦਾਨ ਪਾਈਏ।

## ਕਣਕ ਦਾ ਝਾੜ ਘੱਟ ਹੋਣ ਕਾਰਨ ਕਿਸਾਨਾਂ ਨੂੰ ਦੋਹਰਾ ਨੁਕਸਾਨ ਨਾਗਰਾ ਵੱਲੋਂ 500 ਰੁਪਏ ਪ੍ਰਤੀ ਕੁਇੰਟਲ ਬੋਨਸ ਦੀ ਮੰਗ



ਫ਼ਤਿਹਗੜ੍ਹ ਸਾਹਿਬ,13 ਅਪ੍ਰੈਲ (ਨਰਿੰਦਰ ਸਿੰਘ) ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਵੱਲੋਂ ਫ਼ਤਿਹਗੜ੍ਹ ਸਾਹਿਬ ਦੀਆਂ ਵੱਖ-ਵੱਖ ਮੰਡੀਆ ਦੌਰਾ ਕਰਦਿਆ ਕਿਹਾ ਹੈ ਕਿ ਇਸ ਸਾਲ ਕਣਕ ਦੀ ਫਸਲ ਦਾ ਝਾੜ ਘੱਟ ਹੋਣ ਕਾਰਨ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਕੋਲੋਂ ਤੁਰੰਤ ਮੰਗ ਕੀਤੀ ਹੈ ਕਿ ਕਿਸਾਨਾਂ ਨੂੰ ਰਾਹਤ ਦੇਣ ਲਈ 500 ਰੁਪਏ ਪ੍ਰਤੀ ਕੁਇੰਟਲ ਵਿਸ਼ੇਸ਼ ਬੋਨਸ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿੱਚ ਵੀ ਕਿਸਾਨਾਂ ਦੀ ਝੋਨੇ ਦੀ ਫਸਲ ਘੱਟ ਰਹੀ ਸੀ ਅਤੇ ਹੜ੍ਹਾਂ ਕਾਰਨ ਵੱਡਾ ਨੁਕਸਾਨ ਹੋਇਆ ਸੀ, ਪਰ ਉਸ ਵੇਲੇ ਵੀ ਸਰਕਾਰਾਂ ਵੱਲੋਂ ਕਿਸਾਨਾਂ ਲਈ ਕੋਈ ਖਾਸ ਰਾਹਤ ਨਹੀਂ ਦਿੱਤੀ ਗਈ।ਸ:ਨਾਗਰਾ ਨੇ ਦੱਸਿਆ ਕਿ ਇਸ ਸਾਲ ਮੌਸਮ ਵਿੱਚ ਆਈ ਅਚਾਨਕ ਤਬਦੀਲੀ—ਅਣਸਮੇਂ ਮੀਂਹ, ਤਾਪਮਾਨ ਵਿੱਚ ਉਤਾਰ-ਚੜ੍ਹਾਅ ਅਤੇ ਤੇਜ਼ ਹਵਾਵਾਂ—ਕਾਰਨ ਕਣਕ ਦੀ ਫਸਲ ਦੇ ਝਾੜ 'ਤੇ ਨਕਾਰਾਤਮਕ ਅਸਰ ਪਿਆ ਹੈ। ਉਨ੍ਹਾਂ ਅਨੁਸਾਰ ਫਸਲ ਦੀ ਉਪਜ 25% ਤੋਂ 30% ਤੱਕ ਘੱਟ ਰਹੀ ਹੈ, ਜਿਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵੱਡੀ ਕਮੀ ਆਈ ਹੈ।ਉਨ੍ਹਾਂ ਕਿਹਾ ਕਿ ਇਸ ਘਟੇ ਝਾੜ ਨਾਲ ਕਿਸਾਨਾਂ ਨੂੰ ਦੋਹਰਾ ਨੁਕਸਾਨ ਹੋ ਰਿਹਾ ਹੈ—ਇੱਕ ਪਾਸੇ ਉਪਜ ਘੱਟ ਹੋਈ ਹੈ ਅਤੇ ਦੂਜੇ ਪਾਸੇ ਲਾਗਤਾਂ ਲਗਾਤਾਰ ਵੱਧ ਰਹੀਆਂ ਹਨ। ਕਿਸਾਨ ਪਹਿਲਾਂ ਹੀ ਕਰਜ਼ੇ ਦੇ ਬੋਝ ਹੇਠ ਦਬਿਆ ਹੋਇਆ ਹੈ ਅਤੇ ਆਪਣੀ ਮਿਹਨਤ ਦਾ ਪੂਰਾ ਮੁੱਲ ਨਹੀਂ ਪ੍ਰਾਪਤ ਕਰ ਪਾ ਰਿਹਾ।ਉਨ੍ਹਾਂ ਅੱਗੇ ਕਿਹਾ ਕਿ ਕਿਸਾਨ ਦੇਸ਼ ਦਾ ਅੰਨਦਾਤਾ ਹੈ ਅਤੇ ਦੇਸ਼ ਦੀ ਅੰਨ ਸੁਰੱਖਿਆ ਦੀ ਰੀੜ੍ਹ ਦੀ ਹੱਡੀ ਹੈ, ਇਸ ਲਈ ਸਰਕਾਰਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਸ ਮੁਸ਼ਕਲ ਘੜੀ ਵਿੱਚ ਕਿਸਾਨਾਂ ਦੀ ਬਾਂਹ ਫੜਨ।ਸ:ਨਾਗਰਾ ਨੇ ਮੰਗ ਕੀਤੀ ਕਿ ਕਿਸਾਨਾਂ ਨੂੰ ਤੁਰੰਤ ਰਾਹਤ ਦੇਣ ਲਈ 500 ਰੁਪਏ ਪ੍ਰਤੀ ਕੁਇੰਟਲ ਬੋਨਸ ਜਾਰੀ ਕੀਤਾ ਜਾਵੇ ਤਾਂ ਜੋ ਉਹਨਾਂ ਨੂੰ ਹੋ ਰਹੇ ਆਰਥਿਕ ਨੁਕਸਾਨ ਦੀ ਭਰਪਾਈ ਕੀਤੀ ਜਾ ਸਕੇ।ਸ:ਨਾਗਰਾ ਨੇ ਇਹ ਵੀ ਕਿਹਾ ਕਿ ਮੰਡੀਆਂ ਵਿੱਚ ਸੁਚੱਜੇ ਪ੍ਰਬੰਧ ਯਕੀਨੀ ਬਣਾਏ ਜਾਣ, ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਦੌਰਾਨ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਖਰੀਦ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਅਦਾਇਗੀਆਂ ਸਮੇਂ 'ਤੇ ਕਰਨ ਦੀ ਵੀ ਮੰਗ ਕੀਤੀ।ਇਸ ਮੌਕੇ ਬਲਾਕ ਪ੍ਰਧਾਨ ਗੁਰਮੁੱਖ ਸਿੰਘ ਪੰਡਰਾਲੀ, ਸਾਬਕਾ ਸਰਪੰਚ ਦਵਿੰਦਰ ਸਿੰਘ ਜੱਲਾ, ਸਾਬਕਾ ਬਲਾਕ ਸੰਮਤੀ ਮੈਂਬਰ ਬਹਾਦਰ ਸਿੰਘ ਸਾਨੀਪੁਰ,ਆੜ੍ਹਤੀ ਰਾਜਵੀਰ ਸਿੰਘ ਰਾਜਾ, ਗੁਰਭੇਜ ਸਿੰਘ ਰਾਏ,ਸੰਜੂ ਰੁੜਕੀ,ਪਰਵਿੰਦਰ ਸਿੰਘ ਸਿੱਧੂਵਾਲ,ਗੁਰਵੀਰ ਸਿੰਘ ਰੁੜਕੀ,ਕੁਲਵੀਰ ਸਿੰਘ ਤਿੰਬਰਪੁਰ,ਬਹਾਦਰ ਸਿੰਘ,ਗੁਰਪ੍ਰੀਤ ਸਿੰਘ, ਆੜ੍ਹਤੀ ਜਗਦੀਪ ਸਿੰਘ,ਮੇਵਾ ਸਿੰਘ, ਦੇਵ ਸਿੰਘ,ਸੁਖਭੇਜ ਸਿੰਘ, ਰਣਜੀਤ ਸਿੰਘ, ਮਹਿੰਦਰ ਸਿੰਘ,ਰਨਵੀਰ ਸਿੰਘ, ਗੁਰਜੀਤ ਸਿੰਘ, ਲਖਵੀਰ ਸਿੰਘ, ਭੁਪਿੰਦਰ ਸਿੰਘ,ਪ੍ਰਗਟ ਸਿੰਘ ਬੱਬੂ ਤੇ ਹੋਰ ਆੜ੍ਹਤੀ ,ਸੁਖਭੇਜ ਸਿੰਘ, ਰਣਜੀਤ ਸਿੰਘ, ਮਹਿੰਦਰ ਸਿੰਘ,ਰਨਵੀਰ ਸਿੰਘ, ਗੁਰਜੀਤ ਸਿੰਘ, ਲਖਵੀਰ ਸਿੰਘ, ਭੁਪਿੰਦਰ ਸਿੰਘ,ਤੇ ਕਿਸਾਨ ਤੇ ਮਜਦੂਰ ਹਾਜ਼ਰ ਸਨ।

## ਜਾਗਤ ਜੋਤ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਨੂੰ ਹੋਵੇਗੀ ਸਖ਼ਤ ਸਜਾ : ਵਿਧਾਇਕ ਰਾਏ



ਫਤਿਹਗੜ੍ਹ ਸਾਹਿਬ 13 ਅਪ੍ਰੈਲ (ਨਰਿੰਦਰ ਸਿੰਘ) 13 ਅਪ੍ਰੈਲ 1699 ਨੂੰ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਾਜਨਾ ਕਰਕੇ ਇੱਕ ਇਤਿਹਾਸ ਰਚਿਆ ਸੀ। ਉਸੇ ਤਰ੍ਹਾਂ 13 ਅਪ੍ਰੈਲ 2026 ਨੂੰ ਪੰਜਾਬ ਸਰਕਾਰ ਨੇ ਵਿਧਾਨ ਸਭਾ ਦਾ ਸਪੈਸ਼ਲ ਇਜਲਾਸ ਬੁਲਾ ਕੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਵਿੱਚ ਬੇਅਦਬੀਆਂ ਦੇ ਖਿਲਾਫ ਸਖ਼ਤ ਕਾਨੂੰਨ ਲਿਆਂਦਾ ਹੈ। ਹੁਣ ਕੋਈ ਵੀ ਵਿਅਕਤੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਬਾਰੇ ਸੋਚੇਗਾ ਵੀ ਨਹੀਂ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹ ਇਤਿਹਾਸਿਕ ਕਦਮ ਚੁੱਕਿਆ ਗਿਆ ਹੈ ਤਾਂ ਜੋ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨੂੰ ਬਹਾਲ ਰੱਖਿਆ ਜਾ ਸਕੇ ਅਤੇ ਨਾਨਕ ਨਾਮ ਲੇਵਾ ਸੰਗਤਾਂ ਦੀ ਮੰਗ ਨੂੰ ਪੂਰਾ ਕੀਤਾ ਜਾ ਸਕੇ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ 2026 ਸਰਬ ਸੰਮਤੀ ਦੇ ਨਾਲ ਪਾਸ ਕੀਤਾ ਹੈ। ਕਾਨੂੰਨ ਦੀ ਉਲੰਘਣਾ ਕਰਨ ਵਾਲੇ ਨੂੰ ਪੰਜ ਸਾਲ ਦੀ ਕੈਦ 10 ਲੱਖ ਰੁਪਏ ਜੁਰਮਾਨਾ ਹੋਵੇਗਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਦੀ ਬੇਅਦਬੀ ਕਰਨ ਵਾਲੇ ਨੂੰ 7 ਸਾਲ ਤੋਂ 20 ਸਾਲ ਤੱਕ ਦੀ ਸਜ਼ਾ ਦਾ ਪ੍ਰਵਧਾਨ ਹੈ, 2 ਲੱਖ ਤੋਂ 10 ਲੱਖ ਰੁਪਏ ਤੱਕ ਦਾ ਜੁਰਮਾਨਾ ਹੋਵੇਗਾ।

## ਵਿਧਾਇਕ ਰਾਏ ਨੇ ਪਿੰਡ ਲਟੌਰ ਵਿਖੇ ਚੰਗੇ ਨੰਬਰ ਲੈਣ ਵਾਲੇ ਵਿਦਿਆਰਥੀਆਂ ਦਾ ਕੀਤਾ ਸਨਮਾਨ



ਫ਼ਤਹਿਗੜ੍ਹ ਸਾਹਿਬ 13 ਅਪ੍ਰੈਲ (ਨਰਿੰਦਰ ਸਿੰਘ ) ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਸਰਕਾਰੀ ਹਾਈ ਸਕੂਲ ਲਟੌਰ ਵਿਖੇ ਚੰਗੇ ਨੰਬਰ ਲੈਣ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਵਿਧਾਇਕ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਸਿੱਖਿਆ ਖੇਤਰ ਵਿੱਚ ਇਤਿਹਾਸਕ ਫੈਸਲੇ ਕੀਤੇ ਹਨ, ਜਿਸਦੇ ਨਤੀਜਿਆਂ ਵੱਜੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਸਿੱਖਿਆ ਦੇ ਖੇਤਰ ਵਿੱਚ ਮੱਲਾਂ ਮਾਰ ਰਹੇ ਹਨ। ਪੰਜਾਬ ਸਰਕਾਰ ਨੇ 2022 ਤੋਂ 2026 ਤੱਕ ਸਿੱਖਿਆ ਲਈ ਲਗਭਗ 85 ਤੋਂ 90 ਹਜ਼ਾਰ ਕਰੋੜ ਰੁਪਏ ਦਾ ਬਜਟ ਰੱਖਿਆ। ਹਰ ਸਾਲ ਸਿੱਖਿਆ ਲਈ ਕਰੀਬ 20 ਤੋਂ 25 ਹਜ਼ਾਰ ਕਰੋੜ ਰੁਪਏ ਖਰਚ ਕੀਤੇ ਗਏ। ਵਿਧਾਇਕ ਰਾਏ ਨੇ ਕਿਹਾ ਕਿ ਇਸ ਬਜਟ ਵਿੱਚ ਵੀ ਸਕੂਲਾਂ ਨੂੰ ਬੁਨਿਆਦੀ ਢਾਂਚੇ ਸਮੇਤ ਸਕੂਲਾਂ ਦੀ ਨੁਹਾਰ ਬਦਲਣ ਲਈ ਫੰਡ ਜਾਰੀ ਕੀਤੇ ਗਏ, ਜਿਸ ਨਾਲ ਨਵੇਂ ਕਮਰੇ ਬਣੇ ਅਤੇ ਪੁਰਾਣੀਆਂ ਇਮਾਰਤਾਂ ਦੀ ਸੁਧਾਰ ਕੀਤਾ ਗਿਆ। ਸਮਾਰਟ ਕਲਾਸਰੂਮ ਅਤੇ ਲਾਇਬ੍ਰੇਰੀਆਂ, ਲੈਬੋਰਟਰੀਆਂ ਅਤੇ ਖੇਡ ਸਹੂਲਤਾਂ ਲਈ ਵੀ ਖਾਸ ਫੰਡ ਜਾਰੀ ਹੋਏ। ਇਸ ਤੋਂ ਇਲਾਵਾ ਸਕੂਲ ਆਫ ਐਮੀਨੈਂਸ ਲਈ ਵੀ ਵੱਖਰਾ ਬਜਟ ਰੱਖਿਆ ਗਿਆ। ਅਧਿਆਪਕਾਂ ਦੀ ਸਿਖਲਾਈ 'ਤੇ ਵੀ ਖਾਸ ਧਿਆਨ ਦਿੱਤਾ ਗਿਆ। ਇਹ ਸਾਰੇ ਕਦਮ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਅਤੇ ਆਧੁਨਿਕ ਬਣਾਉਣ ਵੱਲ ਇੱਕ ਵੱਡੀ ਉਪਲੱਬਧੀ ਸਾਬਤ ਹੋ ਰਹੇ। ਉਨਾ ਕਿਹਾ ਕਿ ਅੱਜ ਪੰਜਾਬ ਦੇ ਸਾਰੇ ਸਰਕਾਰੀ ਸਕੂਲ ਵਧੀਆ ਬਣ ਚੁੱਕੇ ਹਨ, ਜਿੱਥੇ ਵਿਦਿਆਰਥੀਆਂ ਦੀ ਸਿੱਖਿਆ ਵੱਲ ਖਾਸ ਧਿਆਨ ਦਿੱਤਾ ਜਾਂਦਾ ਹੈ। ਇਸ ਲਈ ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਦੇ ਵਿੱਚ ਦਾਖਲ ਕਰਵਾਉਣ। ਉਹਨਾਂ ਸੂਬਾ ਵਾਸੀਆਂ ਨੂੰ ਵਿਸਾਖੀ ਦੇ ਦਿਹਾੜੇ ਦੀਆਂ ਵਧਾਈਆਂ ਵੀ ਦਿੱਤੀਆਂ ਅਤੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਖਿਲਾਫ ਬਣਾਏ ਗਏ ਕਾਨੂੰਨ ਲਈ ਵੀ ਮੁਬਾਰਕਬਾਦ ਦਿੱਤੀ।ਇਸ ਮੌਕੇ ਸਰਪੰਚ ਰੋਹਿਤ ਸਿੰਗਲਾ, ਸਾਬਕਾ ਸਰਪੰਚ ਹਰਨੇਕ ਸਿੰਘ, ਰਣਜੀਤ ਸਿੰਘ, ਬਹਾਦਰ ਅਲੀ, ਬਲਜੀਤ ਸਿੰਘ, ਰਣਧੀਰ ਸਿੰਘ, ਅਧਿਆਪਕ ਦਰਬਾਰਾ ਸਿੰਘ, ਸਟੇਟ ਅਵਾਰਡੀ ਨੌਰੰਗ ਸਿੰਘ, ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ ਬਿੱਟਾ, ਸਤੀਸ਼ ਲਟੋਰ, ਗੁਰਮੀਤ ਸਿੰਘ, ਗਿਆਨੀ ਸੁਖਦੇਵ ਸਿੰਘ, ਗਿਆਨ ਸਿੰਘ, ਮੁੱਖ ਅਧਿਆਪਕ ਦਲਵਾਰਾ ਸਿੰਘ, ਅਧਿਆਪਕ ਰੂਬੀ ਖੁੱਲਰ, ਅਧਿਆਪਕਾ ਰੀਟਾ ਅਤੇ ਬੱਚਿਆਂ ਦੇ ਮਾਪੇ ਵੱਧ ਚੜ ਕੇ ਪਹੁੰਚੇ।




## ਸ਼ਿਵਾਲਿਕ ਮਾਡਲ ਸਕੂਲ ਨੇ ਪ੍ਰਾਪਤ ਕੀਤੇ ਰਾਜ ਪੱਧਰੀ ਸਥਾਨ



ਜਗਰਾਉਂ: 13 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ)-ਸ਼ਿਵਾਲਿਕ ਮਾਡਲ ਸਕੂਲ, ਜਗਰਾਉਂ ਦੇ ਅੱਠਵੀਂ ਜਮਾਤ ਦੇ ਸ਼ਾਨਦਾਰ ਨਤੀਜੇ।ਨਤੀਜੇ ਦੇ ਐਲਾਨ ਤੋਂ ਪਹਿਲਾਂ, ਸਾਰੇ ਅਧਿਆਪਕਾਂ, ਮਾਪਿਆਂ, ਵਿਦਿਆਰਥੀਆਂ ਅਤੇ ਸਮੂਹ ਮੈਂਬਰਾਂ ਨੂੰ ਵ੍ਰਿੰਦਾਵਨ ਵਿੱਚ ਵਾਪਰੀ ਘਟਨਾ ਲਈ ਦੋ ਮਿੰਟ ਦਾ ਮੌਨ ਰੱਖਣ ਦੀ ਬੇਨਤੀ ਕੀਤੀ ਗਈ। ਇਸ ਘਟਨਾ ਵਿੱਚ ਸਾਡੇ ਸਕੂਲ ਦੇ ਦੋ ਸਾਬਕਾ ਵਿਦਿਆਰਥੀਆਂ ਦੀ ਵੀ ਜਾਨ ਚਲੀ ਗਈ ਸੀ।ਸ਼ਿਵਾਲਿਕ ਮਾਡਲ ਸਕੂਲ, ਜਗਰਾਉਂ ਦੀ ਅੱਠਵੀਂ ਜਮਾਤ ਦਾ ਨਤੀਜਾ ਕੱਲ੍ਹ ਐਲਾਨਿਆ ਗਿਆ ਸੀ, ਜੋ ਕਿ ਬਹੁਤ ਹੀ ਸ਼ਾਨਦਾਰ ਰਿਹਾ। ਵਿਦਿਆਰਥੀਆਂ ਨੇ ਆਪਣੀ ਵਧੀਆ ਕਾਰਗੁਜ਼ਾਰੀ ਨਾਲ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ।ਵਿਦਿਆਰਥਣ ਰਵਨੀਤ ਕੌਰ ਨੇ 600 ਵਿੱਚੋਂ 597 ਅੰਕ (99.50%) ਪ੍ਰਾਪਤ ਕਰਕੇ ਪੰਜਾਬ ਵਿੱਚ ਤੀਜਾ, ਜ਼ਿਲ੍ਹੇ ਵਿੱਚ ਪਹਿਲਾ ਅਤੇ ਜਗਰਾਉਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਗੁਰਨੂਰ ਕੌਰ ਨੇ 600 ਵਿੱਚੋਂ 585 ਅੰਕ (97.50%) ਪ੍ਰਾਪਤ ਕਰਕੇ ਜਗਰਾਉਂ ਵਿੱਚ ਤੀਜਾ, ਪੰਜਾਬ ਵਿੱਚ 15ਵਾਂ ਅਤੇ ਜ਼ਿਲ੍ਹੇ ਵਿੱਚ 9ਵਾਂ ਸਥਾਨ ਹਾਸਲ ਕੀਤਾ।ਸਾਨਵੀ ਕੌਸ਼ਲ ਨੇ 600 ਵਿੱਚੋਂ 584 ਅੰਕ (97.33%) ਪ੍ਰਾਪਤ ਕਰਕੇ ਪੰਜਾਬ ਵਿੱਚ 16ਵਾਂ, ਜਗਰਾਉਂ ਵਿੱਚ ਚੌਥਾ ਅਤੇ ਜ਼ਿਲ੍ਹੇ ਵਿੱਚ 10ਵਾਂ ਰੈਂਕ ਹਾਸਲ ਕੀਤਾ।ਤਨਵੀਰ ਕੌਰ ਨੇ 600 ਵਿੱਚੋਂ 583 ਅੰਕ (97.16%) ਪ੍ਰਾਪਤ ਕਰਕੇ ਜ਼ਿਲ੍ਹੇ ਵਿੱਚ 11ਵਾਂ ਅਤੇ ਜਗਰਾਉਂ ਵਿੱਚ 5ਵਾਂ ਸਥਾਨ ਹਾਸਲ ਕੀਤਾ।97.33 ਪ੍ਰਤੀਸ਼ਤ ਅੰਕਾਂ ਨਾਲ ਪੰਜਾਬ ਵਿੱਚ 16ਵਾਂ ਸਥਾਨ, ਜਗਰਾਉਂ ਵਿੱਚ ਚੌਥਾ ਅਤੇ ਜ਼ਿਲ੍ਹੇ ਵਿੱਚ 10ਵਾਂ ਰੈਂਕ ਹਾਸਲ ਕੀਤਾ। ਤਨਵੀਰ ਕੌਰ ਨੇ 600 ਵਿੱਚੋਂ 583 ਅੰਕ ਪ੍ਰਾਪਤ ਕੀਤੇ। 97.16 ਪ੍ਰਤੀਸ਼ਤ ਅੰਕਾਂ ਨਾਲ ਉਸਨੇ ਜ਼ਿਲ੍ਹੇ ਵਿੱਚ 11ਵਾਂ ਅਤੇ ਜਗਰਾਉਂ ਵਿੱਚ 5ਵਾਂ ਸਥਾਨ ਹਾਸਲ ਕੀਤਾ।ਅੱਠਵੀਂ ਜਮਾਤ ਦੇ ਕੁੱਲ 37 ਵਿਦਿਆਰਥੀਆਂ ਵਿੱਚੋਂ 10 ਵਿਦਿਆਰਥੀਆਂ ਨੇ 90% ਤੋਂ ਵੱਧ ਅਤੇ 11 ਵਿਦਿਆਰਥੀਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ। ਸਾਰੇ ਵਿਦਿਆਰਥੀਆਂ ਨੇ ਵਧੀਆ ਪ੍ਰਦਰਸ਼ਨ ਕੀਤਾ ਅਤੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਂ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਸ੍ਰੀ ਡੀ.ਕੇ. ਸ਼ਰਮਾ, ਪ੍ਰਿੰਸੀਪਲ ਸ੍ਰੀਮਤੀ ਨੀਲਮ ਸ਼ਰਮਾ, ਵਾਈਸ ਪ੍ਰੈਜ਼ੀਡੈਂਟ ਇਸ਼ਿਤਾ ਗੁਪਤਾ, ਵਾਈਸ ਪ੍ਰਿੰਸੀਪਲ ਸ੍ਰੀਮਤੀ ਮੀਨਾਕਸ਼ੀ ਮਹਿਤਾ ਅਤੇ ਸਮੂਹ ਸਤਿਕਾਰਯੋਗ ਮੈਨੇਜਮੈਂਟ ਮੈਂਬਰਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਫਲਤਾ @ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਨਕਦ ਇਨਾਮ ਦੇ ਕੇ ਉਤਸ਼ਾਹਿਤ ਕੀਤਾ।ਪਹਿਲੇ ਸਥਾਨ @ਤੇ ਆਉਣ ਵਾਲੇ ਨੂੰ 5100 ਰੁਪਏ, ਦੂਜੇ ਸਥਾਨ ਲਈ 3100 ਰੁਪਏ, ਤੀਜੇ ਸਥਾਨ ਲਈ 2100 ਰੁਪਏ ਅਤੇ ਚੌਥੇ ਸਥਾਨ ਲਈ 1100 ਰੁਪਏ ਨਕਦ ਦਿੱਤੇ ਗਏ। ਮੈਨੇਜਮੈਂਟ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਅਧਿਆਪਕਾਂ ਦੀ ਮਿਹਨਤ, ਮਾਪਿਆਂ ਦੇ ਸਹਿਯੋਗ ਅਤੇ ਵਿਦਿਆਰਥੀਆਂ ਦੇ ਸਮਰਪਣ ਦਾ ਨਤੀਜਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਕੂਲ ਨਾ ਸਿਰਫ਼ ਅਕਾਦਮਿਕ ਸਿੱਖਿਆ @ਤੇ ਧਿਆਨ ਦਿੰਦਾ ਹੈ, ਸਗੋਂ ਨੈਤਿਕ ਕਦਰਾਂ-ਕੀਮਤਾਂ ਅਤੇ ਰਾਸ਼ਟਰੀ ਜ਼ਿੰਮੇਵਾਰੀਆਂ ਦੇ ਵਿਕਾਸ @ਤੇ ਵੀ ਜ਼ੋਰ ਦਿੰਦਾ ਹੈ।ਅੰਤ ਵਿੱਚ ਸਾਰੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।

## ਜੇ.ਸੀ.ਆਈ. ਸੈਂਟਰਲ ਵੱਲੋਂ ਜੇ ਕੌਮ ਟੇਬਲ 4.0 – ਗ੍ਰੋਥ ਸੈਂਟਰਲ ਦਾ ਉਦਘਾਟਨ



ਲੁਧਿਆਣਾ,13 ਅਪ੍ਰੈਲ (ਵਿਸ਼ਾਲ ਸ਼ਰਮਾ) ਜੇ ਸੀ ਆਈ ਲੁਧਿਆਣਾ ਸੈਂਟਰਲ ਵੱਲੋਂ ਜੇ ਕੌਮ ਦਾ ਨਵਾਂ ਟੇਬਲ ਖੋਲ੍ਹਦੇ ਹੋਏ, ਸਥਾਨਕ ਹੋਟਲ ਮਹਾਰਾਜਾ ਰੇਜੀਮੀ ਵਿਖੇ ਜੇ ਕੌਮ ਟੇਬਲ 4.0 - ਗ੍ਰੋਥ ਸੈਂਟਰਲ ਦਾ ਉਦਘਾਟਨ ਕੀਤਾ ਗਿਆ। ਨੌਜਵਾਨਾਂ ਦੇ ਬਿਜ਼ਨਸ, ਪਰਸਨੈਲਟੀ ਡਿਵੈਲਪਮੈਂਟ, ਨੈੱਟਵਰਕਿੰਗ ਸਣੇ ਹੋਰ ਕਈ ਪੱਖਾਂ ਦੇ ਵਿਕਾਸ ਲਈ ਕੰਮ ਕਰਨ ਵਾਲੀ ਐਨ ਜੀ ਜੂਨੀਅਰ ਚੈਂਬਰ ਇੰਟਰਨੈਸ਼ਨਲ ਵੱਲੋਂ ਕੀਤਾ ਗਿਆ ਇਹ ਇੱਕ ਹੋਰ ਉਪਰਾਲਾ ਹੈ। ਇਸ ਮੌਕੇ ਜੇ ਸੀ ਆਈ ਲੁਧਿਆਣਾ ਸੈਂਟਰਲ ਦੇ ਪ੍ਰਧਾਨ ਐਡਵੋਕੇਟ ਸਿਮਰਨਪ੍ਰੀਤ ਸਿੰਘ ਨੇ ਦੱਸਿਆ ਕਿ ਜੇ ਕੌਮ ਲੁਧਿਆਣਾ 4.0 - ਗ੍ਰੋਥ ਸੈਂਟਰਲ ਨੌਜਵਾਨਾਂ ਵਿੱਚ ਬਿਜ਼ਨਸ ਦੇ ਗੁਣਾਂ ਦਾ ਵਿਕਾਸ ਕਰਨ ਸਣੇ ਨੈੱਟਵਰਕਿੰਗ ਵਧਾਏਗਾ, ਜਿਸ ਨਾਲ ਬਿਜਨਸਮੈਨਾਂ ਨੂੰ ਵਪਾਰ ਵਿੱਚ ਤਰੱਕੀ ਕਰਨ ਦਾ ਮੌਕਾ ਮਿਲੇਗਾ। ਉਹਨਾਂ ਦਾ ਉਦੇਸ਼ ਸਭ ਦੀ ਮਿਲ ਜੁਲ ਕੇ ਤਰੱਕੀ ਦੀ ਦਿਸ਼ਾ ਵੱਲ ਕਦਮ ਵਧਾਉਣ ਲਈ ਮਦਦ ਕਰਨਾ ਹੈ। ਉਹਨਾਂ ਨੇ ਕਿਹਾ ਕਿ ਜੇ ਸੀ ਆਈ ਲੁਧਿਆਣਾ ਸੈਂਟਰਲ ਵੱਲੋਂ ਸਮੇਂ-ਸਮੇਂ ਸਿਰ ਆਪਣੇ ਮੈਂਬਰਾਂ ਦੇ ਸਰਬਪੱਖੀ ਵਿਕਾਸ ਲਈ ਉਪਰਾਲੇ ਕੀਤੇ ਜਾਂਦੇ ਹਨ ਅਤੇ ਇਹ ਸਿਲਸਿਲਾ ਅੱਗੇ ਵੀ ਜਾਰੀ ਰਹੇਗਾ। ਇਸ ਮੌਕੇ ਜੋਨ ਦੇ ਚੇਅਰਮੈਨ ਸੰਜੇ ਸ਼ਰਮਾ, ਜੇ ਕੌਮ ਨੈਸ਼ਨਲ ਡਾਇਰੈਕਟਰ ਡਾ. ਰਜੀਵ ਅਗਰਵਾਲ, ਹੈਡ ਕੋਚ ਮਹੇਸ਼ ਅਰੋੜਾ, ਅਸਿਸਟੈਂਟ ਕੋਚ ਪਰਮਜੀਤ ਸਿੰਘ, ਜੇ ਕੌਮ ਟੇਬਲ 4.0 - ਗ੍ਰੋਥ ਸੈਂਟਰਲ ਦੇ ਚੇਅਰਮੈਨ ਅਮਿਤ ਗੁਲਾਟੀ, ਜੇ ਕੌਮ ਟੇਬਲ 1.0 ਦੇ ਚੇਅਰਮੈਨ ਦਮਨਜੀਤ ਸਿੰਘ, ਜੇ ਕੌਮ ਵਾਈਸ ਪ੍ਰਧਾਨ ਗੁਰਪ੍ਰੀਤ ਸਿੰਘ ਰਿਆੜ, ਕੁਲਜੀਤ ਸਿੰਘ, ਆਸ਼ੀਸ਼ ਚੋਪੜਾ, ਤੇਜਸਵੀ ਧੀਮਾਨ, ਰੋਹਿਤ ਜਿੰਦਲ, ਐਡਵੋਕੇਟ ਬਲਵਿੰਦਰ ਸਿੰਘ, ਰਾਹੁਲ ਭਾਰਦਵਾਜ, ਨਰੇਸ਼ ਕੁਮਾਰ ਸ਼ਰਮਾ, ਜਗਪ੍ਰੀਤ ਸਿੰਘ ਸਣੇ ਟੇਬਲ 1.0 ਅਤੇ 4.0 ਦੇ ਮੈਂਬਰ ਵੀ ਮੌਜੂਦ ਰਹੇ।

## ਚੋਣੀ ਮੌਸਮ ’ਚ ‘ਆਪ’ ਸਰਕਾਰ ਘਿਰਦੀ ਨਜ਼ਰ ਆਈ, ਮੰਤਰੀਆਂ ’ਤੇ ਲੱਗੇ ਦੋਸ਼ਾਂ ਨੇ ਗਰਮਾਇਆ ਮਾਹੌਲ

### ਭੁੱਲਰ ਤੇ ਮੁੰਡੀਆਂ ਨਾਲ ਜੁੜੇ ਮਾਮਲੇ ਚਰਚਾ ’ਚ



ਸਾਹਨੇਵਾਲ/ਕੁਹਾੜਾ 13 ਅਪ੍ਰੈਲ (ਕੁਲਦੀਪ ਸਿੰਘ ਕੁਹਾੜਾ) : 2027 ਦੀਆਂ ਵਿਧਾਨ ਸਭਾ ਚੋਣਾਂ ਨੇੜੇ ਆਉਂਦਿਆਂ ਪੰਜਾਬ ਦੀ ਸਿਆਸਤ ਵਿੱਚ ਤਪਸ਼ ਵਧਦੀ ਜਾ ਰਹੀ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਖ-ਵੱਖ ਮਸਲਿਆਂ ’ਤੇ ਵਿਰੋਧੀਆਂ ਦੇ ਘੇਰੇ ਵਿੱਚ ਆਉਂਦੀ ਦਿਖ ਰਹੀ ਹੈ। ਖਾਸ ਕਰਕੇ ਲਾਲਜੀਤ ਸਿੰਘ ਭੁੱਲਰ ਅਤੇ ਹਰਦੀਪ ਸਿੰਘ ਮੁੰਡੀਆਂ ਨਾਲ ਸੰਬੰਧਤ ਮਾਮਲੇ ਹੁਣ ਸਿਆਸੀ ਗਲਿਆਰਿਆਂ ’ਚ ਚਰਚਾ ਦਾ ਕੇਂਦਰ ਬਣ ਗਏ ਹਨ। ਵਿਰੋਧੀ ਧਿਰਾਂ ਵੱਲੋਂ ਦਾਅਵੇ ਕੀਤੇ ਜਾ ਰਹੇ ਹਨ ਕਿ ਕੁਝ ਘਟਨਾਵਾਂ ਨੂੰ ਲੈ ਕੇ ਗੰਭੀਰ ਸਵਾਲ ਖੜੇ ਹੋ ਰਹੇ ਹਨ। ਇਕ ਮਾਮਲੇ ਵਿੱਚ ਡੀਐਮ ਗਗਦੀਪ ਰੰਧਾਵਾ ਦੀ ਮੌਤ ਨੂੰ ਲੈ ਕੇ ਵੀ ਇਲਜ਼ਾਮ ਲਗਾਏ ਜਾ ਰਹੇ ਹਨ ਕਿ ਉਨ੍ਹਾਂ ‘ਤੇ ਤੰਗ-ਪਰੇਸ਼ਾਨੀ ਦਾ ਦਬਾਅ ਸੀ। ਹਾਲਾਂਕਿ, ਇਨ੍ਹਾਂ ਦਾਵਿਆਂ ਦੀ ਅਧਿਕਾਰਕ ਪੁਸ਼ਟੀ ਨਹੀਂ ਹੋਈ ਅਤੇ ਜਾਂਚ ਤੋਂ ਬਾਅਦ ਹੀ ਸੱਚਾਈ ਸਾਹਮਣੇ ਆ ਸਕੇਗੀ।

ਇਸ ਦੇ ਨਾਲ ਹੀ, ਮੰਤਰੀ ਹਰਦੀਪ ਸਿੰਘ ਮੁੰਡੀਆਂ ਨਾਲ ਜੁੜੇ ਟਰਾਲੀ ਮਾਮਲੇ ਨੇ ਵੀ ਸਿਆਸੀ ਹਲਕਿਆਂ ਵਿੱਚ ਹਲਚਲ ਮਚਾਈ ਹੋਈ ਹੈ। ਦੋਸ਼ ਲਗ ਰਹੇ ਹਨ ਕਿ ਪੀਟੀਓ ਟਰਾਲੀ ਨਾਲ ਸੰਬੰਧਿਤ ਭੁਗਤਾਨ ਨੂੰ ਲੈ ਕੇ ਵਿਵਾਦ ਬਣਿਆ ਹੋਇਆ ਹੈ। ਮੂੰਡੀਆਂ ਦੇ ਜੱਦੀ ਪਿੰਡ ਨਾਲ ਜੁੜੇ ਜੈਲਦਾਰ ਇਨੋਵੇਸਨ ਦੇ ਇਸ ਮਾਮਲੇ ਨੇ ਹੋਰ ਵੀ ਗਰਮੀ ਪਾ ਦਿੱਤੀ ਹੈ।

ਦੂਜੇ ਪਾਸੇ, ਆਮ ਆਦਮੀ ਪਾਰਟੀ ਦੇ ਆਗੂ ਇਨ੍ਹਾਂ ਸਾਰੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦੇ ਹੋਏ ਇਨ੍ਹਾਂ ਨੂੰ ਚੋਣਾਂ ਤੋਂ ਪਹਿਲਾਂ ਦੀ ਰਾਜਨੀਤਿਕ ਸਾਜ਼ਿਸ਼ ਕਰਾਰ ਦੇ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਸਰਕਾਰ ਦੀ ਛਵੀ ਨੂੰ ਖ਼ਰਾਬ ਕਰਨ ਲਈ ਬਿਨਾਂ ਆਧਾਰ ਦੇ ਇਲਜ਼ਾਮ ਲਗਾਏ ਜਾ ਰਹੇ ਹਨ।

ਹੁਣ ਸਭ ਦੀਆਂ ਨਿਗਾਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲ ਟਿਕੀਆਂ ਹੋਈਆਂ ਹਨ ਕਿ ਉਹ ਇਨ੍ਹਾਂ ਮਾਮਲਿਆਂ ’ਤੇ ਕੀ ਰੁਖ ਅਖਤਿਆਰ ਕਰਦੇ ਹਨ। ਰਾਜਨੀਤਿਕ ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਸਰਕਾਰ ਵੱਲੋਂ ਇਨ੍ਹਾਂ ਦੋਸ਼ਾਂ ਦੀ ਨਿਰਪੱਖ ਜਾਂਚ ਕਰਵਾਈ ਜਾਂਦੀ ਹੈ ਤਾਂ ਇਹ ਲੋਕਾਂ ਵਿੱਚ ਭਰੋਸਾ ਬਣਾਉਣ ਲਈ ਅਹਿਮ ਕਦਮ ਹੋਵੇਗਾ, ਨਹੀਂ ਤਾਂ ਵਿਰੋਧੀਆਂ ਨੂੰ ਹੋਰ ਹਮਲਾ ਕਰਨ ਦਾ ਮੌਕਾ ਮਿਲ ਸਕਦਾ ਹੈ।

ਚੋਣਾਂ ਦੇ ਨੇੜੇ ਆਉਂਦੇ ਇਸ ਦੌਰ ‘ਚ ਇਹ ਮਾਮਲੇ ਸਿਆਸੀ ਪੱਧਰ ‘ਤੇ ਵੱਡਾ ਅਸਰ ਪਾ ਸਕਦੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੀ ਸਿਆਸਤ ਹੋਰ ਵੀ ਤਿੱਖੀ ਹੋਣ ਦੇ ਆਸਾਰ ਹਨ।

## ਧਾਰਮਿਕ ਸਮਾਗਮ ਆਪਸੀ ਭਾਈਚਾਰਕ ਸਾਂਝ ਵਧਾਉਣ ਵਿੱਚ ਅਹਿਮ ਰੋਲ ਅਦਾ ਕਰਦੇ ਨੇ : ਅਰੋੜਾ



ਲੁਧਿਆਣਾ 13 ਅਪ੍ਰੈਲ (ਰਵਿੰਦਰ ਸਿੰਘ ਨਿੱਝਰ)- ਭਾਰਤੀ ਕਿਸਾਨ ਯੂਨੀਅਨ ਚੜੂਨੀ ਪੰਜਾਬ ਅਤੇ ਹਿਮਾਚਲ ਦੇ ਇੰਚਾਰਜ ਅਤੇ ਬਾਬਾ ਜੀ ਦੇ ਪ੍ਰਾਚੀਨ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਮਨਜੋਤ ਸਿੰਘ ਗਰੇਵਾਲ ਦੀ ਅਗਵਾਈ ਅਤੇ ਮਾਤਾ ਸਤਨਾਮ ਕੌਰ ਗਰੇਵਾਲ ਦੀ ਦੇਖ ਰੇਖ ਹੇਠ ਧੰਨ ਧੰਨ ਜਿੰਦਾ ਪੀਰ ਖਵਾਜਾ ਖ਼ਿਜ਼ਰ ਵਲੀ ਜੀ 26 ਵੇਂ ਸਲਾਨਾ ਵਿਸਾਖੀ ਜੋੜ ਮੇਲੇ ਅਤੇ ਭੰਡਾਰੇ ਤੇ ਹਾਜ਼ਰੀਆਂ ਭਰਨ ਦਾ ਸਮਾਂ ਪ੍ਰਾਪਤ ਹੋਇਆ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਜਗਜੀਤ ਸਿੰਘ ਅਰੋੜਾ ਭਾਰਤੀ ਕਿਸਾਨ ਯੂਨੀਅਨ ਚੜੂਨੀ ਜਨਰਲ ਸਕੱਤਰ ਪੰਜਾਬ ਅਤੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਰੋਸ਼ਨ ਸਿੰਘ ਸਾਗਰ ਨੇ ਗੱਲਬਾਤ ਦੌਰਾਨ ਕੀਤਾ। ਉਨਾਂ ਕਿਹਾ ਕਿ ਇਸ ਜੋੜ ਮੇਲੇ ਦੌਰਾਨ ਪੰਜਾਬ ਦੇ ਨਾਮੀ ਕਲਾਕਾਰਾਂ ਦੇ ਵੱਲੋਂ ਪੀਰ ਖਵਾਜਾ ਜੀ ਦਾ ਕੀਤਾ ਗਿਆ ਗੁਣਗਾਣ ਅਤੇ ਬਹੁਤ ਹੀ ਵਧੀਆ ਢੰਗ ਨਾਲ ਕੀਤੇ ਗਏ ਪ੍ਰਬੰਧਾਂ ਦਾ ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੇ ਖੂਬ ਆਨੰਦ ਮਾਣਦੇ ਹੋਏ ਇਸ ਦਰਬਾਰ ਦੇ ਵਿੱਚ ਹਾਜ਼ਰੀਆਂ ਭਰ ਕੇ ਆਪਣਾ ਜੀਵਨ ਸਫਲਾ ਕੀਤਾ। ਇਸ ਮੌਕੇ ਦਰਬਾਰ ਦੇ ਮੁੱਖ ਸੇਵਾਦਾਰ ਮਨਜੋਤ ਸਿੰਘ ਗਰੇਵਾਲ ਦੇ ਵੱਲੋਂ ਬੀਕੇਯੂ ਚੜੂਨੀ ਸਮੇਤ ਆਏ ਹੋਏ ਹੋਰਨਾਂ ਪਤਵੰਤਿਆਂ ਦਾ ਵੀ ਵਿਸ਼ੇਸ਼ ਤੌਰ ਤੇ ਹਾਜ਼ਰੀਆਂ ਲਗਵਾਉਣ ਲਈ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਪ੍ਰਧਾਨ ਪੰਜਾਬ ਸ਼ੇਰਾ ਪਹਿਲਵਾਨ, ਜਿਲਾ ਸ਼ਹਿਰੀ ਪ੍ਰਧਾਨ ਮਲਕੀਤ ਸਿੰਘ ਵਾਲੀਆ, ਜਿਲਾ ਲੁਧਿਆਣਾ ਦਿਹਾਤੀ ਪ੍ਰਧਾਨ ਸੁਲੱਖਣ ਸਿੰਘ ਮੰਡ, ਹਲਕਾ ਸਾਹਨੇਵਾਲ ਪ੍ਰਧਾਨ ਕਰਮਜੀਤ ਸਿੰਘ ਸੰਧੂ, ਹਲਕਾ ਗਿੱਲ ਪ੍ਰਧਾਨ ਨਰਿੰਦਰ ਸਿੰਘ, ਮੋਹਾਲੀ ਜਿਲਾ ਪ੍ਰਧਾਨ ਸਤਨਾਮ ਸਿੰਘ, ਦਲਵਿੰਦਰ ਸਿੰਘ ਘੁੰਮਣ ਜਿਲਾ ਲੁਧਿਆਣਾ ਮੀਤ ਪ੍ਰਧਾਨ ਸ਼ਹਿਰੀ, ਮੋਹਾਲੀ ਜਿਲਾ ਮੀਤ ਪ੍ਰਧਾਨ ਇੰਦਰਜੀਤ ਸਿੰਘ ਅਤੇ ਜਸਮੇਰ ਸਿੰਘ ਭੱਲਾ, ਐਸਸੀ ਬੀਸੀ ਵਿੰਗ ਦੇ ਪ੍ਰਧਾਨ ਜੋਗਿੰਦਰ ਸਿੰਘ ਟਾਈਗਰ ਸਮੇਤ ਵੱਡੀ ਗਿਣਤੀ ਵਿੱਚ ਹੋਰ ਸਾਥੀ ਹਾਜ਼ਰ ਸਨ।

## ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਮੌਕੇ ਸਮਾਗਮ ’ਚ ਚੇਅਰਮੈਨ ਗੜ੍ਹੀ ਮੁੱਖ ਮਹਿਮਾਨ ਵਜੋਂ ਹੋਏ ਸ਼ਾਮਲ



ਲੁਧਿਆਣਾ, 13 ਅਪ੍ਰੈਲ (ਵਿਸ਼ਾਲ ਸ਼ਰਮਾ) : ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 135ਵੇਂ ਜਨਮ ਦਿਵਸ? ਨੂੰ ਸਮਰਪਿਤ ਵਿਚਾਰ ਗੋਸ਼ਟੀ ਸਮਾਗਮ ਸੋਮਵਾਰ ਨੂੰ ਗੁਰੂ ਨਾਨਕ ਦੇਵ ਭਵਨ ਲੁਧਿਆਣਾ ਦੇ ਆਡੀਟੋਰੀਅਮ ਵਿੱਚ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿਚ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਚੇਅਰਮੈਨ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੁਆਰਾ ਕੀਤੀਆਂ ਗਈਆਂ ਨਿਰਸਵਾਰਥ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਜਿਨ੍ਹਾਂ ਨੂੰ ÷ਭਾਰਤ ਦੇ ਸੰਵਿਧਾਨ ਦੇ ਨਿਰਮਾਤਾ÷ ਅਤੇ ਦੱਬੇ-ਕੁਚਲੇ ਲੋਕਾਂ ਲਈ ਲੜਨ ਵਾਲੇ ਮਹਾਨ ਵਿਅਕਤੀ ਵਜੋਂ ਵੀ ਯਾਦ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੁਆਰਾ ਦਿੱਤੀ ਗਈ ਅਨੇਕਤਾ ਵਿੱਚ ਏਕਤਾ ਦੀ ਧਾਰਨਾ ਦਾ ਮੂਲ ਸਿਧਾਂਤ ਕਈ ਚੁਣੌਤੀਆਂ ਦੇ ਬਾਵਜੂਦ ਅੱਜ ਵੀ ਬਰਕਰਾਰ ਹੈ। ਭਾਰਤੀ ਸੰਵਿਧਾਨ ਨੂੰ ਦੁਨੀਆ ਦੇ ਸਭ ਤੋਂ ਵਧੀਆ ਸੰਵਿਧਾਨਾਂ ਵਿੱਚੋਂ ਇੱਕ ਦੱਸਦੇ ਹੋਏ, ਚੇਅਰਮੈਨ ਗੜ੍ਹੀ ਨੇ ਕਿਹਾ ਕਿ ਇਹ ਸਮਾਜ ਦੇ ਹਾਸ਼ੀਏ @ਤੇ ਧੱਕੇ ਗਏ ਵਰਗਾਂ ਲਈ ਨਿਆਂ ਦੀ ਆਖਰੀ ਉਮੀਦ ਹੈ। ÷ਬਾਬਾ ਸਾਹਿਬ ਅੰਬੇਡਕਰ ਦੀ ਦੂਰਅੰਦੇਸ਼ੀ ਅਤੇ ਸੂਝਵਾਨ ਅਗਵਾਈ ਲਈ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਸਾਡੇ ਸੰਵਿਧਾਨ ਨੇ ਹਰ ਨਾਗਰਿਕ, ਖਾਸ ਕਰਕੇ ਦੱਬੇ-ਕੁਚਲੇ ਲੋਕਾਂ ਦੇ ਅਧਿਕਾਰਾਂ ਦੀ ਲਗਾਤਾਰ ਰੱਖਿਆ ਦਾ ਉਪਬੰਧ ਕੀਤਾ ਹੈ। ਉਨ੍ਹਾਂ ਨੇ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਯਾਦ ਕਰਦੇ ਹੋਏ ਕਿਹਾ ਕਿ ਸਾਨੂੰ ਅਜਿਹੀ ਮਹਾਨ ਅਤੇ ਦੂਰਦਰਸ਼ੀ ਸ਼ਖਸੀਅਤ ਨੂੰ ਇੱਕ ਵਿਸ਼ੇਸ਼ ਵਰਗ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ। ਆਪਣੇ ਰਾਸ਼ਟਰ ਲਈ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਸਬੰਧੀ ਦੱਸਿਆ ਕਿਹਾ ਕਿ ਡਾ. ਅੰਬੇਡਕਰ ਦੁਆਰਾ ਬਣਾਇਆ ਗਿਆ ਸੰਵਿਧਾਨ ਸਾਰੇ ਵਰਗਾਂ ਨੂੰ ਬਰਾਬਰ ਸੁਰੱਖਿਆ ਪ੍ਰਦਾਨ ਕਰਦਾ ਹੈ। ਬਾਬਾ ਸਾਹਿਬ ਦੀਆਂ ਸਿੱਖਿਆਵਾਂ ਨੂੰ ਗ੍ਰਹਿਣ ਕਰਨ ਲਈ ਅਤੇ ਸਿਹਤਮੰਦ ਸਮਾਜ ਅਤੇ ਰਾਸ਼ਟਰ ਦੇ ਨਿਰਮਾਣ ਲਈ ਨੌਜਵਾਨਾਂ ਨੂੰ ਬਾਬਾ ਸਾਹਿਬ (ਡਾ. ਬੀ. ਆਰ. ਅੰਬੇਡਕਰ) ਦੇ ਸਾਹਿਤ ਨੂੰ ਪੜ੍ਹਨ ਲਈ ਪ੍ਰੇਰਿਤ ਕੀਤਾ। ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸੰਵਿਧਾਨ ਦੀ ਪਵਿੱਤਰ ਕਿਤਾਬ ਵਿੱਚ ਦੱਬੇ-ਕੁਚਲੇ ਵਰਗਾਂ ਦੇ ਹਿੱਤਾਂ ਦੀ ਰਾਖੀ ਦਾ ਕਾਨੂੰਨੀ ਉਪਬੰਧ ਕਰਨ ਕਰਕੇ ਡਾਕਟਰ ਅੰਬੇਡਕਰ ਨੂੰ ਮਸੀਹਾ ਦੱਸਦਿਆਂ ਕਿਹਾ ਕਿ ਸਿੱਖਿਆ ਸਾਰੇ ਭੇਦਭਾਵ ਅਤੇ ਅਸਮਾਨਤਾਵਾਂ ਨੂੰ ਖਤਮ ਕਰਨ ਦੀ ਕੁੰਜੀ ਹੈ ਅਤੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਗਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਸਿੱਖਿਆ ਕ੍ਰਾਂਤੀ ਰਾਹੀ ਬੁਨਿਆਦੀ ਢਾਂਚੇ ਅਤੇ ਸਿੱਖਿਆ ਦੇ ਪੱਧਰ ਨੂੰ ਨਿੱਜੀ ਸਕੂਲਾਂ ਦੇ ਬਰਾਬਰ ਅਪਗ੍ਰੇਡ ਕਰਕੇ ਮਿਆਰੀ ਸਿੱਖਿਆ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇਸ਼ ਭਰ ਵਿੱਚ ਪਹਿਲੀ ਸਰਕਾਰ ਹੈ ਜਿਸਨੇ ਸਾਰੇ ਸਰਕਾਰੀ ਦਫ਼ਤਰਾਂ ਵਿੱਚ ਡਾ. ਭੀਮ ਰਾਓ ਅੰਬੇਡਕਰ ਅਤੇ ਸ਼ਹੀਦ ਏ ਆਜ਼ਮ ਸ. ਭਗਤ ਸਿੰਘ ਦੀਆਂ ਤਸਵੀਰਾਂ ਨੂੰ ਪ੍ਰੇਰਕ ਅਤੇ ਆਦਰਸ਼ ਵਜੋਂ ਲਗਾਇਆ ਹੈ। ਅੰਤ ਵਿੱਚ ਗੜ੍ਹੀ ਨੇ ਕਿਹਾ ਕਿ ਉਹ ਜਾਤ-ਪਾਤ ਜਾਂ ਰਾਜਨੀਤੀ ਤੋਂ ਉੱਪਰ ਉੱਠ ਕੇ ਹਰ ਪੀੜਤ ਦੀ ਸੁਣਵਾਈ ਕਰਨ ਲਈ ਵਚਨਬੱਧ ਹਨ ਅਤੇ ਪੰਜਾਬ ਦੇ ਹਰ ਨਾਗਰਿਕ ਨੂੰ ਇਨਸਾਫ ਮਿਲੇ ਇਹ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਡਾ. ਬੀ.ਆਰ. ਅੰਬੇਡਕਰ ਸਟੱਡੀ ਸਰਕਲ ਪੰਜਾਬ ਦੇ ਪ੍ਰਧਾਨ ਕਮਲ ਕਟਾਰੀਆ, ਪ੍ਰਧਾਨ ਜਨ ਚੇਤਨਾ ਡਾ. ਵਿਨੈ ਸੋਫਤ, ਕਾਰਜਕਾਰੀ ਪ੍ਰਧਾਨ ਸੰਜੇ ਸ਼ਰਮਾ, ਜਨਰਲ ਸਕੱਤਰ ਸੀਮਾ ਗੁਪਤਾ, ਸਕੱਤਰ ਜੋਤੀ ਖੇੜਾ, ਸਟੇਜ ਸੈਕਟਰੀ ਮੰਜੂਲਾ ਸ਼ਰਮਾ, ਨਿਰੋਤਮਾ ਮੋਦਗਿੱਲ, ਅਤੁਲ ਭਾਰਦਵਾਜ, ਰਜਤ ਭਾਟੀਆ, ਅਨਿਲ ਅਗਰਵਾਲ ਤੋਂ ਇਲਾਵਾ ਵੱਡੀ ਗਿਣਤੀ ਲੋਕਾਂ ਨੇ ਸ਼ਮੂਲੀਅਤ ਕੀਤੀ।

## ਡੀ.ਸੀ. ਨੇ ਸੁਣੀਆਂ ਵਪਾਰੀਆਂ ਦੀ ਮੁਸ਼ਕਿਲਾਂ



ਲੁਧਿਆਣਾ,13 ਅਪ੍ਰੈਲ (ਵਿਸ਼ਾਲ ਸ਼ਰਮਾ) ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਵੱਲੋਂ ਅੱਜ ਲੁਧਿਆਣਾ ਜ਼ਿਲ੍ਹੇ ਦੇ ਵਪਾਰੀਆਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਨਿਪਟਾਰਾ ਕਰਨ ਦੇ ਵੀ ਨਿਰਦੇਸ਼ ਦਿੱਤੇ।

ਇਸ ਮੌਕੇ ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਮੀਟਿੰਗ ਦੌਰਾਨ ਪੰਜਾਬ ਸਟੇਟ ਟਰੇਡ ਕਮਿਸ਼ਨ ਦੇ ਸੰਯੁਕਤ ਸਕੱਤਰ ਰਜਿੰਦਰ ਸਿੰਘ, ਜੋਨ ਸਕੱਤਰ ਸਾਹਿਲ ਅੱਗਰਵਾਲ, ਚੇਅਰਮੈਨ ਪਰਮਪਾਲ ਬਾਵਾ, ਵਾਈਸ ਚੇਅਰਮੈਨ ਰੋਹਿਤ ਅਤੇ ਵੱਖ-ਵੱਖ ਹਲਕਿਆਂ ਦੇ ਚੇਅਰਮੈਨ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਜੈਨ ਵੱਲੋਂ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਗਿਆ ਕਿ ਵਪਾਰੀਆਂ ਨੂੰ ਜੀ.ਐਸ.ਟੀ.ਰੀਫੰਡ, ਅਵਾਰਾ ਪਸ਼ੂਆਂ ਦੀ ਸਮੱਸਿਆ, ਬਿਜਲੀ ਦੀਆਂ ਲਟਕਦੀਆਂ ਤਾਰਾਂ, ਗਲੀਆਂ ਵਿੱਚ ਟਰੈਫਿਕ ਜਾਮ ਦੀ ਸਮੱਸਿਆ ਅਤੇ ਹੋਰ ਰੋਜਮਰਾ ਦੀਆਂ ਔਕੜਾਂ ਦਾ ਪਹਿਲ ਦੇ ਆਧਾਰ ’ਤੇ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸ਼ਨ ਵੱਲੋਂ ਵਪਾਰੀਆਂ ਦੀ ਸਹੂਲਤ ਲਈ ਪਹਿਲਾਂ ਹੀ ਇੱਕ ਛੱਤ ਹੇਠ ਪ੍ਰਸ਼ਾਸ਼ਨਿਕ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਵਪਾਰੀਆਂ ਦਾ ਕੀਮਤੀ ਸਮੇਂ ਦੀ ਬੱਚਤ ਹੋ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਸਾਰੇ ਵਿਭਾਗਾਂ ਨੂੰ ਇਹ ਯਕੀਨੀ ਬਣਾਉਣ ਲਈ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਵਪਾਰੀਆਂ ਦੀਆਂ ਅਰਜ਼ੀਆਂ ’ਤੇ ਬੇਲੋੜੇ ਇਤਰਾਜ਼ ਨਾ ਲਗਾਏ ਜਾਣ ਅਤੇ ਇਸ ਮਾਮਲੇ ਵਿੱਚ ਕੋਤਾਹੀ ਕਰਨ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਫੁੱਟਬਾਲ ਲੀਗ ਕਰਵਾਉਣਾ ਕ੍ਰਿਸ਼ਨਾ ਫੁੱਟਬਾਲ ਟਰੇਨਿੰਗ ਸੈਂਟਰ ਦਾ ਸ਼ਲਾਘਾਯੋਗ ਕਦਮ : ਡਾ. ਕੁਲਦੀਪ ਰਾਏ



ਫਿਲੌਰ 13 ਅਪ੍ਰੈਲ (ਅਜੇ ਸਿੰਘ ਨਾਗੀ) ਕ੍ਰਿਸ਼ਨਾ ਫੁੱਟਬਾਲ ਟਰੇਨਿੰਗ ਸੈਂਟਰ ਖਿਡਾਰੀਆਂ (ਕੇ ਐਫ ਟੀ ਸੀ )ਗੁਰਾਇਆ ਵੱਲੋਂ ਦੂਸਰੀ ਦੁਆਬਾ ਯੂਥ ਗਰਾਮ ਰੂਟ ਲੀਗ ਗੁਰਾਇਆ ਦੀ ਗਰਾਊਂਡ ਚ ਆਰੰਭ ਹੋਇਆ ਹਲਕਾ ਫਲੌਰ ਦੇ ਉੱਘੇ ਸਮਾਜ ਸੇਵੀ ਡਾਕਟਰ ਕੁਲਦੀਪ ਰਾਏ ਨੇ ਕਰ ਕਮਲਾ ਨਾਲ ਫੀਤਾ ਕੱਟ ਕੇ ਉਦਘਾਟਨ ਕੀਤਾ, ਖਿਡਾਰੀਆਂ ਨੂੰ ਡਾਕਟਰ ਕੁਲਦੀਪ ਰਾਏ ਨੇ ਮਿਲਕੇ ਆਸ਼ੀਰਵਾਦ ਦਿੱਤਾ, ਉਨਾਂ ਨੇ ਇਸ ਮੌਕੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਖੇਡਾਂ ਵੱਲ ਧਿਆਨ ਦੇ ਕੇ ਜਿੱਤ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਸੂਬੇ ਦਾ ਨਾਮ ਵਿਸ਼ਵ ਪੱਧਰ ਤੱਕ ਰੋਸ਼ਨ ਕਰਨ,ਇਸ ਮੌਕੇ ਚੇਅਰਮੈਨ ਸੁਸ਼ੀਲ ਕੁਮਾਰ, ਪ੍ਰਧਾਨ ਪ੍ਰਿੰਸੀਪਲ ਸੁਭਾਸ਼ ਚੰਦਰ, ਵਾਈਸ ਪ੍ਰਧਾਨ ਸੁਭਾਸ਼ ਚੰਦਰ, ਬਲਜਿੰਦਰ ਸਿੰਘ ਬਾਜੀ, ਦਵਿੰਦਰ ਸਿੰਘ ਢਿੱਲੋਂ, ਮਨਦੀਪ ਕੁਮਾਰ ਨੇ ਆਏ ਹੋਏ ਮਹਿਮਾਨਾਂ ਤੇ ਵਿਸ਼ੇਸ਼ ਸ਼ਖਸ਼ੀਅਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ, ਇਸ ਲੀਗ ਦਾ ਮਕਸਦ ਖਿਡਾਰੀਆਂ ਦੇ ਵਿੱਚ ਖੇਡ ਪ੍ਰਤੀ ਉਤਸ਼ਾਹਤ ਕਰਨਾ ਸਰੀਰਕ ਤੇ ਮਾਨਸਿਕ ਪੱਖੋਂ ਮਜਬੂਤ ਕਰਨਾ ਹੈ, ਇਸ ਫੁੱਟਬਾਲ ਲੀਗ ਨੂੰ ਕਰਵਾਉਣ ਚ ਵਿੱਚ ਵਿਸ਼ੇਸ਼ ਸਹਿਯੋਗ ਰਾਜ ਕੁਮਾਰ, ਸੁਰਿੰਦਰ ਪਾਲ ਕਪਿਲ, ਸੋਹਨ ਲਾਲ ਖੰਡਾ ਯੂ ਕੇ, ਮੱਖਣ ਸਿੰਘ ਰਿਆਤ ਕਨੈਡਾ, ਡਾਕਟਰ ਨਰਿੰਦਰ ਕਲਸੀ, ਪਵਿੱਤਰ ਸਿੰਘ ਨੇ ਕੀਤਾ, ਫੁੱਟਬਾਲ ਲੀਗ ਚ 2005, 2012, 2009 ਦੇ ਖਿਡਾਰੀਆਂ ਨੇ ਭਾਗ ਲਿਆ।

## ਕੈਂਬਰਿਜ ਸਕੂਲ ਦੇ 16 ਵਿਦਿਆਰਥੀਆਂ ਨੇ ਕੀਤਾ ਟੌਪ



ਪਾਇਲ/ਮਲੌਦ, 13 ਅਪ੍ਰੈਲ (ਸੰਜੀਵ ਲਹਿਲ) : ਅਜੋਕੇ ਸਮੇਂ ਵਿੱਚ ਜਿੱਥੇ ਹਰ ਖੇਤਰ ਵਿੱਚ ਕੁੜੀਆਂ ਅੱਗੇ ਵੱਧਦੀਆਂ ਨਜ਼ਰ ਆ ਰਹੀਆਂ ਹਨ, ਉੱਥੇ ਹੀ ਸਿੱਖਿਆ ਦੇ ਖੇਤਰ ਵਿੱਚ ਵੀ ਲੜਕੀਆਂ ਨੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ। ਇਸਦੀ ਤਾਜ਼ਾ ਮਿਸਾਲ ਮਲੌਦ ਨੇੜਲੇ ਪਿੰਡ ਚੋਮੋ ਦੇ ਕੈਂਬਰਿਜ ਸੀਨੀਅਰ ਸੈਕੰਡਰੀ ਸਕੂਲ ਤੋਂ ਸਾਹਮਣੇ ਆਈ ਹੈ।

ਸਕੂਲ ਦੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਕੁੱਲ 16 ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ। ਖਾਸ ਗੱਲ ਇਹ ਰਹੀ ਕਿ ਇਨ੍ਹਾਂ ਵਿੱਚੋਂ 15 ਕੁੜੀਆਂ ਹਨ ਜਦੋਂ ਕਿ ਕੇਵਲ ਇੱਕ ਹੀ ਲੜਕਾ ਹੈ।

ਇਸ ਪ੍ਰਾਪਤੀ ਵਿੱਚ ਇੱਕ ਵਿਦਿਆਰਥਣ ਨੇ ਲਗਭਗ 97 ਫੀਸਦੀ ਅੰਕ ਹਾਸਲ ਕਰਦੇ ਹੋਏ ਪੰਜਾਬ ਭਰ ਵਿੱਚੋਂ 13ਵਾਂ ਰੈਂਕ ਪ੍ਰਾਪਤ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਜੀਵ ਮੋਦ ਗਿੱਲ ਵੱਲੋਂ ਸਾਰੇ ਹੀ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ ਅਤੇ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਮਨਾਈ ਗਈ। ਉਨ੍ਹਾਂ ਕਿਹਾ ਕਿ ਸਕੂਲ ਦਾ ਮੁੱਖ ਉਦੇਸ਼ ਇਲਾਕੇ ਦੇ ਬੱਚਿਆਂ ਨੂੰ ਉੱਚ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ ਅਤੇ ਇਹ ਨਤੀਜੇ ਉਸਦੀ ਸਪੱਸ਼ਟ ਝਲਕ ਹਨ।

ਇਸ ਦੌਰਾਨ ਵਿਦਿਆਰਥਣਾਂ ਨੇ ਵੀ ਆਪਣੀ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਉਹਨਾਂ ਲਈ ਮਾਣ ਦੀ ਗੱਲ ਹੈ ਕਿ 16 ਵਿੱਚੋਂ 15 ਪੁਜੀਸ਼ਨਾਂ ਲੜਕੀਆਂ ਨੇ ਹਾਸਲ ਕੀਤੀਆਂ ਹਨ। ਦੂਜੇ ਪਾਸੇ ਇੱਕ ਵਿਦਿਆਰਥਣ ਦੇ ਪਿਤਾ ਨੇ ਵੀ ਗੱਲਬਾਤ ਦੌਰਾਨ ਕਿਹਾ ਕਿ ਉਹਨਾਂ ਨੂੰ ਆਪਣੀ ਧੀ ਦੀ ਇਸ ਉਪਲਬਧੀ ‘ਤੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ।

ਇਸ ਸ਼ਾਨਦਾਰ ਨਤੀਜੇ ਨਾਲ ਸਕੂਲ ਅਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਪਈ ਹੈ।

## ਦੇਹਰਾ ਬਾਬਾ ਸੈਣਿ ਭਗਤ ਜੀ ਵਿਖੇ ਖ਼ਾਲਸਾ ਸਾਜਨਾ ਦਿਵਸ ਦੀ ਖੁਸ਼ੀ ’ਚ ਨਗਰ ਕੀਰਤਨ ਸਜਾਇਆ



ਫਿਲੌਰ 13 ਅਪ੍ਰੈਲ (ਅਜੇ ਸਿੰਘ ਨਾਗੀ) ਵਿਸਵ ਦੇ ਪ੍ਰਸਿੱਧ ਇਤਿਹਾਸਕ ਤੱਪ ਦੇਹਰਾ ਬਾਬਾ ਸੈਣਿ ਭਗਤ ਜੀ ਪ੍ਰਤਾਬਪੁਰਾ ਨੇੜੇ ਫਿਲੌਰ ਜਿਲ੍ਹਾ ਜਲੰਧਰ ਵਿਖੇ ਪੰਜ ਪਿਆਰਿਆਂ ਦੀ ਯਾਦ ਵਿੱਚ ਵਿਸਾਖੀ ਦੇ ਸ਼ੁੱਭ ਤਿਉਹਾਰ ਤੇ 12, 13, 14 ਅਪ੍ਰੈਲ ਨੂੰ ਭਾਰੀ ਵਿਸਾਖੀ ਜੋੜ ਮੇਲਾ ਦੇਹਰਾ ਬਾਬਾ ਸੈਣਿ ਭਗਤ ਜੀ ਪ੍ਰਤਾਬਪੁਰਾ (ਰਜਿ )ਪ੍ਰਬੰਧਕ ਕਮੇਟੀ ਵਲੋਂ ਸੁਰੂ ਕਰਵਾਇਆ ਗਿਆ , ਕੱਲ 12 ਅਪ੍ਰੈਲ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ,13 ਅਪ੍ਰੈਲ ਨੂੰ ਵਿਸ਼ਾਲ ਨਗਰ ਕੀਰਤਨ ਸਵੇਰੇ ਦੇਹਰਾ ਬਾਬਾ ਸੈਣਿ ਭਗਤ ਜੀ ਪ੍ਰਤਾਬਪੁਰਾ ਤੋਂ ਅਰਦਾਸ ਉਪਰੰਤ ਪੰਜ ਪਿਆਰਿਆਂ ਦੀ ਅਗਵਾਈ ਦੇ ਵਿੱਚ 11 ਵਜੇ ਨਗਰ ਕੀਰਤਨ ਆਰੰਭ ਹੋਇਆ ਤੇ ਪ੍ਰਤਾਬਪਪੁਰਾ ,ਸੰਗਤਪੁਰਾ, ਕਲਿਆਣਪੁਰਾ, ਬੇਗਮਪੁਰ ਅੱਡਾ, ਭੈਣੀ, ਹਰੀਪੁਰ ਖਾਲਸਾ, ਮੀਓਵਾਲ, ਮੌ ਸਾਹਿਬ,ਰਾਮਾ ਖੇਲਾ ਤੋਂ ਹੁੰਦਾ ਹੋਇਆ ਦੇਹਰਾ ਬਾਬਾ ਸੈਣਿ ਭਗਤ ਜੀ ਪ੍ਰਤਾਬਪੁਰਾ ਸਮਾਪਤ ਹੋਇਆ ਰਾਗੀ ਢਾਡੀ ਕੀਰਤਨੀ ਜਥਿਆਂ ਨੇ ਸੰਗਤਾਂ ਨੂੰ ਰਸਭਿੰਨੀ ਗੁਰਬਾਣੀ ਨਾਲ ਨਿਹਾਲ ਕੀਤਾ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਸ਼ਖਸ਼ੀਅਤਾਂ ਦਾ ਸਰੋਪੇ ਪਾ ਕੇ ਸਨਮਾਨ ਕੀਤਾ ਗਿਆ।,14 ਅ ?ਪੈਲ ਨੂੰ ਸਵੇਰੇ 9 ਵਜੇ ਤੋ 10 ਵਜੇ ਨਿਸਾਨ ਸਾਹਿਬ ਉਪਰੰਤ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਕੀਰਤਨੀ ਜੱਥੇ ਸੰਗਤਾਂ ਨੂੰ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ, , ਇਸ ਮੌਕੇ ਪ੍ਰਧਾਨ ਮੱਖਣ ਪੱਲਣ, ਸਰਵਣ ਸਿੰਘ ਫੌਜੀ ਸੀਨੀਅਰ ਮੀਤ ਪ੍ਰਧਾਨ, ਚਰਨਜੀਤ ਸਿੰਘ ਲਾਡੀ ਵਾਈਸ ਪ੍ਰਧਾਨ, ਸਰਵਣ ਸਿੰਘ ਮੁੱਲਾਂਪੁਰ ਜਰਨਲ ਸਕੱਤਰ, ਮਾਸਟਰ ਜਸਵਿੰਦਰ ਸਿੰਘ ਖਜਾਨਚੀ, ਗੁਰਜੀਤ ਸਿੰਘ ਸੈਲੋਪਾਲ, ਮਿੰਟੂ ਰੋਗਲਾ, ਡਾਕਟਰ ਗੁਰਜੀਤ ਸਿੰਘ ਭੀਖੀ, ਡਾਕਟਰ ਗੁਰਜੀਤ ਤੇ ਕਮੇਟੀ ਮੈਬਰ ਤੇ ਸੰਗਤਾਂ ਹਾਜਰ ਸਨ!

## ਵਿਜੀਲੈਂਸ ਬਿਊਰੋ ਨੇ ਬੀਜ ਪ੍ਰਮਾਣੀਕਰਨ ਅਧਿਕਾਰੀ ਨੂੰ 50,000 ਦੀ ਰਿਸ਼ਵਤ ਲੈਂਦੇ ਫੜਿਆ

ਲੁਧਿਆਣਾ, 13 ਅਪ੍ਰੈਲ, (ਰਵਿੰਦਰ ਸਿੰਘ ਨਿੱਝਰ) ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਮੁਹਿੰਮ ਦੌਰਾਨ, ਪੰਜਾਬ ਰਾਜ ਬੀਜ ਪ੍ਰਮਾਣੀਕਰਨ ਅਥਾਰਟੀ, ਲੁਧਿਆਣਾ ਵਿਖੇ ਤਾਇਨਾਤ ਬੀਜ ਪ੍ਰਮਾਣੀਕਰਨ ਅਧਿਕਾਰੀ ਅੰਮ੍ਰਿਤਪਾਲ ਸਿੰਘ ਨੂੰ ?50,000 ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ ।ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਅੱਜ ਇੱਥੇ ਦੱਸਿਆ ਕਿ ਦੋਸ਼ੀ ਨੂੰ ਮਾਨਸਾ ਜ਼ਿਲ੍ਹੇ ਦੇ ਵਾਰਡ ਨੰਬਰ 10 ਦੇ ਇੱਕ ਨਿਵਾਸੀ ਦੁਆਰਾ ਦਰਜ ਕੀਤੀ ਗਈ ਸ਼ਿਕਾਇਤ ਦੇ ਆਧਾਰ @ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਇੱਕ ਬੀਜ ਉਤਪਾਦਕ ਹੈ ਜੋ ਮਾਨਸਾ ਵਿੱਚ ਮੈਸਰਜ਼ ਪੰਜਾਬ ਐਗਰੀ ਸੀਡ ਫਾਰਮ ਚਲਾਉਂਦਾ ਹੈ। ਉਸਦੀ ਫਰਮ ਪੰਜਾਬ ਜਾਂ ਰਾਜ ਤੋਂ ਬਾਹਰ ਖੇਤੀਬਾੜੀ ਯੂਨੀਵਰਸਿਟੀਆਂ ਤੋਂ ਬਰੀਡਰ ਬੀਜ (ਪਹਿਲੇ ਦਰਜੇ ਦੇ ਬੀਜ) ਖਰੀਦਦੀ ਹੈ ਅਤੇ ਖਰੀਦੀਆਂ ਗਈਆਂ ਫਸਲਾਂ ਤੋਂ ਬੀਜ ਪੈਦਾ ਕਰਦੀ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸਦੀ ਫਰਮ ਨੇ ਵੱਖ-ਵੱਖ ਯੂਨੀਵਰਸਿਟੀ ਅਤੇ ਫਾਊਂਡੇਸ਼ਨ ਬੀਜ ਸਰੋਤਾਂ ਰਾਹੀਂ ਲਗਭਗ 510 ਹੈਕਟੇਅਰ (1275 ਏਕੜ) ਜ਼ਮੀਨ @ਤੇ ਕਣਕ ਦੇ ਬੀਜ ਬੀਜੇ ਸਨ। ਦੋਸ਼ੀ, ਅੰਮ੍ਰਿਤਪਾਲ ਸਿੰਘ, ਇੱਕ ਬੀਜ ਪ੍ਰਮਾਣੀਕਰਣ ਅਧਿਕਾਰੀ, ਇਸ ਫਸਲ ਦਾ ਨਿਰੀਖਣ ਕਰਨ ਲਈ ਜ਼ਿੰਮੇਵਾਰ ਸੀ। ਕਥਿਤ ਦੋਸ਼ੀ ਲਗਭਗ 10 ਦਿਨ ਪਹਿਲਾਂ ਬੀਜੀ ਗਈ ਫਸਲ ਦਾ ਨਿਰੀਖਣ ਕਰਨ ਲਈ ਫਾਰਮ ਦਾ ਦੌਰਾ ਕੀਤਾ ਸੀ ਅਤੇ ਫਸਲੀ ਖੇਤਾਂ ਨੂੰ ਦੇਖਣ ਲਈ ਕਿਹਾ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਦੋਸ਼ੀ ਨੇ ਅਨੁਕੂਲ ਨਿਰੀਖਣ ਰਿਪੋਰਟ ਦੇ ਬਦਲੇ 200 ਪ੍ਰਤੀ ਹੈਕਟੇਅਰ (510 x 200 = 102,000) ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤਖੋਰੀ ਦੀ ਗੱਲਬਾਤ ਰਿਕਾਰਡ ਕੀਤੀ।ਕਿਉਂਕਿ ਸ਼ਿਕਾਇਤਕਰਤਾ ਰਿਸ਼ਵਤ ਦੇਣ ਲਈ ਤਿਆਰ ਨਹੀਂ ਸੀ, ਇਸ ਲਈ ਉਸਨੇ ਵਿਜੀਲੈਂਸ ਬਿਊਰੋ ਰੇਂਜ, ਬਠਿੰਡਾ ਨਾਲ ਸੰਪਰਕ ਕੀਤਾ।

## ਹੋਟਲ ਮੈਨੇਜਮੈਂਟ ਵਿਭਾਗ ਨੇ ਭਾਰਤੀ ਸਟਰੀਟ ਫੂਡ ਸਟਾਲ ਲਗਾਈ




ਲੁਧਿਆਣਾ,13 ਅਪ੍ਰੈਲ (ਵਿਸ਼ਾਲ ਸ਼ਰਮਾ) ਗੁਜਰਾਂਵਾਲਾ ਗੁਰੂ ਨਾਨਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ (ਜੀ.ਜੀ.ਐਨ.ਆਈ. ਐਮ.ਟੀ.) ਦੇ ਹੋਟਲ ਮੈਨੇਜਮੈਂਟ ਵਿਭਾਗ ਨੇ ਕੈਂਪਸ ਵਿੱਚ ਇੱਕ ਜੀਵੰਤ 'ਭਾਰਤੀ ਸਟ੍ਰੀਟ ਫੂਡ ਸਟਾਲ' ਸਫਲਤਾਪੂਰਵਕ ਆਯੋਜਿਤ ਕੀਤਾ। ਇਸ ਇਵੈਂਟ ਦਾ ਉਦੇਸ਼ ਵਿਦਿਆਰਥੀਆਂ ਨੂੰ ਕੁੱਲੀਨਰੀ ਹੁਨਰਾਂ, ਭੋਜਨ ਪੇਸ਼ਕਾਰੀ ਅਤੇ ਪਰਾਹੁਣਚਾਰੀ ਪ੍ਰਬੰਧਨ ਵਿੱਚ ਵਿਹਾਰਕ ਅਨੁਭਵ ਪ੍ਰਦਾਨ ਕਰਨਾ ਸੀ, ਜਦੋਂ ਕਿ ਭਾਰਤੀ ਸਟ੍ਰੀਟ ਭੋਜਨ ਦੇ ਅਮੀਰ ਸਵਾਦਾਂ ਨੂੰ ਮਨਾਉਣਾ। ਸਟਾਲ ਵਿੱਚ ਪਾਨੀ ਪੂਰੀ, ਭੇਲਪੂਰੀ, ਛੋਲੇ ਭਟੂਰੇ ਅਤੇ ਤਾਜ਼ਾ ਮਾਕਟੇਲਾਂ ਸਮੇਤ ਇੱਕ ਲਜ਼ੀਜ਼ ਮੀਨੂ ਸ਼ਾਮਲ ਸੀ, ਜਿਸ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਹਿਮਾਨਾਂ ਵੱਲੋਂ ਭਾਵੁਕ ਹਿੱਸੇਦਾਰੀ ਨੂੰ ਆਕਰਸ਼ਿਤ ਕੀਤਾ। ਇਸ ਇਵੈਂਟ ਨੇ ਇੱਕ ਜੀਵੰਤ ਮਾਹੌਲ ਪੈਦਾ ਕੀਤਾ, ਜਿਸ ਵਿੱਚ ਭਵਿੱਖ ਦੇ ਪਰਾਹੁਣਚਾਰੀ ਪੇਸ਼ੇਵਰਾਂ ਦੀ ਰਚਨਾਤਮਕਤਾ, ਟੀਮਵਰਕ ਅਤੇ ਉੱਦਮੀ ਭਾਵਨਾ ਨੂੰ ਪ੍ਰਦਰਸ਼ਿਤ ਕੀਤਾ ਗਿਆ। ਇਸ ਇਵੈਂਟ ਨੂੰ ਗੁਜਰਾਂਵਾਲਾ ਖਾਲਸਾ ਐਜੂਕੇਸ਼ਨਲ ਕੌਂਸਲ (ਜੀਕੇਸੀ) ਦੇ ਪ੍ਰਧਾਨ ਡਾ. ਐਸ. ਪੀ. ਸਿੰਘ ਦੀ ਸ਼ੋਭਾ ਵਧਾਈ। ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਡਾ. ਸਿੰਘ ਨੇ ਸਟਾਲ ਦਾ ਆਯੋਜਨ ਕਰਨ ਵਿੱਚ ਉਨ੍ਹਾਂ ਦੀ ਮਿਹਨਤ ਅਤੇ ਰਚਨਾਤਮਕਤਾ ਦੀ ਸ਼ਲਾਘਾ ਕੀਤੀ। ਜੀਕੇਸੀ ਦੇ ਸਨਮਾਨਿਤ ਜਨਰਲ ਸੈਕਟਰੀ ਹਰਸ਼ਰਨ ਸਿੰਘ ਨਰੂਲਾ ਨੇ ਹੋਰ ਦਫ਼ਤਰਧਾਰੀਆਂ ਨਾਲ ਮਿਲ ਕੇ ਇਵੈਂਟ ਵਿੱਚ ਹਿੱਸਾ ਲਿਆ ਅਤੇ ਵਿਦਿਆਰਥੀਆਂ ਦੀਆਂ ਕੋਸ਼ਿਸ਼ਾਂ ਦੀ ਭੁੱਲ-ਚੁੱਕ ਨਾ ਕਰਦਿਆਂ ਫੂਡ ਸਟਾਲ ਨੂੰ ਸਫਲਤਾਪੂਰਵਕ ਚਲਾਉਣ ਅਤੇ ਲਜ਼ੀਜ਼ ਅਨੁਭਵ ਪ੍ਰਦਾਨ ਕਰਨ ਲਈ ਸ਼ਲਾਘਾ ਕੀਤੀ। ਕੁਲਜੀਤ ਸਿੰਘ ਅਤੇ ਹਰਦੀਪ ਸਿੰਘ ਵੀ ਇਸ ਮੌਕੇ ’ਤੇ ਹਾਜ਼ਰ ਹੋਏ।ਜੀਜੀਐਨਆਈਐਮਟੀ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ ਅਤੇ ਅਜਿਹੀਆਂ ਵਿਹਾਰਕ ਸਿੱਖਿਆ ਉਦਿਆਨਾਂ ਨੂੰ ਉਦਯੋਗ-ਪ੍ਰਸਤ ਪੇਸ਼ੇਵਰ ਬਣਾਉਣ ਵਿੱਚ ਮਹੱਤਵਪੂਰਨ ਦੱਸਿਆ। ਜੀਜੀਐਨਆਈਐਮਟੀ ਦੇ ਡਾਇਰੈਕਟਰ ਪ੍ਰੋ. ਮਨਜੀਤ ਸਿੰਘ ਛਾਬੜਾ ਨੇ ਵੀ ਵਿਦਿਆਰਥੀਆਂ ਦੀ ਲਗਨ, ਸਮਨਵਯ ਅਤੇ ਇਵੈਂਟ ਦੇ ਚੰਗੇ ਢੰਗ ਨਾਲ ਚਲਾਉਣ ਲਈ ਸ਼ਲਾਘਾ ਕੀਤੀ। ਇਹ ਇਵੈਂਟ ਉੱਚ ਨੋਟ ’ਤੇ ਸਮਾਪਤ ਹੋਇਆ ਜਿਸ ਨੇ ਹਿੱਸੇਦਾਰਾਂ ਨੂੰ ਪ੍ਰੇਰਿਤ ਕੀਤਾ ਅਤੇ ਪਰਾਹੁਣਚਾਰੀ ਅਤੇ ਭੋਜਨ ਸੇਵਾ ਪ੍ਰਬੰਧਨ ਵਿੱਚ ਅਮੁੱਲੇ ਵਿਹਾਰਕ ਅਨੁਭਵ ਨਾਲ ਭਰਪੂਰ ਕੀਤਾ।

## ਮਥੁਰਾ ਕਿਸ਼ਤੀ ਹਾਦਸਾ : ਦੋ ਦਿਨਾਂ ਬਾਅਦ ਮਿਲੀ 19 ਸਾਲਾ ਰਿਸ਼ਵ ਸ਼ਰਮਾ ਦੀ ਦੇਹ



ਜਗਰਾਉਂ 13 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ) ਬੀਤੇ ਦਿਨੀਂ ਮਥੁਰਾ ਵਿਖੇ ਵਾਪਰੇ ਦਰਦਨਾਕ ਕਿਸ਼ਤੀ ਹਾਦਸੇ ਨੇ ਜਗਰਾਉਂ ਸ਼ਹਿਰ ਨੂੰ ਗਹਿਰੇ ਸੋਗ ਵਿੱਚ ਡੋਬ ਦਿੱਤਾ ਹੈ। ਇਸ ਹਾਦਸੇ ਦਾ ਸ਼ਿਕਾਰ ਹੋਏ ਸ਼ਰਧਾਲੂਆਂ ਵਿੱਚੋਂ ਪੰਜ ਮ੍ਰਿਤਕਾਂ ਦਾ ਪਹਿਲਾਂ ਹੀ ਬਰਿੰਦਾਵਨ ਵਿਖੇ ਪੋਸਟਮਾਰਟਮ ਤੋਂ ਬਾਅਦ ਜਗਰਾਉਂ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਸੀ। ਅੱਜ ਇਸ ਹਾਦਸੇ ਦੇ ਇੱਕ ਹੋਰ ਪੀੜਤ, 19 ਸਾਲਾ ਨੌਜਵਾਨ ਰਿਸ਼ਵ ਸ਼ਰਮਾ ਦੀ ਮ੍ਰਿਤਕ ਦੇਹ ਜਗਰਾਉਂ ਪਹੁੰਚੀ, ਜਿਸ ਤੋਂ ਬਾਅਦ ਪੂਰੇ ਸ਼ਹਿਰ ਵਿੱਚ ਮਾਤਮ ਪਸਰ ਗਿਆ।ਗੋਤਾਖੋਰਾਂ ਨੂੰ ਦੋ ਦਿਨਾਂ ਬਾਅਦ ਮਿਲੀ ਸੀ ਦੇਹ ਜ਼ਿਕਰਯੋਗ ਹੈ ਕਿ ਕਿਸ਼ਤੀ ਡੁੱਬਣ ਦੀ ਘਟਨਾ ਤੋਂ ਬਾਅਦ ਰਿਸ਼ਵ ਸ਼ਰਮਾ ਲਾਪਤਾ ਸੀ। ਗੋਤਾਖੋਰਾਂ ਦੀ ਸਖ਼ਤ ਮਸ਼ੱਕਤ ਤੋਂ ਬਾਅਦ ਤਕਰੀਬਨ ਦੋ ਦਿਨਾਂ ਬਾਅਦ ਉਸ ਦੀ ਦੇਹ ਬਰਾਮਦ ਹੋਈ। ਅੱਜ ਜਿਵੇਂ ਹੀ ਰਿਸ਼ਵ ਦੀ ਦੇਹ ਜਗਰਾਉਂ ਪਹੁੰਚੀ, ਪਰਿਵਾਰਿਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ ਸੀ ਅਤੇ ਹਰ ਅੱਖ ਨਮ ਨਜ਼ਰ ਆ ਰਹੀ ਸੀ। ਰਿਸ਼ਵ ਸ਼ਰਮਾ ਦਾ ਅੰਤਿਮ ਸੰਸਕਾਰ ਜਗਰਾਉਂ ਦੇ ਸ਼ੇਰਪੁਰਾ ਰੋਡ ਸਥਿਤ ਸ਼ਮਸ਼ਾਨ ਘਾਟ ਵਿਖੇ ਕੀਤਾ ਗਿਆ। ਇਸ ਮੌਕੇ ਸ਼ਹਿਰ ਵਾਸੀਆਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਰਾਜਨੀਤਿਕ ਅਤੇ ਧਾਰਮਿਕ ਆਗੂਆਂ ਨੇ ਦਿੱਤੀ ਸ਼ਰਧਾਂਜਲੀ ਇਸ ਦੁਖਦਾਈ ਘੜੀ ਵਿੱਚ ਪਰਿਵਾਰ ਨਾਲ ਹਮਦਰਦੀ ਪ੍ਰਗਟਾਉਣ ਲਈ ਵਿਧਾਇਕਾ ਸਰਬਜੀਤ ਕੌਰ ਮਾਣੂਕੇ, ਸਾਬਕਾ ਵਿਧਾਇਕ ਐਸ.ਆਰ. ਕਲੇਰ, ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਸਮੇਤ ਕਈ ਹੋਰ ਰਾਜਨੀਤਿਕ ਆਗੂ, ਧਾਰਮਿਕ ਸੰਸਥਾਵਾਂ ਦੇ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਪਹੁੰਚੇ। ਹਾਜ਼ਰ ਸਖ਼ਸ਼ੀਅਤਾਂ ਨੇ ਇਸ ਘਟਨਾ ਨੂੰ ਬੇਹੱਦ ਮੰਦਭਾਗਾ ਦੱਸਦਿਆਂ ਪ੍ਰਮਾਤਮਾ ਅੱਗੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਅਰਦਾਸ ਕੀਤੀ।

# ਉਪ-ਦਫ਼ਤਰ ਬਰਨਾਲਾ ਵਲੋਂ ਖ਼ਾਲਸੇ ਦੇ ਸਾਜਨਾ ਦਿਵਸ 'ਤੇ ਵਿਸ਼ੇਸ਼ ਸਪਲੀਮੈਂਟ

ਹਮੀਰ ਸਿੰਘ
ਪੱਤਰਕਾਰ
ਬਰਨਾਲਾ

## ਸੰਦੇਸ਼

ਖ਼ਾਲਸਾ ਪ੍ਰਗਟ ਦਿਵਸ ਦੇ ਪਵਿੱਤਰ ਮੌਕੇ 'ਤੇ ਜਿੱਥੇ ਮੈਂ ਆਪਣੇ ਵਲੋਂ ਸਿੱਖ ਸੰਗਤ ਨੂੰ ਮੁਬਾਰਕਬਾਦ ਦਿੰਦਾ ਹਾਂ, ਉਥੇ ਇਹ ਅਰਦਾਸ ਵੀ ਕਰਦਾ ਹਾਂ ਕਿ ਖ਼ਾਲਸਾ ਪੰਥ ਏਕਤਾ, ਇਤਫ਼ਾਕ ਨਾਲ ਚੜ੍ਹਦੀ ਕਲਾ ਵਿਚ ਰਹੇ ਅਤੇ ਕੌਮ ਆਪਣੀ ਪਛਾਣ, ਮਰਯਾਦਾ ਅਤੇ ਇਤਿਹਾਸ ਨੂੰ ਸਾਂਭ ਕੇ ਰੱਖੇ।

ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ
ਜਥੇਦਾਰ ਤਖ਼ਤ ਸ਼੍ਰੀ ਦਮਦਮਾ ਸਾਹਿਬ

## ਸੰਦੇਸ਼

ਸਮੂਹ ਇਲਾਕਾ ਵਾਸੀਆਂ ਨੂੰ ਖ਼ਾਲਸਾ ਸਾਜਨਾ ਦਿਵਸ ਦੀਆਂ ਵਧਾਈਆਂ ਦਿੰਦੇ ਹੋਏ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਇਲਾਕੇ ਵਿਚ ਸੁੱਖ ਸ਼ਾਂਤੀ ਬਣੀ ਰਹੀ ਤੇ ਸਭ ਲਈ ਖੁਸ਼ੀਆਂ ਖੇੜੇ ਲੈ ਕੇ ਆਵੇ। ਇਸ ਉੱਦਮ ਲਈ ਚੜ੍ਹਦੀਕਲਾ ਟੀਮ ਬਰਨਾਲਾ ਨੂੰ ਮੁਬਾਰਕਬਾਦ ਦਿੰਦਾ ਹਾਂ।

ਸੰਤ ਬਾਬਾ ਕਾਕਾ ਸਿੰਘ
ਮੁੱਖ ਸੇਵਾਦਾਰ ਬੁੰਗਾ ਮਸਤੂਆਣਾ ਦਮਦਮਾ ਸਾਹਿਬ ਤਲਵੰਡੀ ਸਾਬੋ

## ਸੰਦੇਸ਼

ਸਮੂਹ ਇਲਾਕਾ ਵਾਸੀਆਂ ਨੂੰ ਖ਼ਾਲਸਾ ਸਾਜਾਨਾ ਦਿਵਸ ਦੀਆਂ ਵਧਾਈਆਂ ਦਿੰਦੇ ਹੋਏ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਇਲਾਕੇ ਵਿਚ ਸੁੱਖ ਸ਼ਾਂਤੀ ਬਣੀ ਰਹੀ ਤੇ ਸਭ ਲਈ ਖੁਸ਼ੀਆਂ ਖੇੜੇ ਲੈ ਕੇ ਆਵੇ। ਇਸ ਉੱਦਮ ਲਈ ਚੜ੍ਹਦੀਕਲਾ ਟੀਮ ਬਰਨਾਲਾ ਨੂੰ ਮੁਬਾਰਕਬਾਦ ਦਿੰਦਾ ਹਾਂ।

ਮਹੰਤ ਬਾਬਾ ਪਿਆਰਾ ਸਿੰਘ
ਮੁਖੀ ਡੇਰਾ ਬਾਬਾ ਗਾਂਧਾ ਸਿੰਘ ਬਰਨਾਲਾ

ਦਰਸ਼ਨ ਸਿੰਘ ਸੰਘੇੜਾ
ਜ਼ਿਲ੍ਹਾ ਤੇ ਮੰਡੀ ਪ੍ਰਧਾਨ ਆੜ੍ਹਤੀਆ ਐਸੋ:

ਵਿਵੇਕ ਕੁਮਾਰ ਸਿੰਗਲਾ
ਸੈਕਟਰੀ/ਖਜਾਨਚੀ

ਰਾਕੇਸ਼ ਕੁਮਾਰ ਰੰਗੀਆਂ

ਸੋਨੀ ਭੋਤਨਾ

ਰਘੂ

ਸਮੂਹ ਆੜ੍ਹਤੀਆ ਐਸੋਸੀਏਸ਼ਨ ਬਰਨਾਲਾ ਵੱਲੋਂ ਪੰਜਾਬੀਆਂ ਨੂੰ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ

ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ
ਐਡਵੋਕੇਟ ਧੀਰਜ ਕੁਮਾਰ
ਜ਼ਿਲ੍ਹਾ ਪ੍ਰਧਾਨ ਲੀਗਲ ਸੈੱਲ (ਆਪ) ਬਰਨਾਲਾ

ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ
ਐਡਵੋਕੇਟ ਮਨਿੰਦਰ ਸਿੰਘ ਗਿੱਲ
ਜ਼ਿਲ੍ਹਾ ਕਚਹਿਰੀ ਬਰਨਾਲਾ

ਦੇਸ਼-ਵਿਦੇਸ਼ ਵਿਚ ਵਸਦੇ ਪੰਜਾਬੀਆਂ ਨੂੰ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ
ਗੁਰਨਾਮ ਸਿੰਘ ਹੈਪੀ
ਸਰਦਾਰ ਹੈਂਡਲੂਮ ਬਰਨਾਲਾ

ਦੇਸ਼-ਵਿਦੇਸ਼ ਵਿਚ ਵਸਦੇ ਪੰਜਾਬੀਆਂ ਨੂੰ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ
ਗੁਰਕੀਮਤ ਸਿੰਘ ਸਿੱਧੂ
ਮੈਂਬਰ ਪੀ.ਪੀ.ਸੀ.ਸੀ.

ARYABHATTA
GROUP OF INSTITUTES
First NAAC Accredited Private College of Malwa Region
40+ COURSES
ENGINEERING | MANAGEMENT
IT | COMMERCE | ARTS | SCIENCES
• ਸਰਕਾਰੀ ਬੱਸ ਪਾਸ ਦੀ ਸਹੂਲਤ
• SC ਵਿਦਿਆਰਥੀਆਂ ਲਈ ਮੁਫਤ ਸਿੱਖਿਆ
97813-41000 | 99880-25700
NH-703, Barnala - Bajakhana Road Cheema-Jodhpur, Barnala

ਆਓ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਨਸ਼ਿਆਂ ਨੂੰ ਛੱਡ ਕੇ ਸਿਹਤਮੰਦ ਜੀਵਨ ਵੱਲ ਕਦਮ ਵਧਾਉਣ ਦਾ ਪ੍ਰਣ ਕਰੀਏ
ਮਿੱਟੀ ਫਾਊਂਡੇਸ਼ਨ
ਬਰਨਾਲਾ

ਦੇਸ਼-ਵਿਦੇਸ਼ ਵਿਚ ਵਸਦੇ ਪੰਜਾਬੀਆਂ ਨੂੰ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ
ਵੱਲੋਂ: ਮੱਖਣ ਸ਼ਰਮਾ, ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਬਰਨਾਲਾ

ਦੇਸ਼-ਵਿਦੇਸ਼ ਵਿਚ ਵਸਦੇ ਪੰਜਾਬੀਆਂ ਨੂੰ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਲੱਖ-ਲੱਖ ਮੁਬਾਰਕਾਂ
ਕੁਲਦੀਪ ਸਿੰਘ ਕਾਲਾ ਢਿੱਲੋਂ
ਹਲਕਾ ਵਿਧਾਇਕ ਬਰਨਾਲਾ
ਜਸਮੇਲ ਸਿੰਘ ਡੇਅਰੀ ਵਾਲਾ ਚੇਅਰਮੈਨ ਐਸਸੀ ਡਿਪਾਰਟਮੈਂਟ ਜ਼ਿਲ੍ਹਾ ਬਰਨਾਲਾ ਹਲਕਾ ਮਹਿਲ ਕਲਾਂ

ਪੰਜਾਬੀ ਯੂਨੀਵਰਸਿਟੀ ਤੋਂ ਮਾਨਤਾ ਪ੍ਰਾਪਤ
Run by :- S.D. Sabha (Regd.) Barnala
ਐੱਸ.ਐੱਸ.ਡੀ.ਕਾਲਜ
ਬਰਨਾਲਾ
S.S.D. COLLEGE Estd. 2008
WE HAVE BEEN GRANTED AICTE Approval for in BCA Course BBA
+1 & +2
Medical, Non-Medical, Commerce & Arts
ਦਾਖ਼ਲਾ ਸ਼ੁਰੂ
ਸ਼ੈਸ਼ਨ 2026-27
B.Sc. Medical/Non-Medical
BBA | B.A. | BCA | B.Com
M.A. History
M.A. Punjabi | M.Sc.-IT
PGDCA | M.Com
* ਪੰਜਾਬ ਸਰਕਾਰ ਦੀਆਂ ਸ਼ਰਤਾਂ ਅਨੁਸਾਰ SC ਵਿਦਿਆਰਥੀਆਂ ਨੂੰ ਛੋਟ ਦਿੱਤੀ ਜਾਵੇਗੀ।
* ਟੌਪਰ ਵਿਦਿਆਰਥੀਆਂ ਲਈ ਸਕਾਲਰਸ਼ਿਪ ਦੀ ਸਹੂਲਤ ਉਪਲੱਬਧ ਹੈ।
ਨੇੜੇ ਤਰਕਸ਼ੀਲ ਚੌਂਕ, ਸੰਘੇੜਾ ਰੋਡ, ਬਰਨਾਲਾ
ssdcollegebarnala.com ssdclg@gmail.com
Contact : Office : 98759-80038, 98759-80039, 98759-80040, Principal : 98149-27887

MTIS
MOTHER TEACHER INTERNATIONAL SCHOOL
Admission Open for
PLAY SCHOOL TO 11TH
PH:92170-11135
Barnala-Bathinda Road Handiaya(148107)

SBS PUBLIC SCHOOL SURJITPURA
SBS SCHOOL SURJITPURA
Admissions Open
Nursery to IX & XI
ENROLL NOW
Together, let's nurture confidence and brilliance.
Sekha Road Surjitpura (Barnala) 01679-243594 99143-74214

SH. LAL BAHADUR SHASTRI ARYA MAHILA COLLEGE, BARNALA
ADMISSION OPEN 2026-27
"THE BEST GUIDELINES FOR YOU"
B+ NAAC
BA | BCA
B.COM | M.COM
BBA | BSC (M/NM)
MA HISTORY/PUNJABI
M.SC. IT | M.SC. (FASHION DESIGNING)
B. VOC. COURSES
SOFTWARE DEVELOPMENT, FASHION TECHNOLOGY, BEAUTY & WELLNESS
1 YEAR PG DIPLOMA IN COMPUTER APPLICATION
DRESS DESIGNING
COSMETOLOGY
FOR MORE INFORMATION
90418-21788, 94634-65709
www.lbscollegebnl.com

Admission Open
PRE-NURSERY TO 10 STANDARD
Call us On
85560-33056
90412-40056
Sant Longpuri Brilliant School, Pakho Kalan(BNL)
AFFILIATED tO C.B.S.E (NEW DELHI) : 1631527
Highlights
• Smart Technologies(Audio & visual Classroom)
• Dynamic and Dedicated Team work.
• Well experienced staff.
• Playing method for pre nursery to UKG.
• Skills and Talent oriented.
• Medical facility for students.
• Workshop and Counselling session.
• Extra attention for slow learners.
• Safe and secure infrastructure.
• Modern sports facilities.
• 24 x 7 CCTV Surveillance.
• A big campus amidst lush greenery.
• Big playground.
• Big Library.
• Well-equipped laboratories of science, Math, computer.
• Moderate class size to have one to one interaction.
Barnala Mansa Road, Pakho Kalan, Barnala (Pb.)
Website http://slbspk.com
Email longpuribrilliantschool@gmail.com

Sant Baba Longpuri Adarsh Sen Sec School Pakho Kalan
ADMISSION OPEN (2026-27)
JOIN FREE COACHING CLASSES
IIT-JEE,NEET,
ALL COMPETITIVE EXAM
BEST OPPORTUNITY FOR 9th TO 12th
Science,Commerce & Arts
(Arts only for girls)
ENROLL NOW
Address-Mansa-Barnala Road Pakho Kalan
90414-15576
www.longpurischoolpakhokalan@gmail.com

Batches for Senior Secondary
UPSC
Legal
Medical
Non Medical
Commerce
FINLAND SCHOOLS
जैसा ख़ास
NAYA
वही विश्वास
YS
YS School
Provisional Admissions Open for Class XI For more info: 76269-66211 | www.ysschool.org

Happy Baisakhi
Excellence that Grows with Every Season.
BVM INTERNATIONAL SCHOOL
AFFILIATED TO CISCE - NEW DELHI
Khuddi Road, Barnala, Punjab
+91 62398-21158

G.S. Public Sen. Sec. School, Dhaula
ADMISSIONS OPEN
(Session: 2026-2027)
Playway Group -IXth & XI (ARTS & COMMERCE)
We're Excited to Welcome New Students!
Looking for a place where your child can grow, learn, and shine?
Admissions are NOW OPEN for the upcoming school year.
YOU'VE FOUND IT!
Supportive teachers and staff
Fun and engaging learning
Billaspur Pindi, Ghunas Road, Dhaula(BNL)
99155-94031, 98720-85685
gspublicschool@gmail.com

## ਡੀ.ਏ.ਵੀ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਦੇ ਮੌਕੇ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ



ਮੂਨਕ,13 ਅਪ੍ਰੈਲ (ਸਮਸ਼ੇਰ ਸਿੰਘ ਭੁਟਾਲ)ਬਾਬੂ ਬ੍ਰਿਸ਼ ਭਾਨ ਡੀ.ਏ.ਵੀ. ਪਬਲਿਕ ਸਕੂਲ ਮੂਨਕ ਵਿੱਚ ਪ੍ਰਿੰਸੀਪਲ ਸ੍ਰੀ ਸੰਜੀਵ ਸ਼ਰਮਾ ਜੀ ਦੀ ਯੋਗ ਅਗਵਾਈ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਮਿਲਕੇ ਵਿਸਾਖੀ ਦਾ ਤਿਉਹਾਰ ਬੜੀ ਧੂਮ -ਧਾਮ ਨਾਲ ਮਨਾਇਆ। ਆੱਡੀਟੋਰੀਅਮ ਵਿੱਚ ਸ਼ਰਧਾ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਲਿਆਂਦਾ ਗਿਆ। ਰੁਪਿੰਦਰ ਕੌਰ , ਮੋਹਨੀ ਸ਼ਰਮਾ, ਵੀਰਪਾਲ ਕੌਰ , ਨੇਹਾ ਮਹਿਤਾ, ਰਾਜਿੰਦਰ ਕੌਰ, ਅਮਰਜੋਤ ਕੌਰ ਅਤੇ ਕੁਮਾਰੀ ਜਸ਼ਨ , ਕੁਮਾਰੀ ਰਾਜਬੀਰ ਕੌਰ ਦੁਆਰਾ ਸੁਖਮਨੀ ਸਾਹਿਬ ਦਾ ਪਾਠ ਕੀਤਾ ਗਿਆ ਅਤੇ ਅਰਦਾਸ ਕਰਕੇ ਭੋਗ ਪਾਇਆ ਗਿਆ। ਇਸ ਮੌਕੇ ਤੇ ਨਰਸਰੀ ਜਮਾਤ ਤੋਂ ਲੈ ਕੇ ਦੂਜੀ ਜਮਾਤ ਤੱਕ ਦੇ ਅਧਿਆਪਕਾਂ ਨੇ ਵਿਦਿਆਰਥੀਆਂ ਵਿਸਾਖੀ ਨਾਲ ਸੰਬੰਧਿਤ ਅਲੱਗ-ਅਲੱਗ ਪੇਂਟਿੰਗ, ਆਰਟ ਐਂਡ ਕਰਾਫਟ ਗਤੀਵਿਧੀਆਂ ਕਰਵਾਈਆਂ। ਜਨਰਲ ਡਾਇਰ ਨੇ 13ਅਪ੍ਰੈਲ 1919 ਈ: ਨੂੰ ਜਲ੍ਹਿਆਂ ਵਾਲੇ ਬਾਗ ਵਿਚ ਨਿਹੱਥੇ ਲੋਕਾਂ ਨੂੰ ਗੋਲੀਆਂ ਨਾਲ ਭੁੰਨ ਕੇ ਦੇਸ਼ ਦੀ ਤਾਕਤ ਨੂੰ ਲਲਕਾਰਿਆ ਤਾਂ ਭਾਰਤੀ ਯੋਧਿਆਂ ਨੇ ਉਨ੍ਹਾਂ ਧਾਰ ਰਾਹੀਂ ਦੇ ਅੰਤ ਵਿਚ ਪ੍ਰਿੰਸੀਪਲ ਸਾਹਿਬ ਜੀ ਨੇ ਵਿਸਾਖੀ ਦੇ ਇਤਿਹਾਸਕ, ਧਾਰਮਿਕ ਅਤੇ ਸੱਭਿਆਚਾਰਕ ਮਹੱਤਵ ਉਤੇ ਚਾਨਣਾ ਪਾਇਆ ਅਤੇ ਦੱਸਿਆ ਕਿ ਇਹ ਤਿਉਹਾਰ ਖੁਸ਼ਹਾਲੀ, ਪ੍ਰਗਤੀ ਅਤੇ ਮੌਸਮ ਬਦਲਣ ਦਾ ਪ੍ਰਤੀਕ ਹੈ। ਉਨ੍ਹਾਂ ਨੇ ਸਾਰਿਆਂ ਨੂੰ ਵਿਸਾਖੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ।

## ਪੁਲਿਸ ਵੱਲੋਂ ਅੰਨ੍ਹਾ ਕਤਲ ਕੇਸ ਟਰੇਸ, 7 ਮੁਲਜ਼ਮ ਕਾਬੂ

ਸੰਗਰੂਰ, 13 ਅਪ੍ਰੈਲ(ਹਰਕੰਵਲ ਸਿੰਘ ਹੈਪੀ) ਸਰਤਾਜ ਸਿੰਘ ਚਾਹਲ, ਐਸ.ਐਸ.ਪੀ, ਸੰਗਰੂਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ, ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਭਵਾਨੀਗੜ੍ਹ ਦੇ ਏਰੀਏ ਵਿੱਚ ਹੋਏ ਅੰਨ੍ਹੇ ਕਤਲ ਦੇ ਮਾਮਲੇ ਨੂੰ ਟਰੇਸ ਕਰਦੇ ਹੋਏ ਡਕੈਤੀ/ਚੋਰੀ ਕਰਨ ਵਾਲੇ ਗਰੋਹ ਦਾ ਪਰਦਾਫਾਸ਼ ਕਰ ਕੇ 07 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ ਹੈ, ਜਿਨ੍ਹਾਂ ਪਾਸੋਂ ਵਾਰਦਾਤ ਸਮੇਂ ਵਰਤਿਆ ਕੈਂਟਰ ਨੰਬਰ ਮਾਰਕਾ ਭਾਰਤ ਵੈਨਜ਼, ਮੋਟਰਸਾਈਕਲ ਨੰਬਰ 8750 ਮਾਰਕਾ ਸਪਲੈਂਡਰ, ਚੋਰੀ ਕੀਤੇ ਗਏ 04 ਪਾਈਪ ਲੋਹਾ, 01 ਡੰਡਾ ਅਤੇ ਮ੍ਰਿਤਕ ਦਾ ਮੋਬਾਇਲ ਫੋਨ ਬ੍ਰਾਮਦ ਕਰਵਾਇਆ ਗਿਆ।ਸ਼੍ਰੀ ਚਾਹਲ ਨੇ ਦੱਸਿਆ ਕਿ ਮਿਤੀ 07.04.2026 ਨੂੰ ਇਤਲਾਹ ਮਿਲੀ ਕਿ ਰਾਮਜੀ ਸਿੰਘ ਵਾਸੀ ਬਾਲਦ ਕਲਾਂ, ਪਲਾਟ ਵਿੱਚ ਬੋਰ ਲਗਾਉਣ ਵਾਲੀ ਮਸ਼ੀਨ ਦੀ ਰਾਖੀ ਕਰ ਰਿਹਾ ਸੀ, ਜਿਸ ਦਾ ਮਿਤੀ 06/07-04-2026 ਦੀ ਦਰਮਿਆਨੀ ਰਾਤ ਨੂੰ ਨਾਮਲੂਮ ਵਿਅਕਤੀਆਂ ਵੱਲੋਂ ਕਤਲ ਕਰ ਦਿੱਤਾ



ਗਿਆ। ਜਿਸ ਸਬੰਧੀ ਮੁਕੱਦਮਾ ਨੰਬਰ 73 ਮਿਤੀ 07.04.2026 ਅ/ਧ 103 2 ਥਾਣਾ ਭਵਾਨੀਗੜ੍ਹ ਬਰਖਿਲਾਫ ਨਾਮਲੂਮ ਵਿਅਕਤੀ/ਵਿਅਕਤੀਆਨ ਦਰਜ ਕਰ ਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।ਕੇਸ ਨੂੰ ਟਰੇਸ ਕਰਨ ਲਈ ਸ਼੍ਰੀ ਦਵਿੰਦਰ ਅੱਤਰੀ, ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਸੰਗਰੂਰ ਦੀ ਅਗਵਾਈ ਹੇਠ ਸ਼੍ਰੀ ਦਲਜੀਤ ਸਿੰਘ ਵਿਰਕ, ਉਪ ਕਪਤਾਨ ਪੁਲਿਸ (ਡਿਟੈਕਟਿਵ) ਸੰਗਰੂਰ ਅਤੇ ਸ਼੍ਰੀ ਰਾਹੁਲ ਕੌਸ਼ਲ, ਉਪ ਕਪਤਾਨ ਪੁਲਿਸ, ਸਬ ਡਵੀਜ਼ਨ ਭਵਾਨੀਗੜ੍ਹ ਦੀ ਨਿਗਰਾਨੀ ਹੇਠ ਇੰਸਪੈਕਟਰ ਸੰਦੀਪ ਸਿੰਘ ਇੰਚਾਰਜ ਸੀ.ਆਈ.ਏ. ਬਹਾਦਰ ਸਿੰਘ ਵਾਲਾ ਅਤੇ ਇੰਸਪੈਕਟਰ ਮਾਲਵਿੰਦਰ ਸਿੰਘ, ਮੁੱਖ ਅਫਸਰ ਥਾਣਾ ਭਵਾਨੀਗੜ੍ਹ ਦੀਆਂ ਟੀਮਾਂ ਬਣਾ ਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।ਦੌਰਾਨੇ ਤਫਤੀਸ਼ ਮਿਤੀ 10-04-2026 ਨੂੰ ਮੁਕੱਦਮੇ ਨੂੰ ਟਰੇਸ ਕਰਕੇ ਮੁਲਜ਼ਮ ਅਸਨੇਹ ਪਾਠਕ ਵਾਸੀ ਵਾਰਡ ਨੰ 32 ਰਾਮ ਨਗਰ ਮੰਡੀ ਗੋਬਿੰਦਗੜ੍ਹ, ਸੂਰਜ ਕੁਮਾਰ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਰਵਿੰਦਰ ਕੁਮਾਰ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਮੋਨੂੰ ਵਰਮਾ ਵਾਸੀ ਰਾਮ ਨਗਰ ਮੰਡੀ ਗੋਬਿੰਦਗੜ੍ਹ, ਨਿਤਿਸ਼ ਕੁਮਾਰ ਵਾਸੀ ਬਿਧੀ ਚੰਦ ਕਲੋਨੀ ਮੰਡੀ ਗੋਬਿੰਦਗੜ੍ਹ, ਮੁੰਨਾ ਕੁਮਾਰ ਵਾਸੀ ਬਿਧੀ ਚੰਦ ਕਲੋਨੀ ਮੰਡੀ ਗੋਬਿੰਦਗੜ੍ਹ ਅਤੇ 01 ਜੁਬਨਾਇਲ ਨਾਮਜ਼ਦ ਕਰ ਕੇ ਗ੍ਰਿਫਤਾਰ ਕੀਤਾ ਗਿਆ।ਮੁਲਜ਼ਮਾਂ ਪਾਸੋਂ ਵਾਰਦਾਤ ਸਮੇਂ ਵਰਤਿਆ ਕੈਂਟਰ ਨੰਬਰੀ -4207 ਮਾਰਕਾ ਭਾਰਤ ਵੈਨਜ਼, ਮੋਟਰਸਾਇਕਲ ਨੰਬਰੀ -8750 ਮਾਰਕਾ ਸਪਲੈਂਡਰ ਰੰਗ ਸਿਲਵਰ, ਚੋਰੀਸ਼ੁਦਾ 04 ਪਾਈਪ ਲੋਹਾ, 01 ਡੰਡਾ ਤੇ ਮ੍ਰਿਤਕ ਦਾ ਮੋਬਾਇਲ ਫੋਨ ਬ੍ਰਾਮਦ ਕਰਵਾਏ ਗਏ ਅਤੇ ਕੇਸ ਵਿੱਚ ਜੁਰਮ 310(3),317(2) ਦਾ ਵਾਧਾ ਕੀਤਾ ਗਿਆ।ਮੁਲਜ਼ਮਾਂ ਪਾਸੋਂ ਡੂੰਘਾਈ ਨਾਲ ਪੁੱਛ-ਪੜਤਾਲ ਕੀਤੀ ਗਈ, ਜਿਨ੍ਹਾਂ ਨੇ ਮੰਨਿਆ ਕਿ ਉਨ੍ਹਾਂ ਵੱਲੋਂ ਮਿਤੀ 8/9-04-2026 ਦੀ ਰਾਤ ਨੂੰ ਕ੍ਰਿਸ਼ਨਾ ਡੇਅਰੀ ਫਾਰਮ ਪਿੰਡ ਸਲਾਣਾ ਦੂੱਲਾ ਸਿੰਘ ਵਾਲਾ, ਥਾਣਾ ਅਮਲੋਹ (ਜ਼ਿਲ੍ਹਾ ਫਤਿਹਗੜ੍ਹ ਸਾਹਿਬ) ਤੋਂ 14 ਪਾਈਪ ਲੋਹਾ, 17 ਸੌਕਟ, ਕਰੀਬ ਡੇਢ ਮਹੀਨਾ ਪਹਿਲਾਂ ਸਾਹਨੇਵਾਲ ਰੋਡ ਤੋਂ 15-16 ਪਾਈਪ ਲੋਹਾ, ਕਰੀਬ 01 ਮਹੀਨਾ ਪਹਿਲਾ ਜਲੰਧਰ ਰੋਡ ਲੁਧਿਆਣਾ ਤੋਂ 5 ਟਨ ਸਰੀਆ ਅਤੇ 20 ਦਿਨ ਪਹਿਲਾਂ ਦੁਰਾਹੇ ਵਾਲੀ ਨਹਿਰ ਪਿੰਡ ਦੁੱਗਰੀ ਬਾਈਪਾਸ ਕੋਲੋਂ ਸ਼ਟਰਿੰਗ ਦਾ ਸਮਾਨ ਚੋਰੀ ਕੀਤਾ ਸੀ।ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰ ਕੇ ਡੂੰਘਾਈ ਨਾਲ ਪੁੱਛ-ਪੜਤਾਲ ਕੀਤੀ ਜਾ ਰਹੀ ਹੈ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਵੱਖ-ਵੱਖ ਥਾਵਾਂ ਤੋਂ ਧਾਰਮਿਕ ਸਥਾਨਾਂ ਲਈ ਬੱਸਾਂ ਨੂੰ ਕੀਤਾ ਰਵਾਨਾ

### ਪੰਜਾਬ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਨੂੰ ਕਰਵਾਈਆਂ ਜਾ ਰਹੀਆਂ ਹਨ ਮੁਫ਼ਤ ਸੁਵਿਧਾਵਾਂ ਮੁਹੱਈਆ : ਚੇਅਰਮੈਨ ਭੱਲਾ



ਭਗਤਾ ਭਾਈ ਕਾ13 ਅਪ੍ਰੈਲ (ਸਵਰਨ ਸਿੰਘ ਭਗਤਾ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੂਬੇ ਦੇ ਆਮ ਲੋਕਾਂ ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਦੇ ਠਹਿਰਾਓ ਅਤੇ ਖਾਣ-ਪੀਣ ਆਦਿ ਲਈ ਮੁਫ਼ਤ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਟਰੱਸਟ ਸੁਧਾਰ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਨੇ ਪਵਿੱਤਰ ਸ਼ਹਿਰ ਅੰਮ੍ਰਿਤਸਰ ਦੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਜ਼ਿਲ੍ਹੇ ਪਿੰਡ ਮਲੂਕਾ ਤੋਂ ਬੱਸ ਨੂੰ ਰਵਾਨਾ ਕਰਦਿਆਂ ਕੀਤਾ।ਇਸ ਦੌਰਾਨ ਨਗਰ ਟਰੱਸਟ ਸੁਧਾਰ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਜਿੱਥੇ ਆਮ ਲੋਕਾਂ ਨੂੰ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ,ਉੱਥੇ ਹੀ ਉਨ੍ਹਾਂ ਨੂੰ ਮਹਾਨ ਗੁਰੂ ਸਾਹਿਬਾਨਾਂ ਦੀਆਂ ਉੱਚੀਆਂ ਅਤੇ ਜੀਵਨ ਮਾਰਗ ਦਰਸ਼ਕ ਸਿੱਖਿਆਵਾਂ ਬਾਰੇ ਵੀ ਜਾਣਕਾਰੀ ਪ੍ਰਾਪਤ ਹੋ ਰਹੀ ਹੈ।ਇਸੇ ਤਰ੍ਹਾਂ ਹੀ ਅੱਜ ਹਲਕਾ ਬਠਿੰਡਾ ਸ਼ਹਿਰੀ ਤੋਂ ਬੀਬੀ ਵਾਲਾ ਰੋਡ ਤੋਂ,ਹਲਕਾ ਤਲਵੰਡੀ ਸਾਬੋ ਦੇ ਪਿੰਡ ਚੱਠੇਵਾਲਾ, ਹਲਕਾ ਮੌੜ ਦੇ ਪਿੰਡ ਮੰਡੀ ਕਲਾਂ,ਹਲਕਾ ਭੁੱਚੋ ਮੰਡੀ ਦੇ ਪਿੰਡ ਮਹਿਮਾ ਸਰਜਾ ਅਤੇ ਹਲਕਾ ਬਠਿੰਡਾ ਦਿਹਾਤੀ ਦੇ ਪਿੰਡ ਤਿਉਣਾ ਤੋਂ ਵੀ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਬੱਸਾਂ ਨੂੰ ਰਵਾਨਾ ਕੀਤਾ ਗਿਆ।

## ਸਕੂਲ ਵਿੱਚ ਵਿਦਿਆਰਥੀ ਨੇ ਵਿਸਾਖੀ ਦਾ ਤਿਉਹਾਰ ਧੂਮ ਧਾਮ ਨਾਲ ਮਨਾਇਆ



ਲਹਿਰਾਗਾਗਾ 13 ਅਪ੍ਰੈਲ (ਰਾਮੇਸ਼ਵਰ ਸ਼ਰਮਾ/ ਖੁਸਵਿੰਦਰ ਸ਼ਰਮਾ) ਲਿਟਲ ਸਟਾਰ ਬਚਪਨ ਪਲੇਅ ਅਤੇ ਹਾਈਟਸ ਐਂਡ ਹਾਈਟਸ ਪਬਲਿਕ ਸਕੂਲ,ਲਹਿਰਾਗਾਗਾ ,ਵਿਖੇ ਵਿਸਾਖੀ ਦਾ ਤਿਉਹਾਰ ਬਹੁਤ ਹੀ ਜ਼ਿਆਦਾ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿਸੀਪਲ ਪ੍ਰਿੰਕਾ ਬਾਂਸਲ ਅਤੇ ਸਕੂਲ ਦੇ ਚੇਅਰਮੈਨ ਸੰਜੇ ਸਿੰਗਲਾਵੱਲੋਂ ਬੱਚਿਆਂ ਨੂੰ ਵਿਸਾਖੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਚਾਨਣਾ ਪਾਉਦਿਆਂ ਦੱਸਿਆ ਕਿ ਵਿਸਾਖੀ ਵਾਲੇ ਦਿਨ 1699 ਈ: ਨੂੰ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ ਤੇ ਇਹ ਤਿਉਹਾਰ ਕਣਕ ਦੀ ਫ਼ਸਲ ਪੱਕਣ ਦੀ ਖੁਸ਼ੀ ਚ ਵੀ ਮਨਾਇਆ ਜਾਂਦਾ ਹੈ। ਵਿਸਾਖੀ ਵਾਲੇ ਦਿਨ ਅੰਮ੍ਰਿਸਰ ਸਾਹਿਬ ਜਨਰਲ ਡਾਇਰ ਨੇ ਜ਼ਲ੍ਹਿਆਂ ਵਾਲੇ ਬਾਗ. ਵਿਖੇ ਗੋਲੀਆਂ ਚਲਾ ਕੇ ਬਹੁਤ ਸਾਰੇ ਨਿਹੱਥੇ ਲੋਕਾਂ ਨੂੰ ਸ਼ਹੀਦ ਕਰ ਦਿੱਤਾ ਸੀ। ਵਿਸਾਖੀ ਵਾਲੇ ਦਿਨ ਕਈ ਥਾਵਾਂ ਤੇ ਮੇਲੇ ਲੱਗਦੇ ਹਨ ਤੇ ਲੋਕ ਪਵਿੱਤਰ ਅਸਥਾਨਾਂ ਤੇ ਜਾ ਕੇ ਇਸ਼ਨਾਨ ਵੀ ਕਰਦੇ ਹਨ। ਇਸ ਤੋਂ ਉਪਰੰਤ ਬੱਚਿਆਂ ਦਾ ਸੱਭਿਆਚਾਰਕ ਪੋ$ਗਰਾਮ ਕਰਵਾਇਆ ਗਿਆ ।ਜਿਸ ਚ ਬੱਚਿਆਂ ਨੇ ਮਾਰਦਾ ਦਮਾਮੇ ਜੱਟ ਮੇਲੇ ਆ ਗਿਆ ਵਰਗੇ ਗੀਤਾਂ ਤੇ ਛੋਟੇ-ਛੋਟੇ ਬੱਚਿਆਂ ਨੇ ਬਹੁਤ ਹੀ ਦਿਲ ਖਿੱਚਵਾਂ ਗਿੱਧਾ, ਭੰਗੜਾ ਪੇਸ਼ ਕੀਤਾ ਤੇ ਬੱਚੇ ਸੱਭਿਆਚਾਰਕ ਪਹਿਰਾਵੇ ਚ ਬਹੁਤ ਜ਼ਿਆਦਾ ਪਿਆਰੇ ਲੱਗ ਰਹੇ ਸਨ। ਇਸ ਸਮੇਂ ਸਕੂਲ ਦਾ ਮਾਹੌਲ ਬਹੁਤ ਜ਼ਿਆਦਾ ਖੁਸ਼ੀਆਂ ਭਰਿਆ ਸੀ। ਬੱਚਿਆਂ ਨੇ ਇਸ ਤਰ੍ਹਾਂ ਰੰਗ ਬੰਨਿਆ ਜਿਵੇਂ ਸਮਾਂ ਹੀ ਰੁਕ ਗਿਆ ਹੋਵੇ। ਇਸ ਮੌਕੇ ਨੰਨੇ-ਮੁੰਨੇ ਬੱਚਿਆਂ ਨੇ ਸਭ ਦਾ ਦਿਲ ਜਿੱਤ ਲਿਆ ਤੇ ਵੱਡੇ ਬੱਚਿਆਂ ਵੱਲੋਂ ਗੱਤਕਾ ਵੀ ਖੇਡਿਆ ਗਿਆ। ਇਸ ਮੌਕੇ ਚੇਅਰਮੈਨ ਸੰਜੇ ਸਿੰਗਲਾ ਨੇ ਵਿਸਾਖੀ ਦੀਆਂ ਸਭ ਨੂੰ ਲੱਖ-ਲੱਖ ਵਧਾਈਆਂ ਦਿੱਤੀਆਂ, ਨੰਨੇ-ਮੁੰਨੇ ਬੱਚਿਆਂ ਤੇ ਅਧਿਆਪਕਾਂ ਦੀ ਬਹੁਤ ਹੀ ਜ਼ਿਆਦਾ ਪ੍ਰਸ਼ੰਸਾ ਕੀਤੀ। ਇਸ ਮੌਕੇ ਡੀ.ਪੀ. ਦਰਬਾਰਾ ਸਿੰਘ,ਮੈਡਮ ਸੋਨਪ੍ਰੀਤ ਕੌਰ,ਸਿੰਦਰਪਾਲ ਕੌਰ,ਜੈਨਮ ਖਾਂ,ਹੀਨਾ ਗਰਗ,ਹੁਸਨਪ੍ਰੀਤ ਕੌਰ,ਪ੍ਰੀਤੀ ਸ਼ਰਮਾਂ,ਇੰਦਰਜੀਤ ਕੌਰ,ਮੀਨੂੰ ਰਾਣੀ,ਮੋਨੂੰ ,ਅਮਨਦੀਪ ਕੌਰ,ਅਰਸ਼ਪ੍ਰੀਤ ਕੌਰ,ਸੁੱਖਪ੍ਰੀਤ ਕੌਰ,ਭਾਵਨਾ,ਗੁਰਜੀਤ ਕੌਰ ਸ਼ਾਮਲ ਸਨ।

## ਬੇਅਦਬੀ ਦੇ ਦੋਸ਼ੀਆਂ ਨੂੰ ਮਿਲੇਗੀ ਸਖ਼ਤ ਸਜ਼ਾ: ਮਿਕੂ ਜਵੰਧਾ

ਸੰਗਰੂਰ, 13 ਅਪ੍ਰੈਲ (ਹਰਕੰਵਲ ਸਿੰਘ ਹੈਪੀ) ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿਕੂ ਜਵੰਧਾ ਨੇ ਸੂਬੇ ਵਿੱਚ ਅਮਨ-ਸ਼ਾਂਤੀ ਅਤੇ ਧਾਰਮਿਕ ਸਤਿਕਾਰ ਨੂੰ ਬਰਕਰਾਰ ਰੱਖਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਦੇ ਮਾਮਲਿਆਂ ਨਾਲ ਨਜਿੱਠਣ ਲਈ ਲਿਆਂਦੇ ਗਏ ਨਵੇਂ ਬਿੱਲ ਮੁਤਾਬਕ ਹੁਣ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਨੂੰ ਅਦਾਲਤਾਂ ਰਾਹੀਂ ਬੇਹੱਦ ਸਖ਼ਤ ਸਜ਼ਾਵਾਂ ਮਿਲਣਗੀਆਂ।. ਜਵੰਧਾ ਨੇ ਬਿੱਲ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਕਨੂੰਨ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ 5 ਸਾਲ ਤੱਕ ਦੀ ਕੈਦ ਅਤੇ 10 ਲੱਖ ਰੁਪਏ ਤੱਕ ਦੇ ਜੁਰਮਾਨੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਨ੍ਹਾਂ ਖਾਸ ਤੌਰ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ



ਮਰਿਆਦਾ ਤੇ ਜ਼ੋਰ ਦਿੰਦਿਆਂ ਕਿਹਾ ਕਿ ਪਾਵਨ ਸਰੂਪ ਦੀ ਬੇਅਦਬੀ ਕਰਨ ਵਾਲੇ ਅਨਸਰਾਂ ਲਈ 7 ਤੋਂ 20 ਸਾਲ ਤੱਕ ਦੀ ਸਖ਼ਤ ਕੈਦ ਅਤੇ 2 ਤੋਂ 10 ਲੱਖ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ।ਚੇਅਰਮੈਨ ਨੇ ਅੱਗੇ ਚੇਤਾਵਨੀ ਦਿੱਤੀ ਕਿ ਜੇਕਰ ਕੋਈ ਵੀ ਵਿਅਕਤੀ ਸੂਬੇ ਦੀ ਅਮਨ-ਸ਼ਾਂਤੀ ਭੰਗ ਕਰਨ ਦੇ ਇਰਾਦੇ ਨਾਲ ਬੇਅਦਬੀ ਵਰਗੀ ਘਿਨਾਉਣੀ ਹਰਕਤ ਕਰਦਾ ਹੈ, ਤਾਂ ਉਸ ਨੂੰ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਦਿੱਤੀ ਜਾਵੇਗੀ। ਅਜਿਹੇ ਮਾਮਲਿਆਂ ਵਿੱਚ ਜੁਰਮਾਨਾ ਵੀ 5 ਲੱਖ ਤੋਂ ਵਧਾ ਕੇ 25 ਲੱਖ ਰੁਪਏ ਤੱਕ ਰੱਖਿਆ ਗਿਆ ਹੈ।ਇਸ ਨਵੇਂ ਕਨੂੰਨ ਦੀ ਖਾਸੀਅਤ ਇਹ ਹੈ ਕਿ ਇਹ ਸਿਰਫ਼ ਮੁੱਖ ਦੋਸ਼ੀ ਤੇ ਹੀ ਨਹੀਂ, ਸਗੋਂ ਸਾਜ਼ਿਸ਼ ਵਿੱਚ ਸ਼ਾਮਲ ਹਰ ਵਿਅਕਤੀ ਤੇ ਸ਼ਿਕੰਜਾ ਕੱਸਦਾ ਹੈ। ਡਾ. ਜਵੰਧਾ ਅਨੁਸਾਰ, ਬੇਅਦਬੀ ਵਿੱਚ ਮਦਦ ਕਰਨ ਵਾਲਾ ਜਾਂ ਸਾਥ ਦੇਣ ਵਾਲਾ ਵਿਅਕਤੀ ਵੀ ਬਰਾਬਰ ਦੀ ਸਜ਼ਾ ਦਾ ਹੱਕਦਾਰ ਹੋਵੇਗਾ। ਇੱਥੋਂ ਤੱਕ ਕਿ ਅਜਿਹੀ ਕੋਸ਼ਿਸ਼ ਕਰਨ ਵਾਲੇ ਨੂੰ ਵੀ 3 ਤੋਂ 5 ਸਾਲ ਤੱਕ ਦੀ ਕੈਦ ਅਤੇ 1 ਤੋਂ 3 ਲੱਖ ਰੁਪਏ ਤੱਕ ਦਾ ਜੁਰਮਾਨਾ ਭਰਨਾ ਪਵੇਗਾ।ਉਨ੍ਹਾਂ ਕਿਹਾ ਕਿ ਇਹ ਕਦਮ ਸਮਾਜ ਵਿਰੋਧੀ ਅਨਸਰਾਂ ਦੇ ਮਨਾਂ ਵਿੱਚ ਡਰ ਪੈਦਾ ਕਰਨ ਅਤੇ ਧਾਰਮਿਕ ਗ੍ਰੰਥਾਂ ਦੀ ਪਵਿੱਤਰਤਾ ਨੂੰ ਸੁਰੱਖਿਅਤ ਰੱਖਣ ਲਈ ਲਿਆ ਗਿਆ ਹੈ, ਤਾਂ ਜੋ ਪੰਜਾਬ ਦੀ ਭਾਈਚਾਰਕ ਸਾਂਝ ਨੂੰ ਕੋਈ ਨੁਕਸਾਨ ਨਾ ਪਹੁੰਚ ਸਕੇ।

## ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਹੋਈ ਸਾਬਕਾ ਵਿਦਿਆਰਥੀ ਮਿਲਣੀ ਵਿੱਚ ਕਈ ਰਾਜਾਂ ਦੇ ਵਿਦਿਆਰਥੀਆਂ ਨੇ ਕੀਤੀ ਸ਼ਿਰਕਤ

ਬੁਢਲਾਡਾ, 13 ਅਪ੍ਰੈਲ ( ਦਵਿੰਦਰ ਸਿੰਘ ਕੋਹਲੀ , ਜੀਵਨ ਕੁਮਾਰ ) ਉੱਤਰੀ ਭਾਰਤ ਦੀ ਸਿਰਮੌਰ ਅਤੇ ਆਟੋਨੌਮਸ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਓਲਡ ਸਟੂਡੈਂਟ ਐਸੋਸੀਏਸ਼ਨ ਅਤੇ ਸੰਸਥਾ ਵੱਲੋਂ ਕਰਵਾਈ ਵਿਦਿਆਰਥੀ ਮਿਲਣੀ 2026 (ਐਲੂਮਨੀ ਮੀਟ) ਵਿੱਚ ਪੰਜਾਬ ਭਰ ਵਿੱਚ ਉੱਚ ਅਹੁਦਿਆਂ ਤੇ ਬੈਠੇ ਸਾਬਕਾ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਇਸ ਮਿਲਣੀ ਵਿੱਚ ਕਾਲਜ ਦੇ ਪਹਿਲੇ ਬੈਚਾ (1971 ਤੋਂ 1975 ਦੇ ਆਸ-ਪਾਸ) ਦੇ ਵਿਦਿਆਰਥੀਆਂ ਨੇ ਵੱਡੀ



ਗਿਣਤੀ ਵਿੱਚ ਪੂਰੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਜੀ ਆਇਆਂ ਨੂੰ ਆਖਦਿਆਂ ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਸਾਬਕਾ ਵਿਦਿਆਰਥੀਆਂ ਨਾਲ ਕਾਲਜ ਦੀਆਂ ਉਪਲਬਧੀਆਂ ਸਾਂਝੀਆਂ ਕੀਤੀਆਂ ਅਤੇ ਕਿਹਾ ਕਿ ਸਾਬਕਾ ਵਿਦਿਆਰਥੀ ਕਾਲਜ ਦਾ ਅਸਲ ਸਰਮਾਇਆ ਹੁੰਦੇ ਹਨ। ਸਾਡੇ ਲਈ ਮਾਣ ਦੀ ਗੱਲ ਹੈ ਕਿ ਕਾਲਜ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਕਾਲਜ ਨੂੰ ਜਿੱਥੇ ਏ++ (1++) ਗ੍ਰੇਡ ਦਾ ਦਰਜਾ ਪ੍ਰਾਪਤ ਹੈ, ਉੱਥੇ ਨਾਲ ਹੀ ਸਕਿੱਲ ਹੱਬ ਅਤੇ ਈਟ ਰਾਈਟ ਕੈਂਪਸ ਦਾ ਦਰਜਾ ਵੀ ਪ੍ਰਾਪਤ ਹੈ। ਉਨ੍ਹਾਂ ਨੇ ਦੱਸਿਆ ਕਿ ਕਾਲਜ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਇਨੇਬਲਡ ਕਲਾਸਰੂਮ, ਕੁਆਲਿਟੀ ਐਜੂਕੇਸ਼ਨ, ਵਰਕਸ਼ਾਪਾਂ, ਟ੍ਰੇਨਿੰਗ ਪ੍ਰੋਗਰਾਮ, ਅਕਾਦਮਿਕ ਵਿਜ਼ਿਟ, ਯੁਵਕ ਮੇਲਿਆਂ ਦੀਆਂ ਪ੍ਰਾਪਤੀਆਂ, ਅਕਾਦਮਿਕ ਅਤੇ ਖੇਡ ਪ੍ਰਾਪਤੀਆਂ, ਮੈਰਿਟ ਵਿੱਚ ਆਏ ਵਿਦਿਆਰਥੀਆਂ, ਵਿਦਿਆਰਥੀ ਸੁਵਿਧਾ ਕੇਂਦਰ, ਨਵੇਂ ਸ਼ੁਰੂ ਕੀਤੇ ਕੋਰਸਾਂ, ਵੱਖ-ਵੱਖ ਕੰਪਨੀਆਂ ਅਤੇ ਉਦਯੋਗਾਂ ਨਾਲ ਕੀਤੇ ਐੱਮ.ਓ.ਯੂ. ਪਲੇਸਮੈਂਟ ਡਰਾਈਵਾਂ, ਸਟਾਰਟ-ਅੱਪ, ਇੰਡਸਟਰੀ ਐਕਸਚੇਂਜ ਪ੍ਰੋਗਰਾਮ, ਵਜ਼ੀਫ਼ਾ ਸਕੀਮਾਂ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ।

## ਬੀਕੇਯੂ ਉਗਰਾਹਾਂ ਵੱਲੋਂ ਮਾਰਕੀਟ ਕਮੇਟੀ ਦਫ਼ਤਰ ਸਾਹਮਣੇ ਦਿੱਤਾ ਗਿਆ ਰੋਸ ਧਰਨਾ



ਮੂਨਕ,13 ਅਪਰੈਲ (ਸਮਸ਼ੇਰ ਸਿੰਘ ਭੁਟਾਲ)ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੂਨਕ ਦੇ ਕਿਸਾਨਾਂ ਵੱਲੋਂ ਕਣਕ ਦੀ ਖਰੀਦ ਨਾ ਹੋਣ ਕਾਰਨ ਮਾਰਕੀਟ ਕਮੇਟੀ ਦਫ਼ਤਰ ਮੂਨਕ ਅੱਗੇ ਬਲਾਕ ਪ੍ਰਧਾਨ ਸੁਖਦੇਵ ਸਿੰਘ ਕੜੈਲ ਦੀ ਅਗਵਾਈ ਹੇਠ ਇੱਕ ਦਿਨ ਦਾ ਸੰਕੇਤਕ ਧਰਨਾ ਦਿੱਤਾ ਗਿਆ। ਬਲਾਕ ਜਰਨਲ ਸਕੱਤਰ ਰਿੰਕੂ ਮੂਨਕ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਸਰਕਾਰ ਜਾਣਬੁੱਝ ਕੇ ਕਿਸਾਨਾਂ ਨੂੰ ਮੰਡੀਆਂ ਵਿੱਚ ਰੁਲਣ ਲਈ ਮਜ਼ਬੂਰ ਕਰ ਰਹੀ ਹੈ ਤਾਂ ਕਿ ਕਿਸਾਨਾਂ ਦੇ ਮੂੰਹੋਂ ਹੀ ਇਹ ਕਹਾਇਆ ਜਾਵੇ ਕਿ ਸਰਕਾਰੀ ਮੰਡੀਆਂ ਬੰਦ ਕਰਕੇ ਇਹਨਾਂ ਮੰਡੀਆਂ ਦੇ ਬਰਾਬਰ ਵੱਡੇ ਕਾਰਪੋਰੇਟ ਘਰਾਣਿਆਂ ਦੀਆਂ ਮੰਡੀਆਂ ਖੋਲ੍ਹੀਆਂ ਜਾਣ ਤੇ ਸਰਕਾਰੀ ਮੰਡੀਆਂ ਦਾ ਭੋਗ ਪਾ ਕੇ ਕਿਸਾਨਾਂ ਦੀ ਮਨਮਰਜ਼ੀ ਨਾਲ ਲੁੱਟ ਕੀਤੀ ਜਾ ਸਕੇ। ਇਸ ਤਰ੍ਹਾਂ ਪਹਿਲਾਂ ਵੀ ਲੋਕਾਂ ਦੇ ਮੂੰਹੋਂ ਕਹਾ ਕੇ ਸਰਕਾਰ ਸਕੂਲ ਸਰਕਾਰ ਹਸਪਤਾਲ ਫੇਲ੍ਹ ਕਰਕੇ ਉਹਨਾਂ ਦੇ ਬਰਾਬਰ ਪ੍ਰਾਈਵੇਟ ਸਕੂਲਾਂ ਤੇ ਹਸਪਤਾਲਾਂ ਨੂੰ ਲੋਕਾਂ ਚ ਉਤਸ਼ਾਹਿਤ ਕੀਤਾ ਹੈ ਤੇ ਇਸ ਨਾਲ ਸਰਕਾਰ ਦੀ ਅਪਨੀ ਜਿੰਮੇਵਾਰੀ ਵੀ ਖ਼ਤਮ ਹੁੰਦੀ ਹੈ। ਕਿਸਾਨ ਆਗੂ ਸੁਬੈਗ ਸਿੰਘ ਮੂਨਕ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੱਲ ਤੱਕ ਮੁਕੰਮਲ ਤੌਰ ਤੇ ਕਣਕ ਦੀ ਸਰਕਾਰੀ ਖ਼ਰੀਦ ਸ਼ੁਰੂ ਨਹੀਂ ਹੁੰਦੀ ਤਾਂ ਉਸ ਤੋਂ ਅਗਲੇ ਦਿਨ ਸਰਕਾਰ ਖ਼ਿਲਾਫ਼ ਵੱਡਾ ਸੰਘਰਸ਼ ਉਲੀਕਿਆ ਜਾਵੇਗਾ ।

## ਰੈਲੀਆਂ ਦੀ ਕਾਮਯਾਬੀ ਸੁਖਬੀਰ ਬਾਦਲਦੇ ਹੱਕ 'ਚ ਬਣ ਰਹੀ ਲੋਕ-ਲਹਿਰ ਦਾ ਪੁਖ਼ਤਾ ਸਬੂਤ: ਕਲੀਪੁਰ



ਬੁਢਲਾਡਾ, 13 ਅਪ੍ਰੈਲ ( ਦਵਿੰਦਰ ਸਿੰਘ ਕੋਹਲੀ , ਜੀਵਨ ਕੁਮਾਰ):40 ਵਿਧਾਨ ਸਭਾ ਹਲਕਿਆਂ ਚ ਹੋਈਆਂ ਰੈਲੀਆਂ ਦੀ ਕਾਮਯਾਬੀ ਨਾਲ ਸੁਖਬੀਰ ਬਾਦਲ ਦੇ ਹੱਕ 'ਚ ਲੋਕ ਲਹਿਰ ਬਣ ਰਹੀ ਹੈ। ਇਹ ਪ੍ਰਗਟਾਵਾ ਸੀਨੀਅਰ ਅਕਾਲੀ ਆਗੂ ਤੇ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਬੱਲਮ ਸਿੰਘ ਕਲੀਪੁਰ ਨੇ ਕੀਤਾ।ਉਹਨਾਂ ਕਿਹਾ ਕਿ ਪਾਰਟੀ ਵੱਲੋਂ ਪੰਜਾਬ ਭਰ ਵਿੱਚ ਕੀਤੀਆਂ ਗਈਆਂ ਚਾਲੀ ਤੋਂ ਵੱਧ ਰੈਲੀਆਂ ਨੇ ਸੂਬੇ ਦੀ ਸਿਆਸੀ ਫ਼ੀਜ਼ਾ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕਈ ਰੈਲੀਆਂ ਵਿੱਚ ਪੰਦਰਾਂ ਤੋਂ ਵੀਹ ਹਜ਼ਾਰ ਤੱਕ ਲੋਕਾਂ ਦੀ ਭਾਰੀ ਸ਼ਮੂਲੀਅਤ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਮੁੜ ਅਕਾਲੀ ਦਲ ਦੇ ਹੱਕ ਵਿੱਚ ਖੜ੍ਹ ਰਹੇ ਹਨ।ਕਲੀਪੁਰ ਨੇ ਕਿਹਾ ਕਿ ਰੈਲੀਆਂ ਵਿੱਚ ਉਮੜ ਰਿਹਾ ਜਨਸੈਲਾਬ ਸਿਰਫ਼ ਭੀੜ ਨਹੀਂ, ਸਗੋਂ ਪੰਜਾਬ ਦੇ ਬਦਲਦੇ ਜਨਮਤ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਲੋਕ ਮੌਜੂਦਾ ਸਰਕਾਰ ਅਤੇ ਕਾਂਗਰਸ ਦੋਹਾਂ ਦੀ ਨਾਕਾਮ ਕਾਰਗੁਜ਼ਾਰੀ ਤੋਂ ਨਿਰਾਸ਼ ਹਨ। ਕਿਸਾਨਾਂ ਨਾਲ ਕੀਤੇ ਦੁਰਵਿਹਾਰ, ਚੋਣੀ ਵਾਅਦਿਆਂ ਤੋਂ ਮੁਕਰਨਾ ਅਤੇ ਲੋਕ ਮੁੱਦਿਆਂ ਪ੍ਰਤੀ ਸੰਵੇਦਨਹੀਨ ਰਵੱਈਏ ਕਾਰਨ ਪਿੰਡਾਂ ਅਤੇ ਸ਼ਹਿਰਾਂ ਵਿੱਚ ਸਰਕਾਰ ਵਿਰੋਧੀ ਮਾਹੌਲ ਲਗਾਤਾਰ ਮਜ਼ਬੂਤ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਦੌਰ ਵਿੱਚ ਵਿਕਾਸ ਕਾਰਜ ਲਗਭਗ ਠੱਪ ਹੋ ਚੁੱਕੇ ਹਨ ਅਤੇ ਸੂਬੇ ਦੇ ਕਿਸੇ ਹਿੱਸੇ ਵਿੱਚ ਵੀ ਵੱਡੇ ਪੱਧਰ ਦਾ ਵਿਕਾਸ ਨਜ਼ਰ ਨਹੀਂ ਆ ਰਿਹਾ। ਦੂਜੇ ਪਾਸੇ ਅਕਾਲੀ ਦਲ ਦੀ ਸਰਕਾਰ ਦੌਰਾਨ ਬਣੀਆਂ ਫੋਰ ਲੈਨ ਅਤੇ ਸਿਕਸ ਲੈਨ ਸੜਕਾਂ, ਮਜ਼ਬੂਤ ਬਿਜਲੀ ਪ੍ਰਬੰਧ, ਸਿੱਖਿਆ ਸੰਸਥਾਵਾਂ ਅਤੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟ ਅੱਜ ਵੀ ਉਸ ਸਰਕਾਰ ਦੀ ਕਾਰਗੁਜ਼ਾਰੀ ਦੀ ਗਵਾਹੀ ਦੇ ਰਹੇ ਹਨ। ਕਲੀਪੁਰ ਨੇ ਕਿਹਾ ਕਿ ਸਰਦਾਰ ਸੁਖਬੀਰ ਸਿੰਘ ਬਾਦਲ ਦਾ ਤਜਰਬੇਕਾਰ ਅਤੇ ਵਿਕਾਸਮੁੱਖੀ ਦੀ ਅਗਵਾਈ ਹੀ ਪੰਜਾਬ ਨੂੰ ਮੁੜ ਤਰੱਕੀ ਦੀ ਰਾਹ 'ਤੇ ਲੈ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਲੋਕ ਅਕਾਲੀ ਦਲ ਦੀਆਂ ਰੈਲੀਆਂ ਚ ਸਵੈ-ਪ੍ਰੇਰਿਤ ਹੋ ਕੇ ਸ਼ਮੂਲੀਅਤ ਕਰ ਰਹੇ ਹਨ, ਉਸ ਤੋਂ ਸਪਸ਼ਟ ਹੈ ਕਿ ਪੰਜਾਬ ਵਿੱਚ ਅਕਾਲੀ ਦਲ ਦੇ ਹੱਕ ਵਿੱਚ ਮਜ਼ਬੂਤ ਜਨਲਹਿਰ ਬਣ ਚੁੱਕੀ ਹੈ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੇ ਸਮੇਂ ਵਿੱਚ ਇਹ ਜਨਸਮਰਥਨ ਹੋਰ ਵਧੇਗਾ ਅਤੇ ਪੰਜਾਬ ਦੀ ਸਿਆਸਤ ਵਿੱਚ ਵੱਡਾ ਬਦਲਾਅ ਲਿਆਏਗਾ। ਕਲੀਪੁਰ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਭਰ ਵਿੱਚ ਕੀਤੀਆਂ ਗਈਆਂ 40 ਰੈਲੀਆਂ ਦੇ ਪਹਿਲੇ ਪੜਾਅ ਨੂੰ ਮਿਲੇ ਭਰਪੂਰ ਹੁੰਗਾਰੇ ਤੋਂ ਬਾਅਦ ਹੁਣ ਦੂਜੇ ਪੜਾਅ ਦੀਆਂ ਰੈਲੀਆਂ ਦੀ ਲੜੀ ਹਾੜੀ ਦੇ ਸੀਜ਼ਨ ਤੋਂ ਬਾਅਦ ਸ਼ੁਰੂ ਕੀਤੀ ਜਾਵੇਗੀ।ਜਿਸ ਤੋਂ ਬਾਅਦ ਪੰਜਾਬ ਚ ਅਕਾਲੀ ਦਲ ਦੇ ਹੱਕ ਵਿੱਚ ਇਕ ਤਰਫਾ ਲਹਿਰ ਬਣ ਜਾਵੇਗੀ।ਉਨ੍ਹਾਂ ਕਿਹਾ ਕਿ ਪਿੰਡਾਂ, ਸ਼ਹਿਰਾਂ ਅਤੇ ਹਲਕਿਆਂ ਵਿੱਚ ਲੋਕਾਂ ਵੱਲੋਂ ਅਕਾਲੀ ਦਲ ਨੂੰ ਮਿਲ ਰਹੇ ਵੱਡੇ ਸਮਰਥਨ ਨੇ ਇਹ ਸਪੱਸ਼ਟ ਕਰ ਦਿੱਤਾ ਹੈ ਕਿ ਪੰਜਾਬ ਦੀ ਜਨਤਾ ਮੁੜ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਮਨ ਬਣਾ ਚੁੱਕੀ ਹੈ।

## ਸੁਨਾਮ ਦੀ ਅਨਾਜ ਮੰਡੀ ਵਿੱਚ ਕਣਕ ਦੀ ਖਰੀਦ ਠੱਪ, ਕਿਸਾਨਾਂ ਦੀਆਂ ਮੁਸ਼ਕਲਾਂ ਵਧੀਆਂ



ਸੁਨਾਮ, 13 ਅਪ੍ਰੈਲ ( ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਸੁਨਾਮ ਦੀ ਅਨਾਜ ਮੰਡੀ ਵਿੱਚ ਕਣਕ ਦੀ ਖਰੀਦ ਨੂੰ ਲੈ ਕੇ ਰਾਜਨੀਤੀ ਤੇਜ਼ ਹੋ ਗਈ ਹੈ। ਭਾਜਪਾ ਅਤੇ ਆਮ ਆਦਮੀ ਪਾਰਟੀ ਦੇ ਆਗੂਆਂ ਦੀਆਂ ਪ੍ਰੈਸ ਕਾਨਫਰੰਸਾਂ ਤੋਂ ਬਾਅਦ, ਹੁਣ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਵੀ ਮੈਦਾਨ ਵਿੱਚ ਆ ਗਏ ਹਨ। ਸੀਨੀਅਰ ਅਕਾਲੀ ਦਲ ਦੇ ਆਗੂ ਸਰਦਾਰ ਵਿਨਰਜੀਤ ਸਿੰਘ ਗੋਲਡੀ, ਸਰਦਾਰ ਰਵਿੰਦਰ ਸਿੰਘ ਚੀਮਾ ਅਤੇ ਹੋਰਾਂ ਨੇ ਮੰਡੀ ਦਾ ਦੌਰਾ ਕੀਤਾ ਅਤੇ ਮੌਜੂਦਾ ਸਥਿਤੀ ਤੇ ਚਿੰਤਾ ਪ੍ਰਗਟ ਕੀਤੀ। ਸਰਦਾਰ ਵਿਨਰਜੀਤ ਸਿੰਘ ਗੋਲਡੀ ਨੇ ਕਿਹਾ ਕਿ ਉਨ੍ਹਾਂ ਨੇ ਕਈ ਮੰਡੀਆਂ ਦਾ ਦੌਰਾ ਕੀਤਾ ਹੈ ਅਤੇ ਹਰ ਜਗ੍ਹਾ ਅਜਿਹੀਆਂ ਸਥਿਤੀਆਂ ਵੇਖੀਆਂ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਦੀ ਲਾਪਰਵਾਹੀ ਕਾਰਨ ਪਿਛਲੇ ਅੱਠ ਦਿਨਾਂ ਤੋਂ ਮੰਡੀਆਂ ਵਿੱਚ ਫਸਲਾਂ ਪਈਆਂ ਹਨ, ਪਰ ਖਰੀਦ ਸ਼ੁਰੂ ਨਹੀਂ ਹੋਈ ਹੈ। ਉਨ੍ਹਾਂ ਕਿਹਾ ਕਿ ਅੱਜ 13 ਤਰੀਕ ਹੈ, ਪਰ ਸਰਕਾਰ ਅਜੇ ਵੀ ਕੇਂਦਰ ਸਰਕਾਰ ਨਾਲ ਸਹੀ ਢੰਗ ਨਾਲ ਤਾਲਮੇਲ ਨਹੀਂ ਕਰ ਸਕੀ ਹੈ। ਉਨ੍ਹਾਂ ਦੱਸਿਆ ਕਿ ਕਣਕ ਦੀ ਗੁਣਵੱਤਾ ਦਾ ਮੁਆਇਨਾ ਕਰਨ ਲਈ ਅੱਜ ਕੇਂਦਰ ਸਰਕਾਰ ਦੀ ਇੱਕ ਟੀਮ ਮੰਡੀਆਂ ਵਿੱਚ ਪਹੁੰਚੀ ਹੈ। ਇਸ ਤੋਂ ਬਾਅਦ ਇੱਕ ਰਿਪੋਰਟ ਤਿਆਰ ਕੀਤੀ ਜਾਵੇਗੀ ਅਤੇ ਫੈਸਲਾ ਲਿਆ ਜਾਵੇਗਾ, ਜਿਸ ਨਾਲ ਖਰੀਦ ਪ੍ਰਕਿਰਿਆ ਵਿੱਚ ਹੋਰ ਦੇਰੀ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਕਣਕ ਦੀ ਗੁਣਵੱਤਾ ਚੰਗੀ ਹੈ ਅਤੇ ਅਨਾਜ ਵਿੱਚ ਕੋਈ ਖਾਸ ਕਮੀ ਨਹੀਂ ਹੈ, ਫਿਰ ਵੀ ਏਜੰਸੀਆਂ ਨੇ ਖਰੀਦ ਰੋਕ ਦਿੱਤੀ ਹੈ।ਅਕਾਲੀ ਦਲ ਦੇ ਆਗੂਆਂ ਨੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਮੁੱਢਲੀਆਂ ਸਹੂਲਤਾਂ ਵੀ ਨਹੀਂ ਮਿਲ ਰਹੀਆਂ। ਕਈ ਪੇਂਡੂ ਮੰਡੀਆਂ ਵਿੱਚ ਬਿਜਲੀ, ਪਖਾਨੇ ਜਾਂ ਸਫਾਈ ਦੀ ਘਾਟ ਹੈ। ਕਿਸਾਨ 8-10 ਦਿਨਾਂ ਤੋਂ ਆਪਣੀ ਉਪਜ ਲੈ ਕੇ ਮੰਡੀਆਂ ਵਿੱਚ ਬੈਠੇ ਹਨ, ਜਿਸ ਨਾਲ ਉਨ੍ਹਾਂ ਦੀ ਵਿੱਤੀ ਸਥਿਤੀ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲਾਂ 1 ਅਪ੍ਰੈਲ ਤੋਂ ਖਰੀਦ ਸ਼ੁਰੂ ਕਰਨ ਦਾ ਦਾਅਵਾ ਕੀਤਾ ਸੀ, ਪਰ ਜ਼ਮੀਨੀ ਸਥਿਤੀ ਇਸ ਦੇ ਉਲਟ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਸਿਰਫ਼ ਬਿਆਨਬਾਜ਼ੀ ਕਰ ਰਹੀ ਹੈ, ਜਦੋਂ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਬੋਲਦਿਆਂ ਸਰਦਾਰ ਰਵਿੰਦਰ ਸਿੰਘ ਚੀਮਾ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਢਿੱਲ ਦੇਣ ਵਾਲੀ ਫਾਈਲ ਜਮ੍ਹਾਂ ਕਰਨ ਵਿੱਚ ਦੇਰੀ ਕਾਰਨ ਖਰੀਦ ਪ੍ਰਕਿਰਿਆ ਵਿੱਚ ਰੁਕਾਵਟ ਆਈ ਹੈ। ਉਨ੍ਹਾਂ ਨੇ ਲਸਟਰ ਲੌਸ ਵਰਗੀਆਂ ਸਥਿਤੀਆਂ ਨੂੰ ਕਿਸਾਨਾਂ ਲਈ ਨੁਕਸਾਨਦੇਹ ਦੱਸਿਆ ਅਤੇ ਇਸਨੂੰ ਖਤਮ ਕਰਨ ਦੀ ਮੰਗ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਗੋਦਾਮ ਪਹਿਲਾਂ ਹੀ ਭਰੇ ਹੋਏ ਹਨ ਅਤੇ ਚੌਲਾਂ ਦੀ ਸਫਾਈ ਨਹੀਂ

## ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਨਿਸ਼ਾਨ ਅਕੈਡਮੀ ਵਿੱਚ ਰੰਗਾਰੰਗ ਸਮਾਗਮ

ਮਲੋਟ, 13 ਅਪ੍ਰੈਲ (ਅਮਨਦੀਪ ਸਿੰਘ ਮਹਿਰਾ) — ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਨਿਸ਼ਾਨ ਅਕੈਡਮੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵੱਡੇ ਉਤਸ਼ਾਹ ਅਤੇ ਧਾਰਮਿਕ ਭਾਵਨਾ ਨਾਲ ਸਮਾਗਮ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਸ਼ਬਦ ਕੀਰਤਨ, ਕਵਿਤਾਵਾਂ, ਕਵਿਸਰੀ ਅਤੇ ਧਾਰਮਿਕ ਗੀਤਾਂ ਰਾਹੀਂ ਭਗਤੀਮਈ ਮਾਹੌਲ ਤਿਆਰ ਕੀਤਾ। ਵਿਸਾਖੀ ਸਮਾਗਮ ਦੀ ਸ਼ੁਰੂਆਤ ਸ਼ਬਦ ਕੀਰਤਨ ਨਾਲ ਹੋਈ, ਜਿਸ ਵਿੱਚ ਨੰਨੇ ਮੁੰਨੇ ਵਿਦਿਆਰਥੀਆਂ ਨੇ ਰਸਭਰੀ ਅਵਾਜ਼ ਵਿੱਚ ਕੀਰਤਨ ਕਰਕੇ ਸਭ ਦਾ ਮਨ ਮੋਹ ਲਿਆ। ਇਸ ਤੋਂ ਬਾਅਦ ਵੱਖ-ਵੱਖ ਹਾਊਸਾਂ ਦੇ ਵਿਦਿਆਰਥੀਆਂ ਵੱਲੋਂ ਕਵਿਤਾਵਾਂ, ਭਾਸ਼ਣ ਅਤੇ ਧਾਰਮਿਕ ਗੀਤ ਪੇਸ਼ ਕੀਤੇ ਗਏ, ਜਿਸ ਨਾਲ ਪੂਰਾ ਮਾਹੌਲ ਰੰਗੀਨ ਅਤੇ ਆਨੰਦਮਈ ਬਣ ਗਿਆ।ਅਧਿਆਪਕਾਂ ਵੱਲੋਂ ਵੀ ਸਮਾਗਮ ਵਿੱਚ ਖਾਸ ਯੋਗਦਾਨ ਪਾਇਆ ਗਿਆ ਅਤੇ ਵਿਦਿਆਰਥੀਆਂ ਨੂੰ ਸਿੱਖੀ ਦੇ ਅਸੂਲਾਂ ਨਾਲ ਜੋੜਨ ਦੀ ਪ੍ਰੇਰਨਾ ਦਿੱਤੀ ਗਈ। ਇਸ ਦੌਰਾਨ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਮਨੁੱਖਤਾ ਲਈ ਕੀਤੇ ਉਪਕਾਰਾਂ ਅਤੇ ਖਾਲਸਾ ਪੰਥ ਦੀ ਸਥਾਪਨਾ ਬਾਰੇ ਵੀ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ ਗਏ।ਸਮਾਗਮ ਦੇ ਅੰਤ 'ਤੇ ਅਰਦਾਸ ਕੀਤੀ ਗਈ ਅਤੇ ਸਾਰੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀ ਮਰਯਾਦਾ ਅਨੁਸਾਰ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਅਕੈਡਮੀ ਦੇ ਪ੍ਰਬੰਧਕਾਂ ਅਤੇ ਸਟਾਫ ਵੱਲੋਂ ਇਸ ਉਪਰਾਲੇ ਦੀ ਖੂਬ ਪ੍ਰਸ਼ੰਸਾ ਕੀਤੀ ਗਈ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਗਿਆ।ਅਕੈਡਮੀ ਦੇ ਪ੍ਰਬੰਧਕਾਂ ਅਤੇ ਸਟਾਫ ਵੱਲੋਂ ਇਸ ਉਪਰਾਲੇ ਦੀ ਖੂਬ ਪ੍ਰਸ਼ੰਸਾ ਕੀਤੀ ਗਈ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਗਿਆ।

## ਸਰਕਾਰੀ ਕਾਲਜ ਵਿਖੇ ਮਨਾਇਆ ਗਿਆ ਡਾ ਭੀਮ ਰਾਓ ਅੰਬੇਦਕਰ ਜੀ ਦਾ ਜਨਮ ਦਿਹਾੜਾ




ਸੁਨਾਮ 13 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ)ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਵਿਖੇ ਪ੍ਰਿੰਸੀਪਲ ਸ਼ਾਮ ਸੁੰਦਰ ਸ਼ਰਮਾ ਜੀ ਦੀ ਅਗਵਾਈ ਵਿੱਚ ਰਾਜਨੀਤੀ ਸ਼ਾਸਤਰ ਵਿਭਾਗ ਦੁਆਰਾ ਡਾ. ਭੀਮ ਰਾਓ ਅੰਬੇਦਕਰ ਜੀ ਦੀ ਜਯੰਤੀ ਮਨਾਈ ਗਈ ਸਮਾਰੋਹ ਦਾ ਆਗਾਜ਼ ਡਾ. ਮਨੀਤਾ ਜੋਸ਼ੀ ਪ੍ਰੋਗਰਾਮ ਅਫਸਰ ਐਨ. ਐਸ. ਐਸ ਦੁਆਰਾ ਕੀਤਾ ਗਿਆ ਇਸ ਮੌਕੇ ਪ੍ਰਿੰਸੀਪਲ ਸ਼ਾਮ ਸੁੰਦਰ ਸ਼ਰਮਾ ਜੀ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਡਾ. ਭੀਮ ਰਾਓ ਅੰਬੇਦਕਰ ਜੀ ਦੇ ਜੀਵਨ ਸਬੰਧੀ ਸੰਖੇਪ ਜਾਣਕਾਰੀ ਦਿੱਤੀ ਉਹਨਾਂ ਨੇ ਦੱਸਿਆ ਕਿ ਕਿਵੇਂ ਡਾ. ਭੀਮ ਰਾਓ ਅੰਬੇਦਕਰ ਜੀ ਨੇ ਭਾਰਤ ਦੇ ਸੰਵਿਧਾਨ ਨਿਰਮਾਣ ਤੋਂ ਲੈਕੇ ਸਮਾਜਿਕ ਸਮਾਨਤਾ ਦਾ ਸਿਧਾਂਤ ਭਾਰਤ ਵਿੱਚ ਲਾਗੂ ਕੀਤਾ ਅਤੇ ਸਦੀਆਂ ਤੋਂ ਚੱਲੀ ਆ ਰਹੀ ਛੂਤਛਾਤ ਦਾ ਖਾਤਮਾ ਕੀਤਾ ਜਿਸ ਲਈ ਅਸੀਂ ਹਮੇਸ਼ਾ ਉਹਨਾਂ ਦੇ ਧੰਨਵਾਦੀ ਰਹਾਂਗੇ ਪ੍ਰੋਗਰਾਮ ਦੇ ਅੰਤ ਵਿੱਚ ਡਾ ਅਮਿਤ ਕਾਂਸਲ ਦੁਆਰਾ ਵਿਦਿਆਰਥੀਆਂ ਨੂੰ ਨਸ਼ਾ ਨਾ ਕਰਨ ਦੀ ਸੌਹ ਚੁਕਵਾਈ ਗਈ ਇਸ ਮੌਕੇ ਪ੍ਰੋਫੈਸਰ ਚਮਕੌਰ ਸਿੰਘ ਪ੍ਰੋਫੈਸਰ ਕਾਲਾ ਸਿੰਘ ਪ੍ਰੋਫੈਸਰ ਦਲਜੀਤ ਸਿੰਘ ਅਤੇ ਡਾ.ਰਮਨਦੀਪ ਕੌਰ ਹਾਜ਼ਰ ਸਨ।.

## ਸੰਗਰੂਰ 'ਚ ਭਾਜਪਾ ਦੀਆਂ ਸਿਆਸੀ ਗਤੀਵਿਧੀਆਂ ਹੋਈਆਂ ਤੇਜ਼, ਹਰਦੀਪ ਸਿੰਘ ਗਿੱਲ ਦੀ ਆਮਦ ਨਾਲ ਜ਼ਮੀਨੀ ਹਲਚਲ ਵਧੀ

### ਕਰਮ ਲਹਿਲ ਦੇ ਨਿਵਾਸ 'ਤੇ ਹੋਈ ਸੰਗਠਨ ਦੀ ਮਜ਼ਬੂਤੀ ਅਹਿਮ ਮੀਟਿੰਗ

ਸੰਗਰੂਰ 13 ਅਪ੍ਰੈਲ (ਹਰਕੰਵਲ ਸਿੰਘ ਹੈਪੀ) ਸੰਗਰੂਰ ਵਿੱਚ ਭਾਰਤੀ ਜਨਤਾ ਪਾਰਟੀ (ਬੀਜੇਪੀ) ਦੀਆਂ ਰਾਜਨੀਤਿਕ ਸਰਗਰਮੀਆਂ ਨੂੰ ਉਸ ਵੇਲੇ ਨਵਾਂ ਉਤਸ਼ਾਹ ਮਿਲਿਆ ਜਦੋਂ ਕੌਮੀ ਸਫਾਈ ਸੇਵਾ ਕਮਿਸ਼ਨ ਦੇ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ ਖਾਸ ਤੌਰ 'ਤੇ ਸੂਬਾ ਸਪੋਰਟ ਸੈਲ ਦੇ ਇੰਚਾਰਜ ਕਰਮ ਲਹਿਲ ਦੇ ਨਿਵਾਸ ਸਥਾਨ 'ਤੇ ਪਹੁੰਚੇ। ਇਸ ਮੌਕੇ ਪਾਰਟੀ ਨਾਲ ਜੁੜੇ ਕਈ ਮਹੱਤਵਪੂਰਨ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਆਉਣ ਵਾਲੀਆਂ ਰਣਨੀਤੀਆਂ ਬਾਰੇ ਵੀ ਗੰਭੀਰ ਚਰਚਾ ਹੋਈ।ਮੀਟਿੰਗ ਦੌਰਾਨ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਨਵੇਂ ਵਰਕਰਾਂ ਨੂੰ ਜੋੜਨ ਅਤੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਨੂੰ ਹਰ ਘਰ ਤੱਕ ਪਹੁੰਚਾਉਣ 'ਤੇ ਖਾਸ ਧਿਆਨ ਦਿੱਤਾ ਗਿਆ। ਆਗੂਆਂ ਨੇ ਇੱਕਜੁੱਟ ਹੋ ਕੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਸੰਗਰੂਰ ਵਿੱਚ ਬੀਜੇਪੀ ਨੂੰ ਇੱਕ ਮਜ਼ਬੂਤ ਵਿਕਲਪ ਵਜੋਂ ਖੜ੍ਹਾ ਕਰਨ ਦਾ ਸੰਕਲਪ ਵੀ ਲਿਆ।ਇਸ



ਮੌਕੇ ਕਰਮ ਲਹਿਲ ਨੇ ਕਿਹਾ ਕਿ ਬੀਜੇਪੀ ਦੇਸ਼ ਦੀ ਸਭ ਤੋਂ ਵੱਡੀ ਅਤੇ ਲੋਕਪ੍ਰਿਯ ਪਾਰਟੀ ਬਣ ਚੁੱਕੀ ਹੈ, ਜਿਸ ਦੀਆਂ ਨੀਤੀਆਂ ਅਤੇ ਵਿਕਾਸਕਾਰੀ ਕਾਰਜਾਂ ਨੇ ਹਰ ਵਰਗ ਦੇ ਲੋਕਾਂ ਦਾ ਭਰੋਸਾ ਜਿੱਤਿਆ ਹੈ। ਉਨ੍ਹਾਂ ਕਿਹਾ, ਅਸੀਂ ਸੰਗਰੂਰ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਪਿੰਡ ਪੱਧਰ ਤੱਕ ਜਾ ਰਹੇ ਹਾਂ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਰਹੇ ਹਾਂ। ਆਉਣ ਵਾਲੇ ਸਮੇਂ ਵਿੱਚ ਬੀਜੇਪੀ ਇੱਕ ਵੱਡੀ ਧਿਰ ਵਜੋਂ ਉਭਰੇਗੀ।ਉੱਧਰ ਹਰਦੀਪ ਸਿੰਘ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਸੰਗਰੂਰ ਜ਼ਿਲ੍ਹਾ ਪਾਰਟੀ ਲਈ ਬਹੁਤ ਹੀ ਅਹਿਮ ਹੈ ਅਤੇ ਇੱਥੇ ਪਾਰਟੀ ਦੀ ਸਥਿਤੀ ਦਿਨੋਂ-ਦਿਨ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਕਿਹਾ, ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਲਾਭ ਹਰ ਵਰਗ ਤੱਕ ਪਹੁੰਚ ਰਿਹਾ ਹੈ। ਅਸੀਂ ਇਹ ਯਕੀਨੀ ਬਣਾਵਾਂਗੇ ਕਿ ਸੰਗਰੂਰ ਦੇ ਹਰ ਕੋਨੇ ਤੱਕ ਵਿਕਾਸ ਦੀ ਲਹਿਰ ਪਹੁੰਚੇ। ਉਨ੍ਹਾਂ ਇਹ ਵੀ ਦੱਸਿਆ ਕਿ ਪਾਰਟੀ ਵੱਲੋਂ ਨੌਜਵਾਨਾਂ, ਕਿਸਾਨਾਂ ਅਤੇ ਮਹਿਲਾਵਾਂ ਲਈ ਖਾਸ ਪ੍ਰੋਗਰਾਮ ਚਲਾਏ ਜਾ ਰਹੇ ਹਨ, ਜਿਸ ਨਾਲ ਲੋਕਾਂ ਵਿੱਚ ਬੀਜੇਪੀ ਪ੍ਰਤੀ ਭਰੋਸਾ ਵਧ ਰਿਹਾ ਹੈ।ਇਸ ਮੌਕੇ ਬੀਜੇਪੀ ਵੱਲੋਂ ਕੀਤੀਆਂ ਜਾ ਰਹੀਆਂ ਵੱਖ-ਵੱਖ ਸਰਗਰਮੀਆਂ ਜਿਵੇਂ ਕਿ ਮੈਂਬਰਸ਼ਿਪ ਡਰਾਈਵ, ਜਾਗਰੂਕਤਾ ਕੈਂਪ, ਸਮਾਜਿਕ ਸੇਵਾ ਕਾਰਜ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਕਦਮ ਚੁੱਕਣ ਬਾਰੇ ਵੀ ਚਰਚਾ ਕੀਤੀ ਗਈ। ਆਗੂਆਂ ਨੇ ਕਿਹਾ ਕਿ ਪਾਰਟੀ ਦਾ ਮੁੱਖ ਉਦੇਸ਼ ਲੋਕਾਂ ਦੀ ਭਲਾਈ ਅਤੇ ਵਿਕਾਸ ਹੈ, ਜਿਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਇਸ ਮੌਕੇ ਸਤਨਾਮ ਸਿੰਘ ਭੰਮਾਵੱਦੀ, ਗਮੀ ਕਲਿਆਣ, ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕੌਮੀ ਸੰਚਾਲਕ ਹਰਜੀਤ ਸਿੰਘ ਰਾਮਗੜ੍ਹੀਆ, ਸੂਬਾ ਦਫਤਰ ਸਕੱਤਰ ਗੁਰਵਿੰਦਰ ਸਿੰਘ ਦਿਉਸੀ, ਸੂਬਾ ਸਕੱਤਰ ਜਸਪ੍ਰੀਤ ਸਿੰਘ ਸੱਗੂ, ਜ਼ੋਨ ਇੰਚਾਰਜ ਜਰਨੈਲ ਸਿੰਘ ਸੱਗੂ, ਹਰਮੇਸ਼ ਸਿੰਘ ਮਣਕੂ, ਸਵਰਨ ਸਿੰਘ, ਪਰਵਿੰਦਰ ਸਿੰਘ ਰੁਪਾਲ, ਨਿਰਭੈ ਸਿੰਘ ਰੁਪਾਲ, ਰਵਿੰਦਰ ਰਵੀ ਰੁਪਾਲ, ਧੰਨਦੇਵ ਸਿੰਘ ਹੁੰਝਣ ਅਤੇ ਜਸਪ੍ਰੀਤ ਸਿੰਘ ਜੰਡੂ ਸਮੇਤ ਹੋਰ ਕਈ ਆਗੂ ਵੀ ਮੌਜੂਦ ਸਨ।

## ਬ੍ਰਾਹਮਣ ਸਭਾ ਰਜਿ: ਵੱਲੋਂ 19 ਅਪ੍ਰੈਲ ਨੂੰ ਮਨਾਈ ਜਾਵੇਗੀ ਭਗਵਾਨ ਪਰਸ਼ੂਰਾਮ ਜੈਯੰਤੀ



ਰਾਮਪੁਰਾ ਫੂਲ,13 ਅਪ੍ਰੈਲ (ਮਨਪ੍ਰੀਤ ਮਿੰਟੂ) ਸਥਾਨਕ ਬ੍ਰਾਹਮਣ ਸਭਾ ਰਾਮਪੁਰਾ ਫੂਲ ਦੀ ਇੱਕ ਅਹਿਮ ਮੀਟਿੰਗ ਸਭਾ ਦੇ ਪ੍ਰਧਾਨ ਗੁਰਤੇਜ ਸ਼ਰਮਾ ਦੀ ਅਗਵਾਈ ਹੇਠ ਸਥਾਨਕ ਬ੍ਰਾਹਮਣ ਸਭਾ ਦੇ ਮੰਦਰ ਵਿਖੇ ਹੋਈ, ਜਿਸ ਵਿੱਚ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਇਸ ਸਾਲ ਭਗਵਾਨ ਪਰਸ਼ੂਰਾਮ ਜੈਯੰਤੀ 19 ਅਪ੍ਰੈਲ ਨੂੰ ਬੜੀ ਧੂਮ-ਧਾਮ ਅਤੇ ਸ਼ਰਧਾ ਭਾਵਨਾ ਨਾਲ ਮਨਾਈ ਜਾਵੇਗੀ।ਮੀਟਿੰਗ ਉਪਰੰਤ ਸਭਾ ਦੇ ਪ੍ਰਧਾਨ ਗੁਰਤੇਜ ਸ਼ਰਮਾ ਨੇ ਦੱਸਿਆ ਕਿ 19 ਅਪ੍ਰੈਲ ਦਿਨ ਐਤਵਾਰ ਨੂੰ ਸਵੇਰ ਪੂਜਾ ਅਰਚਨਾ ਕੀਤੀ ਜਾਵੇਗੀ। ਭਗਵਾਨ ਪਰਸ਼ੂਰਾਮ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਵੀ ਵਿਦਵਾਨ ਲੋਕ ਵਿਚਾਰਾਂ ਦੀ ਸਾਂਝ ਪਾਉਣਗੇ। ਸਮਾਗਮ ਦੌਰਾਨ ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਜਾਵੇਗਾ।ਬ੍ਰਾਹਮਣ ਸਭਾ ਦੇ ਆਗੂਆਂ ਨੇ ਸਮੂਹ ਸ਼ਹਿਰ ਨਿਵਾਸੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਪਵਿੱਤਰ ਦਿਹਾੜੇ ਤੇ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਭਗਵਾਨ ਪਰਸ਼ੂਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ। ਸ੍ਰੀ ਸ਼ਰਮਾ ਨੇ ਕਿਹਾ ਕਿ ਭਗਵਾਨ ਪਰਸ਼ੂਰਾਮ ਜੀ ਸਿਰਫ਼ ਬ੍ਰਾਹਮਣ ਸਮਾਜ ਦੇ ਹੀ ਨਹੀਂ, ਸਗੋਂ ਸਮੁੱਚੀ ਮਾਨਵਤਾ ਦੇ ਮਾਰਗਦਰਸ਼ਕ ਹਨ। ਉਨ੍ਹਾਂ ਦੀ ਜੈਯੰਤੀ ਮਨਾਉਣ ਦਾ ਮੁੱਖ ਮਕਸਦ ਉਨ੍ਹਾਂ ਦੁਆਰਾ ਦਰਸਾਏ ਸੱਚ ਅਤੇ ਨਿਆਂ ਦੇ ਮਾਰਗ ਤੇ ਚੱਲਣ ਦਾ ਪ੍ਰਣ ਲੈਣਾ ਹੈ। ਮੀਟਿੰਗ ਚ ਸਭਾ ਦੇ ਮੁੱਖ ਸਲਾਹਕਾਰ ਕੁਲਭੂਸ਼ਨ ਰੱਤੀ ਜੀ, ਬਲਦੇਵ ਕ੍ਰਿਸ਼ਨ, ਰਾਮ ਸਰੂਪ ਸ਼ਰਮਾ,ਹਰੀ ਓਮ ਸ਼ਾਸਤਰੀ , ਜਨਕ ਰਾਜ ਸ਼ਰਮਾ,ਵੈਦ ਰਾਜ ਜੀ,ਰੋਹਿਤ ਸ਼ਰਮਾ, ਦਰਸ਼ਨ ਪਾਲ ਸ਼ਰਮਾ ਪਿੰਡ ਰਾਮਪੁਰਾ, ਤਿਰਪਾਠੀ ਭਾਈਚਾਰੇ ਚੋਂ ਡਾ. ਰਾਜਿੰਦਰ ਕੁਮਾਰ, ਸੂਰਜ , ਅਖਿਲੇਸ਼,ਰਾਮ ਸ਼ਕਲ, ਪੰਕਜ ਤਿਰਪਾਠੀ, ਸੰਜੇ, ਅਭਿਸ਼ੇਕ, ਰਾਮ ਦਰਜ,ਰਾਮ ਵਿਲਾਸ ,ਪਵਨ ਕੁਮਾਰ,ਦੀਪਕ ਕੁਮਾਰ, ਪ੍ਰਿੰਯਕਾ ਸ਼ਰਮਾ, ਮੋਹਿੰਦਰ ਜੀਤ ਕੌਰ,ਲੱਕੀ ਸ਼ਰਮਾ, ਰਾਕੇਸ਼ ਸ਼ਰਮਾ,ਮਨ ਬਹਾਦਰ ਪਾਂਡੇ,ਪੁਜਾਰੀ ਬ੍ਰਹਮਾਨੰਦ, ਅਨਿਲ ਸ਼ਰਮਾ ਤੋਂ ਇਲਾਵਾ ਡਾ. ਭਰਥਰੀ ਸ਼ਰਮਾ ,ਉਦਯੋਗਪਤੀ ਠਾਕੁਰ ਸ਼ਰਮਾ, ਦਰਸ਼ਨ ਸ਼ਰਮਾ ਫਰੀਦ ਨਗਰ, ਹਰਪ੍ਰੀਤ ਹੈਪੀ ਅਤੇ ਮਨਪ੍ਰੀਤ ਮਿੰਟੂ ਨੇ ਵੀ ਸ਼ਮੂਲੀਅਤ ਕੀਤੀ।

# ਵਿਸਾਖੀ ਤੇ ਜਗਰਾਉਂ ਵਿਸ਼ੇਸ਼ ਸਪਲੀਮੈਂਟ

ਵਿਸ਼ਾਲ ਅੱਤਰੇ
ਸੀਨੀਅਰ ਪੱਤਰਕਾਰ ਅਤੇ ਇੰਚਾਰਜ ਰੋਜ਼ਾਨਾ ਚੜ੍ਹਦੀਕਲਾ ਅਤੇ ਟਾਈਮ ਟੀਵੀ ਜਗਰਾਉਂ
94646-00901

ਵਿਸ਼ਾਲ ਅੱਤਰੇ
ਪੱਤਰਕਾਰ ਰੋਜ਼ਾਨਾ ਚੜ੍ਹਦੀਕਲਾ ਜਗਰਾਉਂ
94647-00901


ਖ਼ਾਲਸਾ ਸਾਜਨਾ ਦਿਵਸ ਅਤੇ ਵਿਸਾਖੀ
ਦੀਆ ਸਮੂਹ ਦੇਸ਼ ਵਾਸੀਆਂ ਨੂੰ
ਲੱਖ ਲੱਖ ਮੁਬਾਰਕਾਂ

ਸ. ਸੁਖਬੀਰ ਸਿੰਘ ਬਾਦਲ
ਪ੍ਰਧਾਨ ਸ਼੍ਰੋਮਣੀ ਅਕਾਲੀ ਦਲ

ਸ. ਐਸ ਆਰ ਕਲੇਰ

BLOSSOMS CONVENT SCHOOL
Affiliated to CBSE (New Delhi) Affiliation No-1630418
ADMISSION OPEN (2026-27)
SINCE 2005
Play way - IX & XI (All Streams)
- Medical
- Non Medical
- Humanities
- Commerce
- Safe, Clean & Child-Friendly Environment
- Well-Equipped Labs & Learning Resources
- Sports & Physical Development Programs
- Smart Classrooms & Activity-Based Learning
Enrol NOW!
100% Results
Contact us on: 01624-281050,80 8533900077
LEELAN MEGH SINGH (SIDHWAN BET ROAD) JAGRAON

ਸ੍ਰੀ ਅਰਵਿੰਦ ਕੇਜਰੀਵਾਲ
ਸ: ਭਗਵੰਤ ਸਿੰਘ ਮਾਨ
ਮੁੱਖ ਮੰਤਰੀ ਪੰਜਾਬ
ਪ੍ਰੋ: ਸੁਖਵਿੰਦਰ ਸਿੰਘ
ਸੀਨੀਅਰ ਆਪ ਨੇਤਾ
ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ
ਬੀਬੀ ਸਰਬਜੀਤ ਕੌਰ ਮਾਣੂੰਕੇ
ਐਮ. ਐਲ. ਏ. ਜਗਰਾਉਂ
ਜਾਰੀ ਕਰਤਾ: ਆਮ ਆਦਮੀ ਪਾਰਟੀ ਜਗਰਾਉਂ

Satyam Jewellers
Rajesh Katyal 98882-81324
Ramesh Katyal 98727-51990
Manufactures & wholesale
Dealer off : Gold Ornaments & Daimond Jewellery
Main Bazar Jagraon (142026)

ਐਸ.ਐਸ.ਪੀ ਡਾ. ਅੰਕੁਰ ਗੁਪਤਾ
ਡੀ.ਐਸ.ਪੀ ਜਸਵਿੰਦਰ ਸਿੰਘ ਢੀਂਡਸਾ
ਐਸ.ਐਚ.ਓ ਪਰਮਿੰਦਰ ਸਿੰਘ
ਖ਼ਾਲਸਾ ਸਾਜਨਾ ਦਿਵਸ ਅਤੇ ਵਿਸਾਖੀ
ਦੀਆ ਸਮੂਹ ਦੇਸ਼ ਵਾਸੀਆਂ ਨੂੰ
ਲੱਖ ਲੱਖ ਮੁਬਾਰਕਾਂ

Makkar Bakery
98147-74346 98555-24607
Anarkali Bazar, Jagraon 142026 (Ldh)
SPECIALIST IN: MARRIAGE CAKE, BIRTHDAY CAKE, NEW YEAR CAKE PASTRY, ICE CREAM, BISCUITS, NAMKEEN, PIZZA & COLD DRINKS
NEW BRANCH RAIKOT ROAD NEAR KAMAL CHOWK

M. 95172-00871 Ph. 01624-220871
Anand Sweets
ਇੱਥੇ ਹਰ ਤਰ੍ਹਾਂ ਦੀਆਂ ਮਠਿਆਈਆਂ ਅਤੇ ਨਮਕੀਨ ਤਿਆਰ ਕੀਤੇ ਜਾਂਦੇ ਹਨ।
ਇੱਥੇ ਵਿਆਹ-ਸ਼ਾਦੀਆਂ ਅਤੇ ਪਾਰਟੀਆਂ ਲਈ ਕਾਰੀਗਰਾਂ ਦਾ ਖਾਸ ਪ੍ਰਬੰਧ ਹੈ
Dholoan Wala Khoo, Jagraon- 142026 Ludhiana)

SWAMI ROOP CHAND JAIN SR. SEC. PUBLIC SCHOOL, JAGRAON
FULLY AC CAMPUS
ADMISSION OPEN From Pre Nsy. to XII
50% off For Single Mother & Many More Concessions
NEP BASED CURRICULUM | FULLY SMART CLASS CAMPUS | ABACUS & MENTAL MATHS | ARTIFICIAL INTELLIGENCE & ROBOTICS LAB
REASONING & APTITUDE | EXPERIENTAL & ACTIVITY BASED LEARNING | SELF DEVELOPMENT & SOCIAL SKILLS | HI-TECH WI-FI CAMPUS
Streams Offered: MEDICAL - NON-MEDICAL - HUMANITIES - COMMERCE
FOR ADMISSION ENQUIRIES CONTACT SCHOOL OFFICE
Contact Us: 84273-04487, 98147-00187, 01624-222535
Near Old Sabzi Mandi, JAGRAON (Ludhiana)

DAV CENTENARY PUBLIC SCHOOL, JAGRAON
ADMISSION OPEN 2026-27
Happy Baisakhi
For Classes Nursery to IX & XI (Med., Non-Med., Commerce & Arts)
DAV Sports recognised by Govt. of India(SGFI)
Fully AC Campus
Equipped With Solar Panel
All students insured for 2 Lakh
01624-222834 davsjgn@yahoo.com www.davjagraon.com
Sherpura Road, JAGRAON -142026

Shivalik Model School
Keshav Kunj, Shivala Road, Jagraon (LDH)
REGISTRATION OPEN & ADMISSION OPEN
Classes – Pre-Nursery to 10th (Session – 2026-27)
On-Campus Facilities
- E-learning School
- Comprehensive Co-curricular Activities
- Safe & Conducive Learning Environment
- Well-equipped Labs, Libraries & Sports Facilities
- Smart Class Rooms
- Abacus, Dance, Yoga Classes etc.
- CCTV Surveillance at every point
- Regular Career Counselling Sessions
- Strong Parental Interaction
- Educational & Recreational Visits
- Emphasis on Developing Core Competencies
- Innovative Pedagogy as per NEP/NCF
Safe and Secure GPS Transportation
For More Details Contact: 9872502656
shivalikschool79@yahoo.com | Follow us on: Shivalik Model School, Jagraon

Subhash 98145-25201 78888-23490
ESS KEY
Prince 98784-41058
ਸੋਲਰ ਲਗਾਓ, ਬਿਜਲੀ ਦੇ ਬਿੱਲ ਤੋਂ ਛੁਟਕਾਰਾ ਪਾਓ
ਹੁਣ ਦਿਲ ਨਹੀ ਬਿੱਲ ਛੋਟਾ ਕਰੋ.......
ਸੋਲਰ ਲਗਾਓ, ਬਿਜਲੀ ਬਚਾਓ
LUMINOUS
MICROTEK DIGITAL INVERTER
ਨੇੜੇ ਗਰਗ ਹਸਪਤਾਲ, ਚੁੰਗੀ ਨੰ: 5, ਰਾਏਕੋਟ ਰੋਡ, ਜਗਰਾਉਂ

AP REFINERY
Midas Naturals
Manufacturers of Best Quality Rice Bran Oil & Rice-Based Sweeteners
HAPPY VAISAKHI
www.aprefinery.com | www.midasnaturals.in
Nakodar Road, Jagraon, District Ludhiana - 142027

SANMATI VIMAL JAIN SR.SEC.PUBLIC SCHOOL, JAGRAON
ADMISSIONS OPEN! 2026-27
- Experienced Faculty
- 42 years of legacy in education
- Safe & Nurturing Environment
- AC Classrooms
- Focus on Academics + Life Skills
- New and GPS enabled transport
- No admission fee upto 5th STD
REGISTER NOW
For more information:
CONTACT :98775-60314,01624-222029

ਮਾਤਾ ਨੈਣਾ ਦੇਵੀ ਮੰਦਿਰ ਚੈਰੀਟੇਬਲ ਟਰੱਸਟ (ਰਜਿ.)
ਮਾਤਾ ਨੈਣਾ ਦੇਵੀ ਮੰਦਿਰ ਗਲਿਬ ਕਲਾਂ ਦੇ ਗੱਦੀਨਸ਼ੀਨ ਬ੍ਰਹਮਲੀਨ ਬਾਬਾ ਬਲਵੰਤ ਦਾਸ ਜੀ ਦੇ ਅਸ਼ੀਰਵਾਦ ਸਦਕਾ ਮੌਜੂਦਾ ਗੱਦੀਨਸ਼ੀਨ ਮਹੰਤ ਰਾਜੂ ਬਾਬਾ ਦੀ ਅਗਵਾਈ ਹੇਠ ਮੰਦਿਰ ਦੀ ਕਾਇਆ ਕਲਪ ਜ਼ੋਰਾਂ 'ਤੇ ਚੱਲ ਰਹੀ ਹੈ।
ਸੰਪਰਕ : ਮੁੱਖ ਸੇਵਾਦਾਰ ਮਹੰਤ ਰਾਜੂ ਬਾਬਾ # 98764-82875

HP GAS
ਜੀ ਹਾਂ!
Rajeshinder Singh Sidhu
ਸਿੱਧੂ ਗੈਸ ਸਰਵਿਸ
ਅੱਜ ਹੀ ਆ ਕੇ ਰਿਆਇਤੀ ਰੇਟਾਂ ਉੱਪਰ ਆਪਣਾ ਗੈਸ ਕਨੈਕਸ਼ਨ ਬੁੱਕ ਕਰਵਾਓ ਜੀ
M. 98141-17292, 98149-05292
OFF. 98148-18292, PH. 01624-223292

ਪੇਂਟ ਟਾਈਲ ਸੈਨਟਰੀ
ਸਾਰੇ ਹੀ ਬ੍ਰਾਂਡ ਇਕ ਛੱਤ ਹੇਠਾਂ
Big Name in Paint & Polish
ਮਲਟੀ ਸਟੋਰ
ਬੀ. ਐਨ. ਸੇਲਜ਼ ਕਾਰਪੋਰੇਸ਼ਨ
asianpaints SHALIMAR PAINTS

BULBUL
MUSTARD OIL | MUSTARD CAKE
ਜ਼ਿਆਦਾ ਦੁੱਧ ਜ਼ਿਆਦਾ ਮੁਨਾਫਾ
AUTHENTIC FLAVOURS Every Time
Helpline: 8802000091 9855406091
Available in 25Kg / 50Kg

ਸ੍ਰੀ ਸੰਜੀਵ ਕੁਮਾਰ ਰਿੰਪੀ (ਪਹਿਲਵਾਨ) ਪ੍ਰਧਾਨ
ਸ੍ਰੀ ਅਰਵਿੰਦ ਕਪੂਰੀਆ ਚੇਅਰਮੈਨ
ਸ੍ਰੀ ਪ੍ਰੇਮ ਕੁਮਾਰ ਕੈਸ਼ੀਅਰ
ਖ਼ਾਲਸਾ ਸਾਜਨਾ ਦਿਵਸ ਅਤੇ ਵਿਸਾਖੀ
ਦੀਆ ਸਮੂਹ ਦੇਸ਼ ਵਾਸੀਆਂ ਨੂੰ
ਲੱਖ ਲੱਖ ਮੁਬਾਰਕਾਂ
ਵੱਲੋਂ: ਹਲਵਾਈ ਐਸੋਸੀਏਸ਼ਨ, ਜਗਰਾਉਂ

ਸਮੂਹ ਆੜ੍ਹਤੀਆ ਐਸੋਸੀਏਸ਼ਨ ਜਗਰਾਉਂ ਵੱਲੋਂ ਵਿਸਾਖੀ ਦੇ ਦਿਹਾੜੇ ਤੇ ਲੱਖ ਲੱਖ ਵਧਾਈਆਂ
ਬਾਬਾ ਨੰਦ ਸਿੰਘ ਜੀ ਦੀ ਕਿਰਪਾ ਸਦਾ ਹੀ ਸਾਰੇ ਆੜ੍ਹਤੀਆ ਮੁਨੀਮਾ ਮਜ਼ਦੂਰ ਅਤੇ ਕਿਸਾਨਾਂ ਤੇ ਸਦਾ ਬਣੀ ਰਹੇ
ਜਾਰੀ ਕਰਤਾ:- ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ
ਕਨ੍ਹੱਈਆ ਲਾਲ (ਬਾਂਕਾ)

ਸਾਰੇ ਦੇਸ਼ ਵਾਸੀਆਂ ਨੂੰ ਵਿਸਾਖੀ ਦੇ ਤਿਉਹਾਰ ਦੀਆਂ ਲੱਖ-ਲੱਖ ਵਧਾਈਆਂ
ਜਾਰੀ ਕਰਤਾ:
ਇੰਚਾਰਜ ਅਤੇ ਸਮੂਹ ਸਟਾਫ਼ ਫੂਡ ਐਂਡ ਸਪਲਾਈ ਦਫ਼ਤਰ, ਕਾਲਜ ਰੋਡ ਜਗਰਾਉਂ

ਹਿੰਦੁਸਤਾਨ ਪੈਟਰੋਲੀਅਮ
Bee Kay Filling Station
V. Bodalwala, Sidhwan Bet Road
JAGRAON (LUDHIANA)
Tehsil Chowk to 2 KM. Left Hand Side
Contact : Rahul Sharma 73470-24103
24 HOURS OPEN
Karanjot Singh

SUNNY MOBILE POINT
All types of latest mobiles and accessories are available here.
Near Bikaner Sweet Shop. Teh: Road Jagraon
M. 99145-82877, 87270-00042
Buy new phones on 0% interest

# ਵਿਜੀਲੈਂਸ ਵੱਲੋਂ ਸੀਡ ਸਰਟੀਫਿਕੇਸ਼ਨ ਅਧਿਕਾਰੀ ਨੂੰ 50,000 ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 13 ਅਪ੍ਰੈਲ (ਚ.ਨ.ਸ.): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਪੰਜਾਬ ਸਟੇਟ ਸੀਡ ਸਰਟੀਫਿਕੇਸ਼ਨ ਅਥਾਰਟੀ ਲੁਧਿਆਣਾ ਵਿਖੇ ਤਾਇਨਾਤ ਸੀਡ ਸਰਟੀਫਿਕੇਸ਼ਨ ਅਧਿਕਾਰੀ ਅੰਮ੍ਰਿਤਪਾਲ ਸਿੰਘ ਨੂੰ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਜ਼ਿਲ੍ਹਾ ਮਾਨਸਾ ਦੇ ਵਾਰਡ ਨੰਬਰ 10 ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਇੱਕ ਬੀਜ ਉਤਪਾਦਕ ਹੈ ਜੋ ਮਾਨਸਾ ਵਿੱਚ ਮੈਸਰਜ਼ ਪੰਜਾਬ ਐਗਰੀ ਸੀਡ ਫਾਰਮ ਚਲਾਉਂਦਾ ਹੈ। ਉਸ ਦੀ ਫਰਮ ਪੰਜਾਬ ਜਾਂ ਪੰਜਾਬ ਸੂਬੇ ਤੋਂ ਬਾਹਰ ਦੀਆਂ ਖੇਤੀਬਾੜੀ ਯੂਨੀਵਰਸਿਟੀਆਂ ਤੋਂ ਬਰੀਡਰ ਬੀਜ (ਪਹਿਲੀ ਕਿਸਮ ਦੇ ਬੀਜ ਬੀਜ) ਪ੍ਰਾਪਤ ਕਰਦੀ ਅਤੇ ਖਰੀਦੀਆਂ ਫਸਲਾਂ ਤੋਂ ਬੀਜ ਤਿਆਰ ਕਰਦੀ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਸਾਡੀ ਫਰਮ ਨੇ ਵੱਖ-ਵੱਖ ਯੂਨੀਵਰਸਿਟੀਆਂ ਅਤੇ ਫਾਊਂਡੇਸ਼ਨ ਸੀਡ ਸਰੋਤਾਂ ਰਾਹੀਂ ਲਗਭਗ 510 ਹੈਕਟੇਅਰ (1275 ਏਕੜ) ਜ਼ਮੀਨ ਵਿੱਚ ਕਣਕ ਦੇ ਬੀਜ ਬੀਜੇ ਸਨ। ਇਸ ਫਸਲ ਦੀ ਜਾਂਚ ਦੀ ਜ਼ਿੰਮੇਵਾਰੀ ਦੋਸ਼ੀ ਅੰਮ੍ਰਿਤਪਾਲ ਸਿੰਘ, ਸੀਡ ਸਰਟੀਫਿਕੇਸ਼ਨ ਅਧਿਕਾਰੀ ਦੀ ਹੈ।



ਇਸ ਸਬੰਧੀ, ਉਪਰੋਕਤ ਮੁਲਜ਼ਮ ਲਗਭਗ 10 ਦਿਨ ਪਹਿਲਾਂ ਸਾਡੀ ਬੀਜੀ ਗਈ ਫਸਲ ਦੇ ਨਿਰੀਖਣ ਲਈ ਸਾਡੇ ਫਾਰਮ 'ਤੇ ਆਇਆ ਸੀ ਅਤੇ ਫਸਲ ਦੀ ਬਿਜਾਈ ਵਾਲੇ ਖੇਤ ਦਿਖਾਉਣ ਲਈ ਕਿਹਾ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਦੋਸ਼ੀ ਨੇ ਨਿਰੀਖਣ ਰਿਪੋਰਟ ਨੂੰ ਫਸਲਾਂ ਦੀ ਬਿਜਾਈ ਦੇ ਪੱਖ ਵਿੱਚ ਬਣਾਉਣ ਬਦਲੇ 200 ਰੁਪਏ ਪ੍ਰਤੀ ਹੈਕਟੇਅਰ (510*200 = 102000 ਰੁਪਏ) ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੌਰਾਨ ਹੋਈ ਗੱਲਬਾਤ ਰਿਕਾਰਡ ਕਰ ਲਈ ਸੀ। ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਬੀਜ ਪ੍ਰਮਾਣੀਕਰਣ ਅਧਿਕਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ। ਇਸ ਸਬੰਧੀ, ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# 327ਵੇਂ ਖਾਲਸਾ ਸਾਜਨਾ ਦਿਵਸ ਮੌਕੇ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਰਾਹੀਂ ਸੰਗਤਾਂ ਨੇ ਗੁਰੂ ਨਾਲ ਜੋੜ ਮਜ਼ਬੂਤ ਕੀਤਾ : ਕਾਲਕਾ

ਨਵੀਂ ਦਿੱਲੀ 13 ਅਪ੍ਰੈਲ (ਅੰਮ੍ਰਿਤਪਾਲ ਸਿੰਘ): 327ਵੇਂ ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਮੌਕੇ 'ਤੇ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਵਿਸ਼ਾਲ ਧਾਰਮਿਕ ਸਮਾਗਮ ਦੌਰਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈ ਦਿੱਤੀ ਅਤੇ ਖਾਲਸਾ ਪੰਥ ਦੀ ਮਹਾਨਤਾ ਨੂੰ ਉਜਾਗਰ ਕਰਦਿਆਂ ਸੰਗਤ ਨੂੰ ਗੁਰੂ ਨਾਲ ਜੁੜਨ ਦਾ ਸੰਦੇਸ਼ ਦਿੱਤਾ। ਸੰਗਤ ਨੂੰ ਸੰਬੋਧਨ ਕਰਦਿਆਂ ਕਾਲਕਾ ਨੇ ਕਿਹਾ ਕਿ ਇਹ ਵੱਡੀ ਵਡਿਆਈ ਅਤੇ ਮਾਣ ਦੀ ਗੱਲ ਹੈ ਕਿ ਅੱਜ ਸੰਗਤ ਨੇ ਗੁਰੂ ਸਾਹਿਬ ਵੱਲੋਂ ਬਖ਼ਸ਼ੀ ਅਨਮੋਲ ਦਾਤ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਕੇ ਆਪਣੇ ਜੀਵਨ ਨੂੰ ਗੁਰੂ ਵਾਲਾ ਬਣਾਇਆ ਹੈ। ਉਨ੍ਹਾਂ ਕਿਹਾ ਕਿ ਮਨੁੱਖ ਜਦੋਂ ਇਸ ਸੰਸਾਰ ਵਿੱਚ ਜਨਮ ਲੈਂਦਾ ਹੈ ਤਾਂ ਉਸਦੇ ਵੱਸ ਵਿੱਚ ਨਹੀਂ ਹੁੰਦਾ ਕਿ ਉਹ ਆਪਣੇ ਮਾਤਾ-ਪਿਤਾ ਜਾਂ ਗੁਰੂ ਦੀ ਚੋਣ ਕਰੇ, ਪਰ ਖਾਲਸਾ ਪੰਥ ਨੂੰ ਇਹ ਵਿਲੱਖਣ ਦਾਤ ਪ੍ਰਾਪਤ ਹੈ ਕਿ ਹਰ ਸਿੱਖ ਆਪਣੀ ਰੂਹਾਨੀ ਇੱਛਾ ਅਨੁਸਾਰ ਗੁਰੂ ਗੋਬਿੰਦ ਸਿੰਘ ਨੂੰ ਆਪਣਾ ਪਿਤਾ ਅਤੇ ਮਾਤਾ ਸਾਹਿਬ ਕੌਰ ਨੂੰ ਆਪਣੀ ਆਤਮਿਕ ਮਾਤਾ ਵਜੋਂ ਸਵੀਕਾਰ ਕਰਦਾ ਹੈ। ਇਹ ਬੇਮਿਸਾਲ ਆਤਮਿਕ ਰਿਸ਼ਤਾ ਖਾਲਸਾ ਪੰਥ ਦੀ ਵਿਲੱਖਣਤਾ ਅਤੇ ਮਹਾਨਤਾ ਦਾ ਪ੍ਰਤੀਕ ਹੈ।



ਉਨ੍ਹਾਂ ਅੱਗੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਦੀ ਲਹਿਰ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਅੰਮ੍ਰਿਤ ਸੰਚਾਰ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ ਤਾਂ ਜੋ ਵੱਧ ਤੋਂ ਵੱਧ ਸੰਗਤ ਗੁਰੂ ਦੀ ਰਹਿਤ ਨਾਲ ਜੁੜ ਸਕੇ। ਉਨ੍ਹਾਂ ਗੁਰੂ ਸਾਹਿਬ ਦੇ ਬਚਨਾਂ "ਰਹਿਤ ਪਿਆਰੀ ਮੁਝ ਕੋ, ਸਿੱਖ ਪਿਆਰਾ ਨਾਹਿ" ਦਾ ਜ਼ਿਕਰ ਕਰਦਿਆਂ ਕਿਹਾ ਕਿ ਰਹਿਤ ਨਾਲ ਜੁੜਨਾ ਹੀ ਸੱਚੇ ਸਿੱਖੀ ਜੀਵਨ ਦੀ ਪਹਿਚਾਣ ਹੈ। ਕਾਲਕਾ ਨੇ ਦੱਸਿਆ ਕਿ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਦੇ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਡੇ ਪੱਧਰ 'ਤੇ ਅੰਮ੍ਰਿਤ ਸੰਚਾਰ ਕਰਵਾਉਣ ਦਾ ਪ੍ਰਣ ਲਿਆ ਗਿਆ ਸੀ, ਜਿਸ ਦੇ ਸਫਲ ਨਤੀਜੇ ਵਜੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਗੁਰੂ ਵਾਲੀ ਬਣ ਰਹੀ ਹੈ ਤੇ ਸੈਂਕੜਿਆਂ ਦੀ ਗਿਣਤੀ ਵਿੱਚ ਅੱਜ ਵੀ ਸੰਗਤ ਨੇ ਅੰਮ੍ਰਿਤ ਪਾਨ ਕਰਕੇ ਆਪਣੇ ਜੀਵਨ ਨੂੰ ਗੁਰੂ ਨਾਲ ਜੋੜਿਆ ਹੈ।

ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ 14 ਅਪ੍ਰੈਲ ਨੂੰ ਵਿਸਾਖੀ ਦੇ ਪਾਵਨ ਦਿਹਾੜੇ ਮੌਕੇ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਖੇ ਹੋਣ ਵਾਲੇ ਵਿਸ਼ਾਲ ਕੀਰਤਨ ਸਮਾਗਮ ਤੇ ਅੰਮ੍ਰਿਤ ਸੰਚਾਰ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਵਿੱਚ ਭਾਗੀਦਾਰ ਬਣਨ। ਉਨ੍ਹਾਂ ਕਿਹਾ ਕਿ ਜੋ ਵੀ ਸੰਗਤ ਅੰਮ੍ਰਿਤ ਪਾਨ ਕਰਨ ਦੀ ਇੱਛੁਕ ਹੈ, ਉਹ 14 ਅਪ੍ਰੈਲ ਨੂੰ ਸਵੇਰੇ 10 ਵਜੇ ਤੱਕ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਆਪਣਾ ਨਾਮ ਦਰਜ ਕਰਵਾਏ ਤਾਂ ਜੋ 11 ਵਜੇ ਅੰਮ੍ਰਿਤ ਸੰਚਾਰ ਸਮਾਗਮ ਸੁਚਾਰੂ ਢੰਗ ਨਾਲ ਆਰੰਭ ਕੀਤਾ ਜਾ ਸਕੇ। ਕਾਲਕਾ ਨੇ ਸਮੂਹ ਸੰਗਤ ਨੂੰ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਾਵਨ ਤਿਉਹਾਰ ਦੀਆਂ ਮੁੜ ਲੱਖ-ਲੱਖ ਵਧਾਈਆਂ ਦਿੰਦਿਆਂ ਕਿਹਾ ਕਿ ਇਹ ਦਿਹਾੜਾ ਸਾਨੂੰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਖਾਲਸਾ ਰੂਪ ਨੂੰ ਅਪਣਾਉਣ ਅਤੇ ਸਿੱਖੀ ਸਿਧਾਂਤਾਂ 'ਤੇ ਅਡਿੱਗ ਰਹਿਣ ਦੀ ਪ੍ਰੇਰਣਾ ਦਿੰਦਾ ਹੈ।

## ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਸ਼ੁੱਭ ਦਿਹਾੜੇ ਤੇ ਇਕਬਾਲ ਸਿੰਘ ਵਾਲੀਆ ਅਤੇ ਕਮਲਜੀਤ ਸਿੰਘ ਬਾਊ ਵੱਲੋਂ ਕੱਢਿਆ ਗਿਆ ਵਿਸ਼ੇਸ਼ ਸਪਲੀਮੈਂਟ










## ਗੁਰਦੁਆਰਾ ਹਰਗੋਬਿੰਦ ਸਾਹਿਬ ਸੇਵਾ ਸੁਸਾਇਟੀ ਮਾਸੀਮੀਨਾ (ਰੋਮ) ਵਿਖੇ ਕਰਵਾਏ ਗਏ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ

ਰੋਮ 13 ਅਪ੍ਰੈਲ(ਗੁਰਸ਼ਰਨ ਸਿੰਘ ਸੋਨੀ) ਰਾਜਧਾਨੀ ਰੋਮ ਦੇ ਗੁਰਦੁਆਰਾ ਹਰਗੋਬਿੰਦ ਸਾਹਿਬ ਸੇਵਾ ਸੁਸਾਇਟੀ ਮਾਸੀਮੀਨਾ (ਰੋਮ) ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਵਿਦੇਸ਼ੀ ਧਰਤੀ ਤੇ ਸਿੱਖੀ ਤੇ ਦਸਤਾਰ ਦੀ ਪਹਿਚਾਣ ਲਈ ਬਹੁਤ ਯਤਨ ਕੀਤੇ ਸਨ ਇਸੇ ਲੜੀ ਨੂੰ ਅੱਗੇ ਤੋਰਦਿਆਂ ਹੋਇਆਂ ਇੱਕ ਵਾਰ ਫਿਰ ਨੌਜਵਾਨ ਪੀੜ੍ਹੀ ਨੂੰ ਦਸਤਾਰ ਸਜਾਉਣ ਲਈ ਪ੍ਰੇਰਿਤ ਕਰਨ ਲਈ ਗੁਰਦੁਆਰਾ ਸਾਹਿਬ ਵਿਖੇ ਐਤਵਾਰ ਨੂੰ ਹਫ਼ਤਾਵਾਰੀ ਸਮਾਗਮ ਦੌਰਾਨ ਵਿਸ਼ੇਸ਼ ਤੌਰ ਤੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਇਲਾਹੀ ਬਾਣੀ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕਰਵਾਏ ਗਏ ਤੇ ਭੋਗ ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ ਉਪਰੰਤ ਦੁਪਹਿਰ 12 ਵਜੇ ਤੋ ਦੁਪਹਿਰ 1:30 ਵਜੇ ਤੱਕ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। 2 ਦਰਜਨ ਦੇ ਕਰੀਬ ਨੌਜਵਾਨਾਂ ਵੱਲੋਂ ਹਿੱਸਾ ਲਿਆ ਗਿਆ ਤੇ ਜਿਸ ਵਿੱਚ ਪਹਿਲੇ ਦਰਜੇ ਤੇ ਸੁੰਦਰ ਦਸਤਾਰ ਸਜਾਉਣ ਵਾਲੇ ਨੌਜਵਾਨ ਵੀਰ ਵਿਜੇਦੀਪ ਸਿੰਘ ਨੂੰ 300 ਯੂਰੋ , ਦੂਜੇ ਦਰਜੇ ਤੇ ਗੁਰਸ਼ਾਨ ਸਿੰਘ ਨੇ 200 ਯੂਰੋ ਤੇ ਤੀਸਰੇ ਦਰਜੇ ਵਾਲੇ ਨੌਜਵਾਨ ਬਲਰਾਜ ਸਿੰਘ ਨੂੰ 100 ਯੂਰੋ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ ਇਸ ਤੋਂ ਇਲਾਵਾ ਜਿਹੜੇ ਵੀ ਨੌਜਵਾਨ ਇਸ ਦਸਤਾਰ ਸਜਾਉਣ ਦੇ ਮੁਕਾਬਲਿਆਂ ਵਿੱਚ ਭਾਗ ਲਿਆ ਉਨ੍ਹਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਨ੍ਹਾਂ ਦੀ ਸੇਵਾ ਜਿਨ੍ਹਾਂ ਵਿੱਚ ਪਹਿਲੇ ਸਥਾਨ ਦੇ ਇਨਾਮ ਦੀ ਸੇਵਾ ਭਾਈ ਦਿਆਨੰਦ ਸਿੰਘ, ਦੂਜੇ ਸਥਾਨ ਵਾਲੇ ਇਨਾਮ ਦੀ ਸੇਵਾਗੁਰਵਿੰਦਰ ਸਿੰਘ ਗੋਗੀ ਤੇ ਤੀਜੇ ਸਥਾਨ ਦੇ ਇਨਾਮ ਦੀ ਸੇਵਾ ਸੌਢੀ ਮਕੌੜਾ ਵਲੋ ਕੀਤੀ ਗਈ।ਪ੍ਰਬੰਧਕਾਂ ਵੱਲੋਂ ਤੇ ਭਾਈ ਇੰਦਰਜੀਤ ਸਿੰਘ ਵਲੋ ਅੱਗੇ ਦੱਸਿਆ ਕਿ ਇਨ੍ਹਾਂ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਉਣ ਦਾ ਇੱਕੋ ਇੱਕ ਮਕਸਦ ਹੈ ਕਿ ਨੌਜਵਾਨਾਂ ਨੂੰ ਦਸਤਾਰ ਸਜਾਉਣ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਵਿਦੇਸ਼ਾਂ ਵਿੱਚ ਵੀ ਦਸਤਾਰ ਦੀ ਮਹੱਤਤਾ ਨੂੰ ਹੋਰ ਉੱਚਾ ਬਣਾਇਆ ਜਾ ਸਕੇ ।ਸੰਗਤਾਂ ਲਈ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।

## ਭਦੌੜ ਦੇ ਬਰਨਾਲਾ ਰੋਡ ’ਤੇ ਸੜਕ ਬਣੀ ਛੱਪੜ, ਸਬੰਧਤ ਵਿਭਾਗ ਕਿਸੇ ਵੱਡੀ ਘਟਨਾ ਦੀ ਉਡੀਕ ਵਿੱਚ



ਭਦੌੜ, 13 ਅਪ੍ਰੈਲ (ਸੁਖਵਿੰਦਰ ਪਲਾਹਾ): ਸਥਾਨਕ ਗੋਬਿੰਦ ਇੰਟਰਨੈਸ਼ਨਲ ਸਕੂਲ ਅਤੇ ਐੱਚ ਬੀ ਬਿਲਡਰ ਦੇ ਵਿਚਾਲੇ ਨੀਵੀਂ ਸੜਕ ’ਤੇ ਜਮ੍ਹਾਂ ਹੁੰਦੇ ਪਾਣੀ ਕਾਰਨ ਹਾਲਾਤ ਬਦਤਰ ਹੋ ਚੁੱਕੇ ਹਨ ਅਤੇ ਇੱਥੇ ਲਗਾਤਾਰ ਵਾਪਰ ਰਹੇ ਹਾਦਸੇ ਪ੍ਰਸ਼ਾਸਨਿਕ ਲਾਪਰਵਾਹੀ ਦੀ ਮੂੰਹ ਬੋਲਦੀ ਤਸਵੀਰ ਪੇਸ਼ ਕਰ ਰਹੇ ਹਨ। ਪੀ ਡਬਲਯੂ ਡੀ ਵਿਭਾਗ ਦੇ ਐਕਸੀਅਨ ਹਰਸ਼ ਗੋਇਲ ਨਾਲ ਇਸ ਗੰਭੀਰ ਮਸਲੇ ’ਤੇ ਵਾਰ-ਵਾਰ ਰਾਬਤਾ ਕਾਇਮ ਕਰਨ ਦੇ ਬਾਵਜੂਦ ਹਾਲੇ ਤੱਕ ਧਰਾਤਲ ’ਤੇ ਕੋਈ ਹੱਲ ਨਜ਼ਰ ਨਹੀਂ ਆਇਆ, ਜਦਕਿ ਸਬੰਧਤ ਸਰਪੰਚ ਵੱਲੋਂ ਹਲਕਾ ਵਿਧਾਇਕ ਤੋਂ ਸਿਫ਼ਾਰਸ਼ੀ ਪੱਤਰ ਲਿਖਵਾ ਕੇ ਦੇਣ ਦੇ ਬਾਵਜੂਦ ਵਿਭਾਗ ਦੇ ਕੰਨ ’ਤੇ ਜੂੰਅ ਤੱਕ ਨਹੀਂ ਸਰਕ ਰਹੀ। ਆਮ ਲੋਕਾਂ ਵਿੱਚ ਇਸ ਮੁੱਦੇ ਨੂੰ ਲੈ ਕੇ ਭਾਰੀ ਰੋਸ ਹੈ ਅਤੇ ਚਰਚਾਵਾਂ ਦਾ ਬਾਜ਼ਾਰ ਗਰਮ ਹੈ ਕਿ ਸੜਕ ਦੀ ਇਸ ਮਾੜੀ ਹਾਲਤ ਲਈ ਜ਼ਿੰਮੇਵਾਰ ਕੌਣ ਹੈ, ਪਰ ਕੋਈ ਵੀ ਖੁੱਲ੍ਹ ਕੇ ਬੋਲਣ ਦੀ ਹਿੰਮਤ ਨਹੀਂ ਜੁਟਾ ਪਾ ਰਿਹਾ।

ਦੂਜੇ ਪਾਸੇ ਐਕਸੀਅਨ ਹਰਸ਼ ਗੋਇਲ ਨੇ ਆਪਣਾ ਪੱਖ ਰੱਖਦਿਆਂ ਦੱਸਿਆ ਕਿ ਸੜਕ ਦੇ ਨਾਲ ਹਰ ਜਗ੍ਹਾ ਬਣ ਵਿਭਾਗ ਦੀ ਜਗ੍ਹਾ ਹੁੰਦੀ ਹੈ। ਜਦੋਂ ਵੀ ਮੀਂਹ ਪੈਂਦਾ ਹੈ ਤਾਂ ਮੀਹਾਂ ਦਾ ਪਾਣੀ ਇਸ ਬਣ ਵਿਭਾਗ ਦੀ ਜਗ੍ਹਾ ਵਿੱਚ ਚਲਾ ਜਾਂਦਾ ਹੈ, ਪ੍ਰੰਤੂ ਸਾਨੂੰ ਪਤਾ ਲੱਗਿਆ ਸੀ ਕਿ ਇਥੇ ਗੋਬਿੰਦ ਸਕੂਲ ਵੱਲੋਂ ਵਣ ਵਿਭਾਗ ਦੀ ਜਗ੍ਹਾ ਵਿੱਚ ਮਿੱਟੀ ਪਾ ਦਿੱਤੀ ਸੀ, ਜਿਸ ਕਾਰਨ ਸੜਕ ਤੋਂ ਪਾਣੀ ਵਣ ਵਿਭਾਗ ਦੀ ਜਗ੍ਹਾ ਵਿੱਚ ਨਹੀਂ ਜਾ ਰਿਹਾ, ਜਿਸ ਕਾਰਨ ਵਿਭਾਗ ਵੱਲੋਂ ਸਕੂਲ ਪ੍ਰਬੰਧਕਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਸੀ, ਜਿਸ ’ਤੇ ਉਨ੍ਹਾਂ ਨੇ ਦਫ਼ਤਰ ਆ ਕੇ ਆਪਣਾ ਪੱਖ ਪੇਸ਼ ਕੀਤਾ ਅਤੇ ਜਲਦ ਹੱਲ ਦਾ ਭਰੋਸਾ ਦਿੱਤਾ ਹੈ। ਅਧਿਕਾਰੀ ਅਨੁਸਾਰ ਸੜਕ ਦੇ ਨਾਲ ਜੰਗਲਾਤ ਵਿਭਾਗ ਦੀ ਜ਼ਮੀਨ ਹੋਣ ਕਾਰਨ ਤਾਲਮੇਲ ਰਾਹੀਂ ਪੱਕਾ ਹੱਲ ਲੱਭਿਆ ਜਾ ਰਿਹਾ ਹੈ ਅਤੇ ਹੁਣ ਨਵੇਂ ਸਾਲ ਦਾ ਬਜਟ ਮਿਲਣ ਤੋਂ ਬਾਅਦ ਸੜਕ ਨੂੰ ਉੱਚਾ ਚੁੱਕ ਕੇ ਬਣਾਉਣ ਦੀ ਤਜਵੀਜ਼ ਤਿਆਰ ਕੀਤੀ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਇਸ ਨਰਕ ਭਰੀ ਸਥਿਤੀ ਤੋਂ ਜਲਦ ਨਿਜਾਤ ਮਿਲ ਸਕੇ।

## ਖੁਸ਼ੀਆਂ ਦੇ ਰੰਗ : ਸਾਂਝ-ਏ-ਵੈਸਾਖੀ ਵੱਡੇ ਚਾਵਾਂ ਨਾਲ ਮਨਾਈ

ਬਰਨਾਲਾ, 13 ਅਪ੍ਰੈਲ (ਇਸ਼ੇਨ ਕੰਗ) : ਐਮਟੀਐੱਸ ਸਕੂਲ ਵਿੱਚ ਵਿਸਾਖੀ ਦਾ ਤਿਉਹਾਰ ਬੜੇ ਚਾਵ ਅਤੇ ਉਤਸ਼ਾਹ ਨਾਲ ਖੁਸ਼ੀਆਂ ਦੇ ਰੰਗ: ਗੋਲਡਨ ਹਿਊਜ਼, ਜੌਇਫੁਲ ਵਿਊਜ਼ - ਸਾਂਝ-ਏ-ਬੈਸਾਖੀ ਥੀਮ ਹੇਠ ਮਨਾਇਆ ਗਿਆ। ਇਸ ਸਮਾਗਮ ਵਿੱਚ ਕਲਾਸ 4 ਦੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਅਤੇ ਆਤਮ-ਵਿਸ਼ਵਾਸ ਦਿਖਾਉਣ ਲਈ ਬਹੁਤ ਹੀ ਸੁੰਦਰ ਮੰਚ ਪ੍ਰਦਾਨ ਕੀਤਾ ਗਿਆ। ਇਸ ਮਨੋਰੰਜਕ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਵੱਲੋਂ ਐਂਕਰਿੰਗ, ਸੋਲੋ ਡਾਂਸ, ਜੋਸ਼ ਭਰੇ ਗਰੁੱਪ ਡਾਂਸ, ਮਿੱਠੇ ਗਰੁੱਪ ਗੀਤ ਅਤੇ ਇਕ ਵਿਲੱਖਣ ਫੰਨੀ ਸਕੇਅਰਕ੍ਰੋ ਕੋਰਿਓਗ੍ਰਾਫੀ ਪੇਸ਼ ਕੀਤੀ ਗਈ। ਇਸ ਪ੍ਰਸਤੁਤੀ ਰਾਹੀਂ ਇਹ ਸੁਨੇਹਾ ਦਿੱਤਾ ਗਿਆ ਕਿ ਹਰ ਇਕ ਵਿਅਕਤੀ ਦੀ ਜ਼ਿੰਦਗੀ ਵਿੱਚ ਅਹਿਮ ਭੂਮਿਕਾ ਹੁੰਦੀ ਹੈ ਅਤੇ ਹਰ ਬੱਚਾ ਇੱਕ ਸੁਪਰਸਟਾਰ ਵਾਂਗ ਚਮਕਦਾ ਹੈ। ਵਿਦਿਆਰਥੀਆਂ ਨੇ ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ ਵਿੱਚ ਸੁੰਦਰ ਕਵਿਤਾਵਾਂ ਦਾ ਪਾਠ ਵੀ ਕੀਤਾ, ਜਿਸ ਨਾਲ ਪ੍ਰੋਗਰਾਮ ਦੀ ਰੌਣਕ ਹੋਰ ਵੱਧ ਗਈ। ਰੰਗ-ਬਿਰੰਗੇ ਪਹਿਰਾਵੇ, ਪ੍ਰਭਾਵਸ਼ਾਲੀ ਡਾਇਲਾਗ, ਸਾਫ਼ ਉਚਾਰਣ ਅਤੇ ਆਤਮ-ਵਿਸ਼ਵਾਸ ਭਰੀ ਮੰਚ ਪ੍ਰਸਤੁਤੀ ਨੇ ਹਰ ਕਿਸੇ ਦਾ ਦਿਲ ਜਿੱਤ ਲਿਆ। ਪੂਰਾ ਸਮਾਗਮ ਖੁਸ਼ੀ, ਉਤਸ਼ਾਹ ਅਤੇ ਸੱਭਿਆਚਾਰਕ ਰੰਗਾਂ ਨਾਲ ਰੰਗਿਆ ਹੋਇਆ ਸੀ। ਸਮੂਹਕ ਤੌਰ ਤੇ, ਇਹ ਸਮਾਗਮ ਬਹੁਤ ਹੀ ਸਫਲ ਰਿਹਾ ਅਤੇ ਇਸ ਵਿੱਚ ਪਰੰਪਰਾ ਅਤੇ ਪ੍ਰਤਿਭਾ ਦਾ ਸੁੰਦਰ ਮਿਲਾਪ ਵੇਖਣ ਨੂੰ ਮਿਲਿਆ।

## ਨਕੋਦਰ ਗੋਲੀਕਾਂਡ ਤੋਂ ਬੇਅਦਬੀ ਮਾਮਲਿਆਂ ਤੱਕ-ਵਿਧਾਨ ਸਭਾ ’ਚ ਇਨਸਾਫ ਲਈ ਗੂੰਜੀ ਆਵਾਜ਼

ਚੰਡੀਗੜ੍ਹ, 13 ਅਪ੍ਰੈਲ (ਹਰਦੀਪ ਕੌਰ): ਪੰਜਾਬ ਵਿਧਾਨ ਸਭਾ ਵਿੱਚ ਨਕੋਦਰ ਗੋਲੀਕਾਂਡ (1986) ਅਤੇ ਬੇਅਦਬੀ ਮਾਮਲਿਆਂ ਨੂੰ ਲੈ ਕੇ ਤਿੱਖੀ ਚਰਚਾ ਹੋਈ। ਮੈਂਬਰਾਂ ਨੇ ਦੋਸ਼ ਲਗਾਇਆ ਕਿ 2 ਫਰਵਰੀ 1986 ਨੂੰ ਹੋਏ ਗੋਲੀਕਾਂਡ ‘ਚ ਬੇਗੁਨਾਹ ਸੰਗਤ ‘ਤੇ ਗੋਲੀਆਂ ਚਲਾਈਆਂ ਗਈਆਂ, ਜਦਕਿ 4 ਫਰਵਰੀ ਨੂੰ ਕਰਫਿਊ ਲਗਾ ਦਿੱਤਾ ਗਿਆ। ਦਰਸ਼ਨਾਂ ਦੀ ਮੰਗ ਕਰ ਰਹੀ ਸੰਗਤ ‘ਤੇ ਸਿੱਧੀਆਂ ਛਾਤੀ ਵਿੱਚ ਗੋਲੀਆਂ ਮਾਰਨ ਅਤੇ ਬਾਅਦ ‘ਚ ਬਿਨਾਂ ਪਰਿਵਾਰਾਂ ਦੀ ਸਹਿਮਤੀ ਪੋਸਟਮਾਰਟਮ ਤੇ ਸੰਸਕਾਰ ਕਰਨ ਦੇ ਵੀ ਗੰਭੀਰ ਦੋਸ਼ ਲਗੇ। ਇਸ ਮੌਕੇ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਇਸ ਘਟਨਾ ਸਬੰਧੀ ਅੱਜ ਤੱਕ ਕੋਈ ਐਫਆਈਆਰ ਦਰਜ ਨਹੀਂ ਹੋਈ ਤੇ ਨਾ ਹੀ ਜ਼ਿੰਮੇਵਾਰ ਅਧਿਕਾਰੀਆਂ ‘ਤੇ ਕਾਰਵਾਈ ਹੋਈ। ਇਸਦੇ ਨਾਲ ਹੀ 2015 ਦੇ ਬਰਗਾੜੀ-ਬਹਿਬਲ ਕਲਾਂ ਬੇਅਦਬੀ ਅਤੇ ਗੋਲੀਕਾਂਡ ਮਾਮਲਿਆਂ ‘ਚ ਵੀ ਸਿਆਸੀ ਪਾਰਟੀਆਂ ‘ਤੇ ਸਬੂਤਾਂ ਨਾਲ ਛੇੜਛਾੜ ਅਤੇ ਦੇਰੀ ਕਰਨ ਦੇ ਦੋਸ਼ ਲਗੇ। ਮੈਂਬਰਾਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਜਾਣ-ਬੁੱਝ ਕੇ ਕੇਸਾਂ ਨੂੰ ਲਟਕਾਇਆ, ਜਿਸ ਨਾਲ ਗਵਾਹ ਤੇ ਸਬੂਤ ਖਤਮ ਹੋਏ।

ਸਰਕਾਰ ਵੱਲੋਂ ਦਾਅਵਾ ਕੀਤਾ ਗਿਆ ਕਿ ਹੁਣ ਸਾਰੇ ਚਲਾਨ ਅਦਾਲਤਾਂ ਵਿੱਚ ਪੇਸ਼ ਕੀਤੇ ਜਾ ਰਹੇ ਹਨ ਤੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਕਾਨੂੰਨੀ ਕਾਰਵਾਈ ਤੇਜ਼ ਕੀਤੀ ਜਾ ਰਹੀ ਹੈ। ਇਸ ਮੌਕੇ ‘ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਵਿੱਚ ਸੋਧ ਦੀ ਵੀ ਗੱਲ ਕੀਤੀ ਗਈ, ਜਿਸ ਵਿੱਚ ਉਮਰ ਕੈਦ ਤੱਕ ਦੀ ਸਜ਼ਾ ਦਾ ਪ੍ਰਾਵਧਾਨ ਸ਼ਾਮਲ ਹੈ। ਵਿਧਾਨ ਸਭਾ ਵਿੱਚ ਸਮੂਹ ਪੱਖਾਂ ਵੱਲੋਂ ਇਹ ਸਹਿਮਤੀ ਜਤਾਈ ਗਈ ਕਿ ਧਾਰਮਿਕ ਅਪਮਾਨ ਅਤੇ ਗੋਲੀਕਾਂਡ ਵਰਗੀਆਂ ਘਟਨਾਵਾਂ ‘ਚ ਦੋਸ਼ੀਆਂ ਨੂੰ ਕੜੀ ਤੋਂ ਕੜੀ ਸਜ਼ਾ ਮਿਲਣੀ ਚਾਹੀਦੀ ਹੈ ਅਤੇ ਪੀੜਤਾਂ ਨੂੰ ਜਲਦ ਇਨਸਾਫ ਮਿਲਣਾ ਲਾਜ਼ਮੀ ਹੈ।

## ਰਾਮਾਨੁਜ ਪ੍ਰਸਾਦ ਨੇ ਪੀਐਨਬੀ ਜ਼ੋਨਲ ਮੈਨੇਜਰ, ਲੁਧਿਆਣਾ ਵਜੋਂ ਅਹੁਦਾ ਸੰਭਾਲਿਆ



ਲੁਧਿਆਣਾ, 13 ਅਪ੍ਰੈਲ (ਚ.ਨ.ਸ.): ਜਨਤਕ ਖੇਤਰ ਦੇ ਬੈਂਕਾਂ ਵਿੱਚ ਮੋਹਰੀ ਪੰਜਾਬ ਨੈਸ਼ਨਲ ਬੈਂਕ (ਪੀਐਨਬੀ) ਦੇ ਜ਼ੋਨਲ ਮੈਨੇਜਰ ਦਾ ਰਾਮਾਨੁਜ ਪ੍ਰਸਾਦ ਨੇ ਵਜੋਂ ਅਹੁਦਾ ਸੰਭਾਲ ਲਿਆ ਹੈ। ਲੁਧਿਆਣਾ ਦੇ ਜ਼ੋਨਲ ਦਫ਼ਤਰ ਪਹੁੰਚਣ ’ਤੇ, ਡਿਪਟੀ ਜ਼ੋਨਲ ਮੈਨੇਜਰ ਸੰਜੀਵ ਕਪੂਰ ਅਤੇ ਰਾਜਿੰਦਰ ਮੋਹਨ ਸ਼ਰਮਾ ਨੇ ਉਨ੍ਹਾਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਆਪਣਾ ਬੈਂਕਿੰਗ ਕਰੀਅਰ ਮੱਧ ਪ੍ਰਦੇਸ਼ ਦੇ ਸਤਨਾ ਵਿੱਚ ਇੱਕ ਕਲਰਕ ਵਜੋਂ ਸ਼ੁਰੂ ਕੀਤਾ ਸੀ। ਆਪਣੀ ਮੌਜੂਦਾ ਜ਼ਿੰਮੇਵਾਰੀ ਤੋਂ ਪਹਿਲਾਂ, ਉਹ ਸੂਰਤ ਵਿੱਚ ਸਰਕਲ ਮੁਖੀ ਵਜੋਂ ਸੇਵਾ ਨਿਭਾ ਰਹੇ ਸਨ। ਰਾਮਾਨੁਜ ਪ੍ਰਸਾਦ ਨੇ ਦੱਸਿਆ ਕਿ ਉਨ੍ਹਾਂ ਦੇ ਜ਼ੋਨ ਵਿੱਚ ਛੇ ਸਰਕਲ ਦਫ਼ਤਰ ਹਨ-ਜਿਨ੍ਹਾਂ ਵਿੱਚ ਲੁਧਿਆਣਾ, ਮੋਹਾਲੀ, ਪਟਿਆਲਾ, ਬਠਿੰਡਾ, ਫਾਜ਼ਿਲਕਾ ਤੇ ਮੋਗਾ ਸ਼ਾਮਲ ਹਨ ਇਨ੍ਹਾਂ ਵਿੱਚ 484 ਸ਼ਾਖਾਵਾਂ ਦਾ ਨੈੱਟਵਰਕ ਹੈ ਜੋ ਸਮੂਹਿਕ ਤੌਰ ’ਤੇ 93,000 ਕਰੋੜ ਦੇ ਕਾਰੋਬਾਰ ਨੂੰ ਸੰਭਾਲਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬੈਂਕ ਦੀਆਂ ਵੱਖ-ਵੱਖ ਯੋਜਨਾਵਾਂ ਨੂੰ ਗਾਹਕਾਂ ਤੱਕ ਪਹੁੰਚਾ ਕੇ ਤੇ ਸਭ ਤੋਂ ਵਧੀਆ ਸੰਭਵ ਸੇਵਾ ਦੀ ਸਪੁਰਦਗੀ ਨੂੰ ਯਕੀਨੀ ਬਣਾ ਕੇ ਕਾਰੋਬਾਰੀ ਵਿਕਾਸ ਨੂੰ ਵਧਾਉਣਾ ਹੈ।

## ਭਾਈ ਮਨੀ ਸਿੰਘ ਨਗਰ ਨਿਵਾਸੀਆਂ ਦਾ ਵਫ਼ਦ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਨੂੰ ਮਿਲਿਆ

ਬਰਨਾਲਾ, 13 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਵੈੱਲਫੇਅਰ ਐਸੋਸੀਏਸ਼ਨ, ਭਾਈ ਮਨੀ ਸਿੰਘ ਨਗਰ ਬਰਨਾਲਾ ਦਾ ਇੱਕ ਵਫ਼ਦ ਨਗਰ ਸੁਧਾਰ ਟਰੱਸਟ ਬਰਨਾਲਾ ਦੇ ਚੇਅਰਮੈਨ ਰਾਮ ਤੀਰਥ ਮੰਨਾ ਨੂੰ ਮਿਲਿਆ । ਇਸ ਮੌਕੇ ਭਾਈ ਮਨੀ ਸਿੰਘ ਨਗਰ ਵਿਖੇ ਪਾਣੀ ਦੀ ਕਿਲਤ ਨੂੰ ਮੱਦੇ ਨਜ਼ਰ ਰੱਖਦੇ ਹੋਏ ਟਿਊਬਵੈੱਲ ਅਤੇ ਪਾਣੀ ਦੀਆ ਨਵੀਆਂ ਪਾਈਪਾਂ ਪਾਉਣ ਸਬੰਧੀ ਜ਼ੋਰਦਾਰ ਮੰਗ ਕੀਤੀ ਗਈ, ਕਲੋਨੀ ਵਿਚ ਗੈਰ ਕਾਨੂੰਨੀ ਮੀਟ ਤੇ ਸ਼ਰਾਬ ਦੀਆਂ ਰੇਹੜੀਆ ਨੂੰ ਹਟਾਇਆ ਜਾਵੇ ਤਾਂ ਜੋ ਕਲੋਨੀ ਨਿਵਾਸੀ ਮਹਿਲਾਵਾਂ/ਬੱਚੇ ਆਜ਼ਾਦੀ ਨਾਲ ਘੁੰਮ ਫਿਰ ਸਕਣ, ਇਨ੍ਹਾਂ ਮੀਟ ਦੀਆ ਦੁਕਾਨਾਂ ਕਰਕੇ ਕੁਤਿਆਂ ਦੀ ਭਰਮਾਰ ਹੱਦ ਤੋਂ ਵੱਧ ਹੋ ਗਈ ਹੈ। ਕ੍ਰਿਪਾ ਕਰਕੇ ਇਹ ਕੁਤਿਆਂ ਦਾ ਢੁਕਵਾਂ ਪ੍ਰਬੰਧ ਕੀਤਾ ਜਾਵੇ, ਕਲੋਨੀ ਵਿਚ ਬਣੇ ਦੋਵਾਂ ਪਾਰਕਾਂ ਵਿਚ ਲਾਈਟਾਂ ਅਤੇ ਰੱਖ ਰੱਖਾਵ ਦਾ ਸਹੀ ਪ੍ਰਬੰਧ ਕੀਤਾ ਜਾਵੇ, ਕਲੋਨੀ ਦੇ ਅੱਗੇ ਗੇਟ ਲਗਾਉਣ ਸਬੰਧੀ ਜਲਦੀ ਤੋਂ ਜਲਦੀ ਪ੍ਰਬੰਧ ਕੀਤਾ ਜਾਵੇ। ਮੇਨ ਰੋਡ ਤੋਂ ਕਲੋਨੀ ਵਿਚ ਜਾਂਦੀਆ ਸਬ ਸਟਰੀਟਾਂ ਨੀਵੀਆਂ ਹੋਣ ਕਰਕੇ ਬਰਸਾਤ ਤੇ ਸੀਵਰੇਜ਼ ਦਾ ਪਾਣੀ ਗਲੀਆਂ ਵਿਚ ਚਲਾ ਜਾਂਦਾ ਹੈ, ਜਿਨ੍ਹਾਂ ਨੂੰ ਉਚਾ ਕੀਤਾ ਜਾਵੇ । ਚੇਅਰਮੈਨ ਰਾਮ ਤੀਰਥ ਮੰਨਾ ਨੇ ਵਫ਼ਦ ਨੂੰ ਧਿਆਨ ਨਾਲ ਸੁਣਿਆ ਅਤੇ ਵਿਸ਼ਵਾਸ਼ ਦੁਆਇਆ ਕਿ ਉਹ ਮੰਗ ਪੱਤਰ ਚ ਦਰਜ਼ ਮੰਗਾਂ ਨੂੰ ਜਲਟੀ ਤੋਂ ਜਲਦੀ ਪੂਰਾ ਕਰਵਾਉਣਗੇ। ਇਸ ਮੌਕੇ ਲਲਿਤ ਗਰਗ, ਕੇਵਲ ਵੀਨਸ, ਬਲਦੇਵ ਆਹਲੂਵਾਲੀਆ, ਐਸ ਐਲ ਕਟਾਰੀਆ, ਡਾਕਟਰ ਹਰਬਿੰਦਰ, ਵਾਸਦੇਵ, ਰਾਕੇਸ਼ ਮਹਿਰਾ, ਪੱਪੂ ਕੁਲਫ਼ੀ ਵਾਲੇ, ਗੁਰਨਾਮ ਸਿੰਘ, ਭਗਤ ਸਿੰਘ, ਨਰੇਸ਼ ਲੱਕੀ, ਰਾਜ ਕੁਮਾਰ, ਰਮੇਸ਼ ਕੁਮਾਰ ਆਦਿ ਹਾਜ਼ਰ ਸਨ।

## ਗੈਂਗਸਟਰਾਂ ’ਤੇ ਵਾਰ ਦੇ 83ਵੇਂ ਦਿਨ 475 ਥਾਵਾਂ ’ਤੇ ਛਾਪੇਮਾਰੀ ਦੌਰਾਨ 223 ਕਾਬੂ

ਚੰਡੀਗੜ੍ਹ, 13 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ ’ਗੈਂਗਸਟਰਾਂ ਤੇ ਵਾਰ’ ਮੁਹਿੰਮ ਦੇ 83ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 475 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ ਗੈਂਗਸਟਰਾਂ ਤੇ ਵਾਰ- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

83ਵੇਂ ਦਿਨ, ਪੁਲਿਸ ਟੀਮਾਂ ਨੇ ਦੋ ਹਥਿਆਰ ਬਰਾਮਦ ਕਰਨ ਤੋਂ ਬਾਅਦ 223 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 20,843 ਹੋ ਗਈਆਂ। ਇਸ ਤੋਂ ਇਲਾਵਾ 78 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 81 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 5 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਨੂੰ 408ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 97 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 8.3 ਕਿਲੋ ਹੈਰੋਇਨ, 5528 ਨਸ਼ੀਲੀਆਂ ਗੋਲੀਆਂ/ ਕੈਪਸੂਲ ਅਤੇ 9300 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਨਾਲ ਸਿਰਫ 408 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 58,630 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 23 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।





# ਪਟਿਆਲਾ-ਆਸ/ਪਾਸ



# ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਸ਼ਹਿਰ ਨੂੰ 100 ਬੈਂਚ ਤੇ 200 ਟ੍ਰੀ-ਗਾਰਡ ਸਮਰਪਿਤ

### ➢ਵਿਸਾਖੀ ਅਤੇ ਬਹਾਵਲਪੁਰੀ ਦਿਵਸ ਮੌਕੇ ਮਿੰਨੀ ਟਰੱਕਾਂ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

ਪਟਿਆਲਾ, 13 ਅਪ੍ਰੈਲ (ਗੁਰਮੁੱਖ ਰੁਪਾਣਾ) : ਜ਼ਿਲ੍ਹਾ ਯੋਜਨਾ ਕਮੇਟੀ ਪਟਿਆਲਾ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਵੱਲੋਂ ਵਿਸਾਖੀ ਅਤੇ ਬਹਾਵਲਪੁਰੀ ਦਿਵਸ ਦੇ ਪਾਵਨ ਮੌਕੇ 'ਤੇ ਸ਼ਹਿਰ ਵਾਸੀਆਂ ਨੂੰ ਇੱਕ ਮਹੱਤਵਪੂਰਨ ਤੋਹਫ਼ਾ ਦਿੱਤਾ ਗਿਆ। ਉਨ੍ਹਾਂ ਵੱਲੋਂ 100 ਬੈਂਚ ਅਤੇ 200 ਟ੍ਰੀ ਗਾਰਡ ਸ਼ਹਿਰ ਨੂੰ ਸਮਰਪਿਤ ਕੀਤੇ ਗਏ, ਜੋ ਜਲਦ ਹੀ ਸ਼ਹਿਰ ਦੇ ਵੱਖ-ਵੱਖ ਜਨਤਕ ਸਥਾਨਾਂ 'ਤੇ ਲਗਾਏ ਜਾਣਗੇ। ਇਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਦਫ਼ਤਰ ਵਿਖੇ ਸ਼੍ਰੀ ਮਹਿਤਾ ਨੇ ਹਰੀ ਝੰਡੀ ਦਿਖਾ ਕੇ ਬੈਂਚਾਂ ਅਤੇ ਟ੍ਰੀ ਗਾਰਡਾਂ ਨਾਲ ਭਰੇ ਮਿੰਨੀ ਟਰੱਕਾਂ ਨੂੰ ਰਵਾਨਾ ਕੀਤਾ। ਪ੍ਰੈਸ ਨਾਲ ਗੱਲਬਾਤ ਕਰਦਿਆਂ ਮਹਿਤਾ ਨੇ ਕਿਹਾ ਕਿ ਇਹ ਉਪਰਾਲਾ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਅਤੇ ਵਾਤਾਵਰਣ ਦੀ




ਸੁਰੱਖਿਆ ਨੂੰ ਮੱਦੇਨਜ਼ਰ ਰੱਖ ਕੇ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਪਾਰਕਾਂ, ਬੱਸ ਸਟਾਪਾਂ, ਬਾਜ਼ਾਰਾਂ ਅਤੇ ਹੋਰ ਲੋੜੀਂਦੇ ਇਲਾਕਿਆਂ ਵਿੱਚ ਬੈਂਚ ਲਗਾਉਣ ਨਾਲ ਬਜ਼ੁਰਗਾਂ, ਮਹਿਲਾਵਾਂ ਅਤੇ ਆਮ ਨਾਗਰਿਕਾਂ ਨੂੰ ਵੱਡੀ ਸਹੂਲਤ ਮਿਲੇਗੀ। ਇਸਦੇ ਨਾਲ ਹੀ ਟ੍ਰੀ ਗਾਰਡ ਲਗਾਉਣ ਨਾਲ ਨਵੇਂ ਲਗਾਏ ਜਾ ਰਹੇ ਅਤੇ ਮੌਜੂਦਾ ਰੁੱਖਾਂ ਦੀ ਰੱਖਿਆ ਯਕੀਨੀ ਬਣੇਗੀ, ਜਿਸ ਨਾਲ ਸ਼ਹਿਰ ਵਿੱਚ ਹਰਿਆਵਲੀ ਵਧੇਗੀ ਅਤੇ ਵਾਤਾਵਰਨ ਸੁਧਰੇਗਾ। ਉਨ੍ਹਾਂ ਹੋਰ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਹਰ ਸ਼ਹਿਰ ਅਤੇ ਪਿੰਡ ਵਿੱਚ ਵਿਕਾਸ ਦੇ ਨਵੇਂ ਮਾਪਦੰਡ ਸਥਾਪਿਤ ਕਰਨ ਲਈ ਵਚਨਬੱਧ ਹੈ। ਇਸ ਮੌਕੇ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਮੈਂਬਰ ਅੰਗਰੇਜ਼ ਸਿੰਘ ਰਾਮਗੜ੍ਹ, ਪਾਰਟੀ ਦੇ ਜ਼ਿਲ੍ਹਾ ਮੀਡੀਆ ਇੰਚਾਰਜ ਰਵਿੰਦਰ ਪਾਲ ਸਿੰਘ ਪ੍ਰਿੰਸ ਲਾਂਬਾ, ਜ਼ਿਲ੍ਹਾ ਮੀਡੀਆ ਸਕੱਤਰ ਗੱਜਣ ਸਿੰਘ, ਜਿਲ੍ਹਾ ਸੋਸ਼ਲ ਮੀਡੀਆ ਇੰਚਾਰਜ ਸੁਮਿਤ ਤਕੇਜਾ, ਟ੍ਰੇਡ ਕਮਿਸ਼ਨ ਪਟਿਆਲਾ ਦੇ ਮੈਂਬਰ ਨਿਰਮਲ ਝਨੇੜੀ, ਯੂਥ ਆਗੂ ਸੁਰਿੰਦਰ ਨਿੱਕੂ ਸਮੇਤ ਹੋਰ ਆਗੂ ਅਤੇ ਵਰਕਰ ਵੀ ਮੌਜੂਦ ਸਨ।

# ਮੰਡੀਆਂ 'ਚ ਕੀਤੇ ਪੁਖਤਾ ਪ੍ਰਬੰਧ, ਨਹੀਂ ਆਉਣ ਦਿੱਤੀ ਜਾਵੇਗੀ ਕੋਈ ਸਮੱਸਿਆ : ਬਰਸਟ

### ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਵੱਖ-ਵੱਖ ਖਰੀਦ ਕੇਂਦਰਾਂ ਦਾ ਕੀਤਾ ਦੌਰਾ

ਸਮਾਣਾ, 13 ਅਪ੍ਰੈਲ (ਵਿਜੇ ਕੁਮਾਰ/ਸੁਖਜਿੰਦਰ ਕੁਲਾਰਾਂ/ਜਵੰਦਾ) ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਹਲਕਾ ਸਮਾਣਾ ਅਧੀਨ ਪੈਂਦੇ ਵੱਖ-ਵੱਖ ਖਰੀਦ ਕੇਂਦਰਾਂ ਦਾ ਦੌਰਾ ਕੀਤਾ ਗਿਆ ਅਤੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ। ਇਸ ਦੌਰਾਨ ਸ. ਬਰਸਟ ਨੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਤਸੱਲੀ ਪ੍ਰਗਟ ਕੀਤੀ। ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵੱਲੋਂ ਅੱਜ ਖਰੀਦ ਕੇਂਦਰ ਕਰਹਾਲੀ ਸਾਹਿਬ, ਡਰੌਲਾ ਅਤੇ ਡਰੋਲੀ ਦਾ ਦੌਰਾ ਕੀਤਾ ਗਿਆ ਅਤੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ। ਸ. ਬਰਸਟ ਨੇ ਕਣਕ ਦੀ ਖਰੀਦ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਪੁਖਤਾ ਪ੍ਰਬੰਧ ਹੋਣ 'ਤੇ ਤਸੱਲੀ ਪ੍ਰਗਟ ਕੀਤੀ। ਇਸ ਦੌਰਾਨ ਚੇਅਰਮੈਨ ਵੱਲੋਂ ਕਿਸਾਨਾਂ, ਆੜ੍ਹਤੀਆਂ ਅਤੇ ਮਜਦੂਰਾਂ ਨਾਲ ਵੀ ਗੱਲਬਾਤ ਕੀਤੀ ਗਈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ,



ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਸਮੂਹ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਪ੍ਰਕ੍ਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਹਾੜ੍ਹੀ ਸੀਜਨ 2026-27 ਦੀ ਸ਼ੁਰੂਆਤ 1 ਅਪ੍ਰੈਲ ਤੋਂ ਹੋ ਗਈ ਹੈ। ਇਸਦੇ ਲਈ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਵਾਲੇ ਪਾਣੀ, ਬਾਥਰੂਮਾਂ, ਛਾਂ, ਬੈਠਣ ਆਦਿ ਦੇ ਪ੍ਰਬੰਧ ਕੀਤੇ ਗਏ ਹਨ। ਪੰਜਾਬ ਮੰਡੀ ਬੋਰਡ ਵੱਲੋਂ ਕਣਕ ਦੀ ਸਰਕਾਰੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਇਸਦੇ ਨਾਲ ਹੀ ਸੀਜਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਆਰਜੀ ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ। ਉਨ੍ਹਾਂ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਿਹਾ ਕਿ ਉਹ ਪੂਰੀ ਤਨਦੇਹੀ ਨਾਲ ਕਣਕ ਦੇ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ, ਤਾਂ ਜੋ ਕਿਸਾਨ ਬਿਨਾਂ ਕਿਸੇ ਔਕੜ ਤੋਂ ਖੁਸ਼ੀ - ਖੁਸ਼ੀ ਆਪਣੀ ਫਸਲ ਨੂੰ ਵੇਚ ਕੇ ਘਰ ਜਾ ਸਕਣ। ਇਸ ਮੌਕੇ ਜਸਬੀਰ ਸਿੰਘ ਮੈਂਬਰ ਜ਼ਿਲ੍ਹਾ ਪਰਿਸ਼ਦ, ਦਰਬਾਰਾ ਸਿੰਘ ਮੈਂਬਰ ਬਲਾਕ ਸਮੰਤੀ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਤੇਜਿੰਦਰ ਕੁਮਾਰ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਸਮਾਣਾ, ਤੇਜਿੰਦਰ ਸਿੰਘ ਘੁਮਾਣ, ਹਰਪਾਲ ਸਿੰਘ, ਹਰਸੇਵਕ ਸਿੰਘ, ਗੁਰਮੀਤ ਨੰਬਰਦਾਰ, ਮਹਿੰਦਰ ਸਿੰਘ ਨੰਬਰਦਾਰ, ਜਸਪਾਲ ਸਿੰਘ ਬੀਬੀਪੁਰ, ਗੁਰਪਿਆਰ ਸਿੰਘ ਨਵਾਂ ਗਾਉਂ, ਅਵਤਾਰ ਸਿੰਘ ਖੇੜਕੀ, ਬਲਕਾਰ ਸਿੰਘ ਖੇੜਕੀ, ਦਿਲਬਾਗ ਸਿੰਘ ਖੇੜਕੀ, ਭੋਲਾ ਸਿੰਘ ਖੇੜਕੀ, ਸੇਵਕ ਮਾਨ ਚੁਹੜਪੁਰ ਜੱਟਾਂ, ਅਗਿਆਕਾਰ ਸਿੰਘ ਕਰਹਾਲੀ, ਸੁਮਨ ਮਹਿਰਾ, ਗੁਰਧਿਆਨ ਸਿੰਘ, ਜੰਗ ਸਿੰਘ, ਧਰਮਪਾਲ ਸਿੰਘ, ਪਰਮਜੀਤ ਸਿੰਘ ਡਰੋਲੀ, ਮਨਦੀਪ ਸਿੰਘ ਡਰੋਲੀ, ਅੰਗ੍ਰੇਜ ਰਾਮਗੜ੍ਹ, ਅਸਲਮ ਮੁਹੰਮਦ ਜਿਲ੍ਹਾ ਮੰਡੀ ਅਫ਼ਸਰ, ਅਸ਼ੋਕ ਕੁਮਾਰ ਸਕੱਤਰ ਮਾਰਕਿਟ ਕਮੇਟੀ, ਪੁਨੀਤ ਸਿੰਗਲਾ, ਰਾਜ ਕੁਮਾਰ, ਚਰਨਦਾਸ, ਸ਼ਿਵ ਰਾਮ, ਦਿੱਪੀ ਗਰਗ, ਮੋਹਨ ਲਾਲ, ਗੁਰਸੇਵਕ ਸਿੰਘ, ਤਰਜਿੰਦਰ ਸਿੰਘ ਘੁਮਾਣ, ਅਜੇ ਗੋਇਲ, ਪਰਮਜੀਤ ਸਿੰਘ, ਮਨਦੀਪ ਸਿੰਘ, ਸੁਰਜੀਤ ਸਿੰਘ ਪੰਚ, ਸ਼ਿਵ ਰਾਮ ਆੜ੍ਹਤੀ ਕਰਹਾਲੀ ਸਾਹਿਬ, ਕਰਨੈਲ ਸਿੰਘ, ਨਰਿੰਦਰ ਸਿੰਗਲਾ ਪੰਮੀ, ਜਸਵੰਤ ਸਿੰਘ, ਜੋਗਿੰਦਰ ਸਿੰਘ, ਪਾਲਾ ਸਿੰਘ ਡਰੋਲਾ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## 12 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 13 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਬਖ਼ਸ਼ੀਵਾਲਾ ਪੁਲਿਸ ਨੇ ਕਥਿਤ ਦੋਸ਼ੀਆਂ ਬੇਅੰਤ ਕੌਰ, ਗੁਰਮੀਤ ਕੌਰ ਵਾਸੀ ਪਿੰਡ ਕਲਿਆਨ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਬਲਵਿੰਦਰ ਸਿੰਘ ਸਮੇਤ ਪੁਲਿਸ ਇਲਾਕਾ ਗਸ਼ਤ ਮੌਜੂਦ ਸੀ, ਜੋ ਮੁਖਬਰ ਦੀ ਇਤਲਾਹ ਪਰ ਚੈਹਿਲ ਪੈਲਸ ਪਾਸ ਨਾਕਾਬੰਦੀ ਕਰਕੇ ਦੋਸ਼ਣਾਂ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 12 ਬੋਤਲਾਂ ਸ਼ਰਾਬ ਠੇਕਾ ਦੇਸੀ ਮੋਟਾ ਸੰਤਰਾ ਪੰਜਾਬ ਦੀਆ ਬ੍ਰਾਮਦ ਹੋਈਆਂ।

## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਬਿਨਾਂਹੇੜੀ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ

ਨਾਭਾ, 13 ਅਪ੍ਰੈਲ (ਗੁਰਚਰਨ ਸਿੰਘ ਚੌਧਰੀ ਮਾਜਰਾ) : ਗੁਰੂ ਗੋਬਿੰਦ



ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਿਨਾਂਹੇੜੀ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ ਗਿਆ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਪੰਜਾਬ ਦਾ ਪ੍ਰਸਿੱਧ ਤਿਉਹਾਰ ਵਿਸਾਖੀ ਬੜੀ ਧੂਮਧਾਮ ਨਾਲ ਮਨਾਇਆ ਗਿਆ, ਜਿਸ ਦੌਰਾਨ ਸਕੂਲ ਵਿੱਚ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਵੇਂ ਫੈਂਸੀ ਡਰੈਸ ਮੁਕਾਬਲਾ, ਸੁੰਦਰ ਲਿਖਾਈ ਮੁਕਾਬਲਾ ,ਪੰਜਾਬ ਲੋਕ ਨਾਚ ਅਤੇ ਦਸਤਾਰ ਸਜਾਓ ਮੁਕਾਬਲਾ ਕਰਾਇਆ ਗਿਆ, ਸਾਰੀਆਂ ਜਮਾਤਾਂ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ ਗਿਆ, ਸਕੂਲ ਡਾਇਰੈਕਟਰ ਭੁਪਿੰਦਰ ਸਿੰਘ ਚੱਡਾ ਅਤੇ ਪ੍ਰਿੰਸੀਪਲ ਸਤਵਿੰਦਰ ਪ੍ਰੀਤ ਵੱਲੋਂ ਸਮੂਹ ਸਟਾਫ ਅਤੇ ਬੱਚਿਆਂ ਨੂੰ ਤਿਉਹਾਰ ਦੀ ਵਧਾਈ ਦਿੱਤੀ।

# ਪਟਿਆਲਾ ਐਸੋਸੀਏਸ਼ਨ ਆਫ ਡੈਫ ਨੇ ਵਿਸਾਖੀ ਦਾ ਤਿਉਹਾਰ ਮਨਾਇਆ

### ਵਿਧਾਇਕ ਦੇਵ ਮਾਨ, ਮੇਅਰ ਗੋਗੀਆ ਤੋਂ ਇਲਾਵਾ ਨਾਮੀ ਸ਼ਖ਼ਸੀਅਤਾਂ ਵੱਲੋਂ ਸ਼ਿਰਕਤ




ਪਟਿਆਲਾ, 13 ਅਪ੍ਰੈਲ (ਅਮਰਜੀਤ ਸਿੰਘ) : ਪਟਿਆਲਾ ਐਸੋਸੀਏਸ਼ਨ ਆਫ ਡੈਫ ਵੱਲੋਂ ਸੈਕਿੰਡ ਪੰਜਾਬ ਡੈਫ ਵਿਸਾਖੀ ਫੈਸਟੀਵਲ ਮਨਾਇਆ ਗਿਆ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਆਪਣੀ ਕਲਾ ਲੈ ਕੇ ਇਸ ਪ੍ਰੋਗਰਾਮ ਵਿੱਚ ਪਹੁੰਚੇ ਡੈਫ ਕਮਿਊਨਿਟੀ ਦੇ ਲੋਕ ਇਸ ਪ੍ਰੋਗਰਾਮ ਵਿੱਚ ਕਾਫੀ ਸਾਰੀਆਂ ਹੱਥੀਂ ਬਣੀਆਂ ਚੀਜ਼ਾਂ ਅਤੇ ਪੰਜਾਬ ਦੇ ਵਿਰਸੇ ਨੂੰ ਦਰਸਾਇਆ ਗਿਆ। ਇਸ ਪ੍ਰੋਗਰਾਮ ਵਿੱਚ ਵਿਸ਼ੇਸ਼ ਮਹਿਮਾਨ ਵੱਜੋਂ ਐਮਐਲਏ ਗੁਰਦੇਵ ਸਿੰਘ ਦੇ ਮਾਨ ਪੀਟੀਸੀ ਨਿਊਜ਼ ਦੇ ਸੀਈਓ ਹਰਪ੍ਰੀਤ ਸਿੰਘ ਸਾਹਨੀ ਅਤੇ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਪਹੁੰਚੇ। ਮੀਡੀਆ ਨਾਲ ਗੱਲਬਾਤ ਕਰਦਿਆਂ ਐਮਐਲਏ ਗੁਰਦੇਵ ਸਿੰਘ ਦੇਵ ਮਾਨ ਨੇ ਦੱਸਿਆ ਕਿ ਦੁਨੀਆਂ ਭਰ ਵਿੱਚ ਹਰ ਇੱਕ ਵਰਗ ਵਿਸਾਖੀ ਦੀ ਖੁਸ਼ੀਆਂ ਅਤੇ ਖਾਲਸਾ ਸਥਾਪਨਾ ਦਿਵਸ ਦੀਆਂ ਖੁਸ਼ੀਆਂ ਮਨਾ ਰਿਹਾ ਹੈ, ਉੱਥੇ ਹੀ ਡੈਫ ਕਮਿਊਨਿਟੀ ਨੇ ਆਪਣੇ ਵਿਲੱਖਣ ਤਰੀਕੇ ਨਾਲ ਇਸ ਫੈਸਟੀਵਲ ਮਨਾਇਆ। ਉਨ੍ਹਾਂ ਨੇ ਦੱਸਿਆ ਕਿ ਇਹਨਾਂ ਲੋਕਾਂ ਨੂੰ ਕਦੀ ਵੀ ਤਰਸ ਦੀ ਭਾਵਨਾ ਨਾਲ ਨਹੀਂ ਦੇਖਣਾ ਚਾਹੀਦਾ, ਵਿਸ਼ੇਸ਼ ਤੌਰ 'ਤੇ ਐਮਐਲਏ ਗੁਰਦੇਵ ਸਿੰਘ ਮਾਨ ਵੱਲੋਂ ਇਕ ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ। ਪੰਜਾਬ ਡੈਫ ਵਿਸਾਖੀ ਫੈਸਟੀਵਲ ਦੇ ਪ੍ਰਬੰਧਕ ਜਗਦੀਪ ਸਿੰਘ ਨੇ ਦੱਸਿਆ ਕਿ ਪੂਰੀ ਦੁਨੀਆ ਤੋਂ ਡੈਫ ਕਮਿਊਨਿਟੀ ਇਸ ਫੈਸਟੀਵਲ ਵਿੱਚ ਸ਼ਾਮਿਲ ਹੋਈ ਹੈ, ਕਿਉਂਕਿ ਸੁਣਨ ਵਾਲੇ ਲੋਕ ਹਰ ਇੱਕ ਚੀਜ਼ ਨੂੰ ਜਾਣ ਲੈਂਦੇ ਹਨ ਪਰ ਡੈਫ ਕਮਿਊਨਿਟੀ ਦੇ ਕਈ ਸਾਰੇ ਅਜਿਹੇ ਵਰਗ ਹਨ, ਜੋ ਸਾਡੇ ਵਿਰਸੇ ਸਾਡੀਆਂ ਪੱਗਾਂ ਤੋਂ ਹਾਲੇ ਜਾਣੂ ਨਹੀਂ ਹੈ, ਜਿਸ ਕਰਕੇ ਇਹ ਖਾਸ ਪ੍ਰੋਗਰਾਮ ਰੱਖਿਆ ਗਿਆ ਹੈ। ਇਸ ਮੌਕੇ ਰਵਿੰਦਰ ਕੌਰ, ਰਣਜੀਤ ਭੱਟੀ, ਅਮਨਪ੍ਰੀਤ ਕੌਰ, ਅਮਿਤ ਨਾਰੰਗ, ਬਿੱਟੂ, ਈਸ਼ਾ ਰਵੇਲ, ਸੋਨਮ ਸ਼ਰਮਾ, ਮਨਜੋਤ ਸਿੰਘ ਤੋਂ ਇਲਾਵਾ ਡੈਫ ਕਮਿਊਨਿਟੀ ਦੇ ਅਹੁਦੇਦਾਰ ਹਾਜ਼ਰ ਸਨ।

# ਬਿੱਲ ਪਾਸ ਹੋਣ ਨਾਲ ਸਿੱਖ ਭਾਈਚਾਰੇ 'ਚ ਖ਼ੁਸ਼ੀ ਦੀ ਲਹਿਰ

ਸਮਾਣਾ, 13 ਅਪ੍ਰੈਲ (ਵਿਜੇ ਕੁਮਾਰ) : ਸਮੂਹ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨ ਦੀ ਮੰਗ ਕਰਨ ਵਾਲੇ ਵਾਲੇ ਭਾਈ ਗੁਰਜੀਤ ਸਿੰਘ ਖ਼ਾਲਸਾ ਦੀ ਮੰਗ ਉਸ ਵੇਲੇ ਪੂਰੀ ਹੋ ਗਈ, ਜਦੋਂ ਸੋਮਵਾਰ ਨੂੰ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੌਰਾਨ ਬੇਅਦਬੀ ਕਰਨ ਵਾਲਿਆਂ ਵਿਰੁੱਧ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸੰਸ਼ੋਧਨ ਐਕਟ 2026 ਸਖ਼ਤ ਕਾਨੂੰਨ ਬਣਾਉਣ ਦਾ ਬਿੱਲ ਪਾਸ ਕਰ ਦਿੱਤਾ ਗਿਆ। ਇਸ ਬਿੱਲ ਦੇ ਪਾਸ ਹੋਣ ਦੀ ਖ਼ਬਰ ਮੀਡੀਆ ਰਾਹੀਂ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਧਰਨੇ 'ਤੇ ਬੈਠੇ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਮਿਲੀ, ਤਾਂ ਧਰਨੇ ਵਾਲਾ ਸਾਰਾ ਪੰਡਾਲ ਸੋ ਨਿਹਾਲ, ਸਤਿ ਸ੍ਰੀ ਅਕਾਲ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਟਾਵਰ ਮੋਰਚਾ ਸੰਚਾਲਨ ਸੰਘਰਸ਼ ਕਮੇਟੀ ਦੇ ਮੈਂਬਰ ਤਲਵਿੰਦਰ ਸਿੰਘ ਔਲਖ, ਐਮੀਜੋਤ ਮਾਨ ਅਤੇ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਅਸੀਂ ਵਿਧਾਨ ਸਭਾ ਦੇ ਸਪੀਕਰ ਸ: ਕੁਲਤਾਰ ਸਿੰਘ ਸੰਧਵਾਂ ਨੂੰ ਪਿਛਲੇ ਦਿਨੀਂ 'ਧਰਮ ਯੁੱਧ ਮੋਰਚਾ ਕਮੇਟੀ' ਵੱਲੋਂ ਜੋ ਮੰਗ ਪੱਤਰ ਦਿੱਤਾ ਸੀ, ਉਸ ਵਿੱਚ ਲਿਖੀਆਂ ਸਾਡੀਆਂ

### ਸਮਾਣਾ ਦਾ ਬਾਬਾ ਬੰਦਾ ਸਿੰਘ ਬਹਾਦਰ ਚੌਕ 'ਬੋਲੇ ਸੋ ਨਿਹਾਲ' ਦੇ ਜੈਕਾਰਿਆਂ ਨਾਲ ਗੂੰਜਿਆ




ਸਾਰੀਆਂ ਮੰਗਾਂ ਤਕਰੀਬਨ ਪੰਜਾਬ ਸਰਕਾਰ ਨੇ ਪੂਰੀਆਂ ਕਰ ਦਿੱਤੀਆਂ ਹਨ। ਉਹਨਾਂ ਵਿੱਚੋਂ ਸਿਰਫ਼ ਨੋਟੀਫਿਕੇਸ਼ਨ ਅਤੇ ਫਾਸਟ ਟਰੈਕ ਅਦਾਲਤਾਂ ਦੀ ਗੱਲ 'ਤੇ ਅਜੇ ਤੱਕ ਕੋਈ ਫ਼ੈਸਲਾ ਨਹੀਂ ਹੋ ਸਕਿਆ। ਉਹਨਾਂ ਇਹ ਵੀ ਦੱਸਿਆ ਕਿ ਸੋਮਵਾਰ ਨੂੰ ਵਿਧਾਨ ਸਭਾ ਵਿੱਚ ਸਖ਼ਤ ਕਾਨੂੰਨ ਬਣਾਉਣ ਲਈ ਜੋ ਕਾਰਵਾਈ ਕੀਤੀ ਗਈ ਹੈ, ਉਸ 'ਤੇ ਪਿਛਲੇ 570 ਦਿਨਾਂ ਤੋਂ 400 ਫੁੱਟ ਉੱਚੇ ਟਾਵਰ 'ਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੇ ਵੀ ਆਪਣੀ ਸਹਿਮਤੀ ਜਤਾਈ ਹੈ, ਜਿਸ ਦਿਨ ਵਿਧਾਨ ਸਭਾ ਦੇ ਸਪੀਕਰ ਸਰਦਾਰ ਸੰਧਵਾਂ ਸਾਡੇ ਕੋਲ ਸਖ਼ਤ ਕਾਨੂੰਨ ਲਾਗੂ ਕਰਨ ਵਾਲੀਆਂ ਕਾਪੀਆਂ ਲੈ ਕੇ ਆਉਣਗੇ, ਉਸ ਦਿਨ ਤੋਂ ਬਾਅਦ ਹੀ ਅਸੀਂ ਵਿਚਾਰ ਕਰਾਂਗੇ ਕਿ ਭਾਈ ਗੁਰਜੀਤ ਸਿੰਘ ਖ਼ਾਲਸਾ ਨੂੰ ਕਿਸ ਦਿਨ ਅਤੇ ਕਿਵੇਂ ਟਾਵਰ ਤੋਂ ਹੇਠਾਂ ਉਤਾਰਨਾ ਹੈ। ਉਹਨਾਂ ਵਿਧਾਨ ਸਭਾ ਵਿੱਚ ਕਾਨੂੰਨ ਪਾਸ ਕਰਨ ਸਮੇਂ ਜੋ ਭੂਮਿਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਰਕਾਰ ਨਾਲ ਸਹਿਮਤੀ ਨਾ ਬਣਨ ਵਾਲਾ ਬਿਆਨ ਦੇ ਕੇ ਜੋ ਰਾਜਨੀਤੀ ਕੀਤੀ ਹੈ ਉਹ ਮੰਦਭਾਗਾ ਹੈ, ਜਿਸ ਦੀ ਧਰਮ ਯੁੱਧ ਮੋਰਚਾ ਕਮੇਟੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ।

## ਟੈਗੋਰ ਇੰਟਰਨੈਸ਼ਨਲ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



ਦੇਵੀਗੜ੍ਹ, 13 ਅਪ੍ਰੈਲ (ਗੁਰਜੀਤ ਸਿੰਘ ਢੋਟ) : ਟੈਗੋਰ ਇੰਟਰਨੈਸ਼ਨਲ ਸਕੂਲ ਵਿਖੇ ਵਿਸਾਖੀ ਦਾ ਪਾਵਨ ਤਿਉਹਾਰ ਬੜੇ ਉਤਸ਼ਾਹ ਅਤੇ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਵਿਦਿਆਰਥੀਆਂ ਨੂੰ ਵਿਸਾਖੀ ਦੀ ਧਾਰਮਿਕ, ਸੰਸਕ੍ਰਿਤ ਅਤੇ ਇਤਿਹਾਸਕ ਮਹੱਤਤਾ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਖਾਲਸਾ ਪੰਥ ਦੀ ਸਾਜਨਾ ਅਤੇ ਇਸ ਦੇ ਮੂਲ ਸਿਧਾਂਤਾਂ ਬਾਰੇ ਦੱਸਿਆ ਗਿਆ। ਉਨ੍ਹਾਂ ਨੂੰ ਜਾਣਕਾਰੀ ਦਿੱਤੀ ਗਈ ਕਿ 1699 ਵਿੱਚ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖਾਲਸਾ ਪੰਥ ਦੀ ਸਥਾਪਨਾ ਕਰਕੇ ਸਿੱਖ ਕੌਮ ਨੂੰ ਇੱਕ ਨਵੀਂ ਪਹਿਚਾਣ ਅਤੇ ਸ਼ਕਤੀ ਪ੍ਰਦਾਨ ਕੀਤੀ ਗਈ। ਇਸ ਮੌਕੇ ਸਕੂਲ ਦੇ ਡਾਇਰੈਕਟਰ ਗੌਰਵ ਗੁਲਾਟੀ, ਪ੍ਰਧਾਨ ਸ਼੍ਰੀਮਤੀ ਸਲੋਨੀ ਗੁਲਾਟੀ, ਪ੍ਰਬੰਧਕ ਸੁਸ਼ੀਲ ਮਿਸ਼ਰਾ ਅਤੇ ਪ੍ਰਿੰਸੀਪਲ ਡਾ. ਮੀਨਾਕਸ਼ੀ ਸੂਦ ਹਾਜ਼ਰ ਸਨ।

## ਸੜਕ ਹਾਦਸੇ 'ਚ ਇੱਕ ਦੀ ਮੌਤ, ਦੋ ਜ਼ਖ਼ਮੀ

ਪਟਿਆਲਾ, 13 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਪਸਿਆਣਾ ਪੁਲਿਸ ਕੋਲ ਰਵੀ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਪਿੰਡ ਭਾਨਰੀ ਨੇ ਅਣਪਛਾਤੇ ਟਰੈਕਟਰ ਟਰਾਲੀ ਡਰਾਇਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਦੋਸਤਾਂ ਸਿਮਰਨਜੀਤ ਸਿੰਘ ਅਤੇ ਪ੍ਰਭਜੋਤ ਸਿੰਘ ਨਾਲ ਮੋਟਰਸਾਇਕਲ 'ਤੇ ਸਵਾਰ ਹੋ ਕੇ ਪਿੰਡ ਤਰੈਂ ਪਾਸ ਜਾ ਰਿਹਾ ਸੀ ਤਾ ਅਣਪਛਾਤੇ ਡਰਾਇਵਰ ਨੇ ਆਪਣਾ ਟਰੈਕਟਰ ਟਰਾਲੀ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਵਿੱਚ ਮਾਰਿਆ, ਜੋ ਐਕਸੀਡੈਂਟ ਵਿੱਚ ਸਿਮਰਨਜੀਤ ਸਿੰਘ ਦੀ ਮੌਤ ਹੋ ਗਈ ਅਤੇ ਬਾਕੀਆ ਦੇ ਸੱਟਾਂ ਲੱਗੀਆਂ। ਪੁਲਿਸ ਨੇ ਧਾਰਾ 281,106(1), 324(4) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਸਰਹੰਦ ਫਤਿਹ ਦਿਵਸ ਧੂਮ-ਧਾਮ ਨਾਲ ਮਨਾਵਾਂਗੇ : ਚੇਅਰਮੈਨ ਬਾਵਾ

ਭਾਦਸੋਂ, 13 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਬੈਰਾਗੀ ਬਾਬਾ ਬੰਦਾ ਸਿੰਘ ਬਹਾਦਰ ਨੇ 12 ਮਈ 1710 ਨੂੰ



ਸਰਹੰਦ ਦੀ ਇੱਟ ਨਾਲ ਇੱਟ ਖੜਕਾ ਕੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਾ ਬਦਲਾ ਵਜ਼ੀਦ ਖਾਨ ਨੂੰ ਕਤਲ ਕਰਕੇ ਲਿਆ ਅਤੇ ਸਰਹੰਦ 'ਤੇ ਜਿੱਤ ਦਾ ਝੰਡਾ ਲਹਿਰਾਇਆ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਸਰਕਾਰ ਵੱਲੋਂ ਨਵ ਨਿਯੁਕਤ ਚੇਅਰਮੈਨ ਬੈਰਾਗੀ ਵੈਲਫੇਅਰ ਬੋਰਡ ਜੀ ਨੇ ਕੀਤਾ। ਉਹਨਾਂ ਅੱਗੇ ਕਿਹਾ ਕਿ ਅਜਿਹੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਜੀ ਨੂੰ ਸਾਨੂੰ ਯਾਦ ਕਰਨਾ ਚਾਹੀਦਾ, ਜਿਨ੍ਹਾਂ ਗੁਰੂ ਗੋਬਿੰਦ ਸਿੰਘ ਜੀ ਅਤੇ ਗੁਰੂ ਨਾਨਕ ਦੇਵ ਜੀ ਦੇ ਨਾਮ 'ਤੇ ਸਿੱਕਾ ਜਾਰੀ ਕੀਤਾ ਅਤੇ ਮੁਜਾਰਿਆਂ ਤੋਂ ਕਿਸਾਨਾਂ ਨੂੰ ਜਮੀਨਾਂ ਦੇ ਮਾਲਕ ਬਣਾਇਆ। ਅਜਿਹੇ ਦਿਨ ਸਾਨੂੰ ਸਾਰਿਆਂ ਨੂੰ ਰਲ਼ ਮਿਲ ਕੇ ਮਨਾਉਣੇ ਚਾਹੀਦੇ ਹਨ। ਇਸ ਮੌਕੇ ਮਹੰਤ ਹਰਭਜਨ ਦਾਸ ਪਟਿਆਲਾ ,ਰਜਿੰਦਰ ਰਾਜੀ ਸਾਬਕਾ ਪੁਲਿਸ ਅਫਸਰ, ਰਵਿੰਦਰ ਪਾਲ ਥਾਣੇਦਾਰ , ਜਗਦੀਸ਼ ਬਾਵਾ , ਜਸਵਿੰਦਰ ਸਿੰਘ ਡੀਸੀ ਡਬਲੂ , ਮਹੰਤ ਦਾਰਾ ਦਾਸ ਹੱਲੋ ਤਾਲੀ, ਨਰੇਸ਼ ਬਹਾਦਰਗੜ੍ਹ ਆਦਿ ਹਾਜ਼ਰ ਸਨ।

# 'ਆਪ' ਆਗੂ ਇੰਦਰਜੀਤ ਸਿੰਘ ਸੰਧੂ ਵੱਲੋਂ ਬੇਅਦਬੀ ਸੋਧ ਬਿੱਲ ਦਾ ਸਵਾਗਤ

**ਮੁੱਖ ਮੰਤਰੀ ਮਾਨ ਦੀ ਸੋਚ ਨੂੰ ਦਿੱਤਾ ਸਲਾਮ**

ਦੇਵੀਗੜ੍ਹ/ਸਨੌਰ, 13 ਅਪ੍ਰੈਲ (ਗੁਰਜੀਤ ਢੋਟ/ਪ੍ਰਥਮ ਕੁਮਾਰ) : ਪੰਜਾਬ ਸਰਕਾਰ ਵੱਲੋਂ ਬੇਅਦਬੀ ਰੋਕਣ ਲਈ ਲਿਆਂਦੇ ਗਏ ਸੋਧ ਬਿੱਲ ਨੂੰ ਲੈ ਕੇ ਹਲਕਾ ਸਨੌਰ ਵਿੱਚ ਵੀ ਸਕਾਰਾਤਮਕ ਪ੍ਰਤੀਕਿਰਿਆ ਦੇਖਣ ਨੂੰ ਮਿਲ ਰਹੀ ਹੈ। ਇਸ ਸਬੰਧੀ ਸੀਨੀਅਰ 'ਆਪ' ਆਗੂ ਇੰਦਰਜੀਤ ਸਿੰਘ ਸੰਧੂ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਇਸ ਕਦਮ ਦੀ ਖੁੱਲ੍ਹ ਕੇ ਸ਼ਲਾਘਾ ਕਰਦਿਆਂ ਇਸਨੂੰ ਇਤਿਹਾਸਕ ਅਤੇ ਸ਼ਲਾਘਾਯੋਗ ਫੈਸਲਾ ਕਰਾਰ ਦਿੱਤਾ ਹੈ। ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲੇ ਸਿਰਫ਼ ਧਾਰਮਿਕ ਨਹੀਂ, ਸਗੋਂ ਪੰਜਾਬ ਦੀ ਅਮਨ-ਸ਼ਾਂਤੀ ਅਤੇ ਲੋਕਾਂ ਦੀਆਂ ਭਾਵਨਾਵਾਂ ਨਾਲ ਗਹਿਰਾਈ ਨਾਲ ਜੁੜੇ ਹੋਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਾਸ ਕੀਤਾ ਗਿਆ ਇਹ ਬਿੱਲ ਬੇਅਦਬੀ ਦੇ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਏਗਾ, ਜਿਸ ਨਾਲ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ 'ਤੇ ਰੋਕ ਲੱਗੇਗੀ। ਉਨ੍ਹਾਂ ਨੇ ਦੱਸਿਆ ਕਿ ਇਸ ਬਿੱਲ ਤਹਿਤ ਬੇਅਦਬੀ ਦੇ ਦੋਸ਼ੀਆਂ ਵਿਰੁੱਧ ਗੈਰ-ਜ਼ਮਾਨਤੀ ਗੰਭੀਰ ਧਾਰਾਵਾਂ ਲਗਾਈਆਂ ਜਾਣਗੀਆਂ ਅਤੇ ਦੋਸ਼ੀ ਨੂੰ ਨਾ ਤਾਂ ਛੁੱਟੀਆਂ ਮਿਲਣਗੀਆਂ ਅਤੇ ਨਾ ਹੀ ਪੈਰੋਲ ਦੀ ਸੁਵਿਧਾ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਦੋਸ਼ੀ ਨੂੰ ਉਮਰ ਕੈਦ ਦੀ ਸਜ਼ਾ ਅਤੇ 25 ਲੱਖ ਰੁਪਏ ਤੱਕ ਦਾ ਜ਼ੁਰਮਾਨਾ ਕਰਨ ਦਾ ਪ੍ਰਾਵਧਾਨ ਵੀ ਕੀਤਾ ਗਿਆ ਹੈ, ਜੋ ਇਸ ਕਾਨੂੰਨ ਨੂੰ ਹੋਰ ਵੀ ਕੜਕ ਬਣਾਉਂਦਾ ਹੈ। ਸੰਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਇਹ ਬਿੱਲ ਕਾਨੂੰਨੀ ਮਾਹਿਰਾਂ ਨਾਲ ਵਿਚਾਰ-ਵਟਾਂਦਰੇ ਤੋਂ ਬਾਅਦ ਲਿਆਂਦਾ ਗਿਆ ਹੈ, ਜੋ ਇਸਦੀ ਮਜ਼ਬੂਤੀ ਅਤੇ ਪ੍ਰਭਾਵਸ਼ੀਲਤਾ ਨੂੰ ਦਰਸਾਉਂਦਾ ਹੈ।



ਉਨ੍ਹਾਂ ਕਿਹਾ ਕਿ ਇਹ ਸਟੇਟ ਐਕਟ ਹੈ ਅਤੇ ਇਸਨੂੰ ਰਾਸ਼ਟਰਪਤੀ ਕੋਲ ਭੇਜਣ ਦੀ ਲੋੜ ਨਹੀਂ, ਜਿਸ ਨਾਲ ਇਸਦੀ ਲਾਗੂ ਕਰਨ ਦੀ ਪ੍ਰਕਿਰਿਆ ਹੋਰ ਵੀ ਤੇਜ਼ ਹੋਵੇਗੀ ਅੰਤ ਵਿੱਚ, ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਅਸੀਂ ਭਾਗਾਂ ਵਾਲੇ ਹਾਂ ਕਿ ਸਾਨੂੰ ਅਜਿਹੀ ਪਵਿੱਤਰ ਸੇਵਾ ਦਾ ਹਿੱਸਾ ਬਣਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਸ਼ਲਾਘਾਯੋਗ ਕਦਮ ਨਾਲ ਲੋਕਾਂ ਵਿੱਚ ਵਿਸ਼ਵਾਸ ਵਧੇਗਾ ਅਤੇ ਰਾਜ ਵਿੱਚ ਸ਼ਾਂਤੀ ਅਤੇ ਭਾਈਚਾਰਾ ਹੋਰ ਮਜ਼ਬੂਤ ਹੋਵੇਗਾ।

## ਡਾ. ਬੀ.ਐਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



ਭੁਨਰਹੇੜੀ, 13 ਅਪ੍ਰੈਲ (ਗੁਰਜੀਤ ਸਿੰਘ ਢੋਟ) : ਡਾ. ਬੀ.ਐਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ (ਜੁਲਾਹ ਖੇੜੀ) ਵਿਖੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦਾ ਤਿਉਹਾਰ ਬਹੁਤ ਹੀ ਉਤਸ਼ਾਹ ਅਤੇ ਹਰਸ਼ੋ-ਉੱਲਾਸ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਪੰਜਾਬੀ ਸਭਿਆਚਾਰ ਦੀ ਪੇਸ਼ਕਾਰੀ ਕਰਦਿਆਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਸਕੂਲ ਦੇ ਚੇਅਰਮੈਨ ਹਰਦੀਪ ਸਿੰਘ ਸੰਧੂ ਅਤੇ ਮੈਨੇਜਿੰਗ ਡਾਇਰੈਕਟਰ ਰਜਿੰਦਰ ਕੌਰ ਸੰਧੂ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸਕ ਅਤੇ ਧਾਰਮਿਕ ਮਹੱਤਵ ਬਾਰੇ ਜਾਣੂੰ ਕਰਵਾਇਆ। ਉਨ੍ਹਾਂ ਦੱਸਿਆ ਕਿ ਇਹ ਦਿਨ ਸਾਨੂੰ ਜ਼ੁਲਮ ਵਿਰੁੱਧ ਲੜਨ ਅਤੇ ਮਨੁੱਖਤਾ ਦੀ ਸੇਵਾ ਕਰਨ ਦਾ ਸੰਦੇਸ਼ ਦਿੰਦਾ ਹੈ ਅਤੇ ਬੱਚਿਆਂ ਨੂੰ ਵਿਸਾਖੀ ਦੀ ਵਧਾਈ ਦਿੱਤੀ। ਸਕੂਲ ਦੀ ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਗਿੱਧੇ ਅਤੇ ਭੰਗੜੇ ਦੀ ਸ਼ਲਾਘਾ ਕੀਤੀ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਰਣਜੋਧ ਹਡਾਣਾ ਨੇ ਨਵੇਂ ਖ਼ਰੀਦ ਕੇਂਦਰ 'ਚ ਪਹਿਲੇ ਦਿਨ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ

ਦੇਵੀਗੜ੍ਹ, 13 ਅਪ੍ਰੈਲ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਦੇ ਪਿੰਡ ਹਡਾਣਾ ਵਿਖੇ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਦੇ ਯਤਨਾਂ ਸਦਕਾ 77 ਲੱਖ ਦੀ ਲਾਗਤ ਨਾਲ ਸਾਢੇ ਤਿੰਨ ਏਕੜ ਵਿੱਚ ਬਣੀ ਨਵੀਂ ਅਨਾਜ ਮੰਡੀ ਵਿੱਚ ਅੱਜ ਪਹਿਲੇ ਦਿਨ ਕਣਕ ਦੀ ਖ੍ਰੀਦ ਸ਼ੁਰੂ ਹੋਈ। ਇਸ ਮੌਕੇ ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਇਸ ਮੰਡੀ ਦੇ ਸ਼ੁਰੂ ਹੋਣ ਨਾਲ ਆਸ ਪਾਸ ਦੇ 25 ਪਿੰਡਾਂ ਨੂੰ ਦੂਰ ਦੁਰਾਡੇ ਦੀਆਂ ਮੰਡੀਆਂ ਵਿੱਚ ਜਾਣ ਤੋਂ ਰਾਹਤ ਮਿਲੇਗੀ। ਪਹਿਲਾਂ ਇਥੋਂ ਦੇ ਕਿਸਾਨ ਦੇਵੀਗੜ੍ਹ ਜਾਂ ਹਰਿਆਣਾ ਦੇ ਕਸਬਾ ਨਨਿਓਲਾ ਵਿਖੇ ਆਪਣੀ ਫਸਲ ਵੇਚਣ ਲਈ ਲੈ ਕੇ ਜਾਂਦੇ ਸਨ। ਇਸ ਮੰਡੀ ਦੇ ਸ਼ੁਰੂ ਹੋਣ ਨਾਲ ਜਿੱਥੇ ਕਿਸਾਨਾਂ ਦਾ ਸਮਾਂ ਬਚੇਗਾ ਉੱਥੇ ਹੀ ਡੀਜ਼ਲ ਦੀ ਵੀ ਬਚਤ ਹੋਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਆਉਣ



ਵਾਲੇ ਸਮੇਂ ਵਿੱਚ ਇਸ ਖ੍ਰੀਦ ਕੇਂਦਰ ਨੂੰ ਹੋਰ ਵੀ ਵਿਕਸਤ ਕਰਵਾਇਆ ਜਾਵੇਗਾ। ਇਸ ਖ੍ਰੀਦ ਕੇਂਦਰ ਦੇ ਸ਼ੁਰੂ ਕਰਨ ਲਈ ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਆਪਣੀ ਕਣਕ ਦੀ ਫਸਲ ਪਕਾ ਕੇ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਕਿ ਉਨ੍ਹਾਂ ਨੂੰ ਮੰਡੀਆਂ ਵਿੱਚ ਰਾਤਾਂ ਨਾ ਗੁਜਾਰਨੀਆਂ ਪੈਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕਣਕ ਦੀ ਫਸਲ ਦੀ ਅਦਾਇਗੀ ਵੀ ਨਾਲੋ ਨਾਲ ਕੀਤੀ ਜਾਵੇਗੀ ਅਤੇ ਬਾਰਦਾਨੇ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇੰਸ ਮੌਕੇ ਉਹਨਾਂ ਨਾਲ ਬਲਦੇਵ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਦੂੱਧਨਸਾਧਾਂ, ਰਾਜਾ ਧੰਜੂ ਸਰੁਸਤੀਗੜ੍ਹ, ਰਾਜਵਿੰਦਰ ਸਿੰਘ ਹਡਾਣਾ, ਹਰਪਾਲ ਸਿੰਘ ਸਰਪੰਚ ਹਡਾਣਾ, ਅਸ਼ੋਕ ਕੁਮਾਰ ਸਕੱਤਰ ਮਾਰਕੀਟ ਕਮੇਟੀ, ਸਾਹਿਲ ਜਿੰਦਲ ਲੇਖਾਕਾਰ, ਗੁਰਪ੍ਰੀਤ ਸਿੰਘ ਇੰਸਪੈਕਟਰ ਪਨਗ੍ਰੇਨ, ਭੋਲਾ ਮਲਕਪੁਰ, ਜੀਤੂ ਥਿੰਦ, ਬਿਕਰਮ ਸਿੰਘ ਹਡਾਣਾ ਆਦਿ ਮੌਜੂਦ ਸਨ।

## ਈ-ਰਿਕਸ਼ਾ ਚੋਰੀ ਕਰਨ ਵਾਲਾ ਕਾਬੂ

ਪਟਿਆਲਾ, 13 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਕੋਲ ਲਛਮਣ ਕੁਮਾਰ ਪੁੱਤਰ ਰਾਮਦੇਵ ਪਾਸਵਾਨ ਵਾਸੀ ਬੈਕ ਸਾਇਡ ਮੜ੍ਹੀਆ ਤ੍ਰਿਪੜੀ ਨੇ ਕਥਿਤ ਦੋਸ਼ੀ ਸਿਮਰਨਜੀਤ ਸਿੰਘ ਵਾਸੀ ਅਰਜਨ ਨਗਰ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਨੇ ਆਪਣਾ ਈ-ਰਿਕਸ਼ਾ ਜੋ ਕਿ ਦੁਖਨਿਵਾਰਨ ਸਾਹਿਬ ਗੁਰਦੁਅਰਾ ਪਟਿਆਲਾ ਦੀ ਪਾਰਕਿੰਗ ਵਿੱਚ ਖੜ੍ਹਾ ਕੀਤਾ ਸੀ, ਜਦੋ ਕੁੱਝ ਸਮੇ ਬਾਅਦ ਆ ਕੇ ਦੇਖਿਆ ਤਾਂ ਈ-ਰਿਕਸ਼ਾ ਗਾਇਬ ਸੀ, ਜੋ ਭਾਲ ਕਰਨ ਪਰ ਪਤਾ ਲੱਗਾ ਕਿ ਕਥਿਤ ਦੋਸ਼ੀ ਨੇ ਚੋਰੀ ਕੀਤਾ ਸੀ, ਜੋ ਕਥਿਤ ਦੋਸ਼ੀ ਨੂੰ ਕਾਬੂ ਕਰਕੇ ਈ-ਰਿਕਸ਼ਾ ਬ੍ਰਾਮਦ ਕੀਤਾ ਗਿਆ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਨਾਭਾ, 13 ਅਪ੍ਰੈਲ (ਚੌਧਰੀਮਾਜਰਾ) : ਥਾਣਾ ਕੋਤਵਾਲੀ ਨਾਭਾ ਪੁਲਿਸ ਨੇ ਕਥਿਤ ਦੋਸ਼ੀ ਮਨਪ੍ਰੀਤ ਸਿੰਘ ਵਾਸੀ ਪਿੰਡ ਦੁਲੱਦੀ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਹੌਲਦਾਰ ਰਾਮ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਆਰੀਆ ਸਮਾਜ ਚੌਕ ਨਾਭਾ ਮੌਜੂਦ ਸੀ, ਜੋ ਕਥਿਤ ਦੋਸ਼ੀ ਨੇ ਪੁਲਿਸ ਪਾਰਟੀ ਨੂੰ ਦੇਖ ਕੇ ਕੋਈ ਗੋਲੀ ਨੁਮਾ ਚੀਜ਼ ਆਪਣੇ ਮੂੰਹ ਵਿੱਚ ਪਾ ਲਈ, ਜੋ ਕਾਬੂ ਕਰਨ ਪਰ ਦੋਸ਼ੀ ਨੇ ਦੱਸਿਆ ਕਿ ਉਹ ਨਸ਼ੇ ਕਰਨ ਦਾ ਆਦੀ ਹੈ ਅਤੇ ਹੁਣੇ ਹੀ ਨਸ਼ੇ ਦੀ ਗੋਲੀ ਖਾਈ ਹੈ।

## ਕਣਕ ਦੀ ਖ਼ਰੀਦ ਤੁਰੰਤ ਸ਼ੁਰੂ ਕਰਨ ਦੀ ਮੰਗ



ਸਮਾਣਾ, 13 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾਂ) : ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਘੱਗਾ ਹਰਦੀਪ ਸਿੰਘ ਕੁਲਾਰਾਂ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਢਿੱਲ ਕਾਰਨ ਕਿਸਾਨ ਮੰਡੀਆਂ ਵਿੱਚੋ ਰੁਲ ਰਹੇ ਹਨ ਅਤੇ ਉੱਪਰੋਂ ਮੌਸਮ ਖਰਾਬ ਹੋਣ ਕਾਰਨ ਕਿਸਾਨਾਂ ਦੇ ਚਿਹਰੇ ਮੁਰਝਾਏ ਪਏ ਹਨ। ਉਨਾਂ ਕਿਹਾ ਕਿ ਸਰਕਾਰ 1ਅਪ੍ਰੈਲ ਤੋਂ ਸਰਕਾਰੀ ਖਰੀਦ ਸ਼ੁਰੂ ਕਰਨ ਲਈ ਸਾਰੇ ਪ੍ਰਬੰਧ ਮੁਕੰਮਲ ਕਰਨ ਦੇ ਵਾਅਦੇ ਕਰ ਰਹੀ ਹੈ, ਪਰ ਅੱਜ 13 ਅਪ੍ਰੈਲ ਹੋ ਚੁੱਕੀ ਹੈ। ਮੰਡੀਆਂ ਵਿੱਚ ਨਾਂ ਸਰਕਾਰੀ ਖਰੀਦ ਹੈ ਨਾਂ ਬਾਰਦਾਨਾ ਹੈ ਤੇ ਨਾਂ ਹੀ ਮੰਡੀਆਂ ਵਿੱਚ ਸਾਫ ਸਫਾਈ ਅਤੇ ਪਾਣੀ ਦੇ ਪੁਖਤਾ ਪ੍ਰਬੰਧ ਹਨ।

## ਮਾਤਾ ਗੁਜਰੀ ਸਕੂਲ ਦੇਵੀਗੜ੍ਹ ਵਿਖੇ ਵਿਸਾਖੀ ਦਾ ਤਿਉਹਾਰ ਧੂਮ ਧਾਮ ਤੇ ਉਤਸ਼ਾਹ ਨਾਲ ਮਨਾਇਆ




ਦੇਵੀਗੜ੍ਹ, 13 ਅਪ੍ਰੈਲ (ਗੁਰਜੀਤ ਸਿੰਘ ਢੋਟ) : ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁਥਮੜਾ (ਦੇਵੀਗੜ੍ਹ) ਵਿੱਚ ਧਾਰਮਿਕ, ਇਤਿਹਾਸਕ ਅਤੇ ਸੱਭਿਆਚਾਰਕ ਮਹੱਤਤਾ ਵਾਲੇ ਵਿਸਾਖੀ ਦੇ ਤਿਉਹਾਰ ਅਤੇ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਦਕਰ ਜੀ ਦੀ ਜਯੰਤੀ ਮੌਕੇ ਸਵੇਰ ਦੀ ਵਿਸ਼ੇਸ਼ ਸਭਾ ਆਯੋਜਿਤ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਧਾਰਮਿਕ ਸ਼ਬਦ ਨਾਲ ਕੀਤੀ ਗਈ। ਇਸ ਮੌਕੇ ਨੰਨੇ-ਮੁੰਨੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਨਾਚ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਸੰਵਿਧਾਨ ਅਤੇ ਡਾਕਟਰ ਬੀ. ਆਰ. ਅੰਬੇਦਕਰ ਦੇ ਜੀਵਨ ਨੂੰ ਦਰਸਾਉਂਦਾ ਇਕ ਪ੍ਰੇਰਨਾਦਾਇਕ ਨਾਟਕ ਬੜੇ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ, ਜਿਸ ਨੇ ਹਾਜ਼ਰ ਦਰਸ਼ਕਾਂ ਦੇ ਮਨ ਮੋਹ ਲਏ। ਇਸ ਤੋਂ ਇਲਾਵਾ ਹੋਰ ਸੱਭਿਆਚਾਰਕ ਪ੍ਰਸਤੁਤੀਆਂ ਰਾਹੀਂ ਪੰਜਾਬੀ ਵਿਰਾਸਤ ਨਾਲ ਵੀ ਸਭ ਨੂੰ ਜਾਣੂ ਕਰਵਾਇਆ ਗਿਆ। ਸਕੂਲ ਦੇ ਪ੍ਰਬੰਧਕ ਡਾਇਰੈਕਟਰ ਸ. ਭੁਪਿੰਦਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸਕ ਮਹੱਤਵ ਅਤੇ ਡਾ. ਭੀਮ ਰਾਓ ਅੰਬੇਦਕਰ ਜੀ ਦੇ ਜੀਵਨ ਅਤੇ ਯੋਗਦਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਜੀਵਨ ਵਿੱਚ ਸਹੀ ਮਾਰਗ ਤੇ ਚਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਸ. ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਮੈਡਮ ਰਵਿੰਦਰ ਕੌਰ, ਪ੍ਰਿੰਸੀਪਲ ਮੈਡਮ ਪੂਨਮ ਧੀਮਾਨ ਅਤੇ ਅਕਾਦਮਿਕ ਡਾਇਰੈਕਟਰ ਮੈਡਮ ਤੇਜਿੰਦਰ ਕੌਰ ਵਾਲੀਆ ਸਮੇਤ ਸਮੂਹ ਸਟਾਫ਼ ਹਾਜ਼ਰ ਸਨ ।

## ਮਿਲੇਨੀਅਮ ਵਰਲਡ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ

ਸਮਾਣਾ, 13 ਅਪ੍ਰੈਲ (ਵਿਜੇ ਕੁਮਾਰ) : ਮਿਲੇਨੀਅਮ ਵਰਲਡ ਸਕੂਲ



ਵਿੱਚ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਸਕੂਲ ਵਿੱਚ ਕਈ ਸੱਭਿਆਚਾਰਕ ਅਤੇ ਰੁਚਿਕਰ ਗਤੀਵਿਧੀਆਂ ਕਰਵਾਈਆਂ ਗਈਆਂ। ਸਮਾਗਮ ਦੀ ਸ਼ੁਰੂਆਤ ਇੱਕ ਵਿਸ਼ੇਸ਼ ਸਵੇਰ ਦੀ ਸਭਾ ਨਾਲ ਹੋਈ। ਚੇਅਰਮੈਨ ਡਾ: ਕੇ.ਕੇ. ਜੌਹਰੀ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣੇ ਜੀਵਨ ਦੌਰਾਨ ਮਨੁੱਖਤਾ ਦੀ ਰਾਖੀ ਅਤੇ ਧਰਮ ਦੀ ਆਜ਼ਾਦੀ ਲਈ ਕੋਈ ਕਸਰ ਨਹੀਂ ਛੱਡੀ, ਉਹਨਾਂ ਦਾ ਜੀਵਨ ਸਾਨੂੰ ਨਾਂ ਇਨਸਾਫੀ ਵਿਰੁੱਧ ਬਿਨਾਂ ਕਿਸੇ ਡਰ ਤੋਂ ਖੜ੍ਹੇ ਰਹਿਣ ਅਤੇ ਸੱਚ ਦੇ ਰਾਹ ਤੇ ਅਡੋਲ ਚਲਣ ਦੀ ਪ੍ਰੇਰਨਾ ਦਿੰਦਾ ਹੈ। ਪ੍ਰਿੰਸੀਪਲ ਸ਼ਾਲਿਨੀ ਕਾਜਲਾ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸ ਅਤੇ ਕਣਕ ਦੀ ਫਸਲ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦਿਨ ਕਣਕ ਦੀ ਫਸਲ ਪੱਕ ਕੇ ਖੇਤਾਂ ਵਿੱਚ ਤਿਆਰ ਹੋ ਜਾਂਦੀ ਹੈ।

## ਨਵ-ਨਿਯਕੁਤ ਪਟਿਆਲਾ ਸ਼ਹਿਰੀ ਪ੍ਰਧਾਨ ਵਿੰਦਾ ਗਰੋਵਰ ਤੇ ਮੀਤ ਪ੍ਰਧਾਨ ਸ਼ਕਤੀਮਾਨ ਨੂੰ ਰੱਖੜਾ ਨੇ ਦਿੱਤਾ ਥਾਪੜਾ

ਪਟਿਆਲਾ, 13 ਅਪ੍ਰੈਲ (ਚ.ਨ.ਸ.) : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਕੋਰ ਕਮੇਟੀ ਮੈਂਬਰ ਤੇ ਸਾਬਕਾ ਕੈਬਨਿਟ ਮੰਤਰੀ ਸ੍ਰ ਸੁਰਜੀਤ ਸਿੰਘ ਰੱਖੜਾ ਨੇ ਆਪਣੇ ਗ੍ਰਹਿ ਵਿਖੇ ਪੁੱਜੇ ਨਵ-ਨਿਯੁਕਤ ਜ਼ਿਲਾ ਪਟਿਆਲਾ ਸ਼ਹਿਰੀ ਪ੍ਰਧਾਨ ਜਥੇਦਾਰ ਰਵਿੰਦਰ ਸਿੰਘ ਵਿੰਦਾ ਗਰੋਵਰ ਤੇ ਕੌਮੀ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਸ਼ਕਤੀਮਾਨ ਨੂੰ ਸਿਰਪਾਓ ਭੇਟ ਕਰਦਿਆ ਦਿਲੋਂ ਵਧਾਈ ਦਿੱਤੀ ਅਤੇ ਪਾਰਟੀ ਲਈ ਤੱਕੜੇ ਹੋ ਕੇ ਕੰਮ ਕਰਨ ਲਈ ਥਾਪੜਾ ਦਿੱਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆ ਸੁਰਜੀਤ ਸਿੰਘ ਰੱਖੜਾ ਨੇ ਪੰਜਾਬ ਦੇ ਕਈ ਇਲਾਕਿਆਂ ਵਿੱਚ ਹਾਲ ਹੀ ਵਿੱਚ ਕਿਸਾਨਾਂ ਦੀ ਭਾਰੀ ਗੜੇਮਾਰੀ ਕਾਰਨ ਖਰਾਬ ਹੋਈ ਫਸਲਾ



'ਤੇ ਚਿੰਤਾ ਜਾਹਿਰ ਕੀਤੀ ਅਤੇ ਪੰਜਾਬ ਸਰਕਾਰ ਨੂੰ ਪ੍ਰਭਾਵਿਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦੇਣ ਦੀ ਅਪੀਲ ਕੀਤੀ। ਇਸ ਮੌਕੇ ਮਹਿੰਦਰਪਾਲ ਸਿੰਘ ਸੋਢੀ, ਜਸਪਾਲ ਸਿੰਘ ਕਲਿਆਣ, ਐਡ: ਸੁਖਮਿੰਦਰ ਸਿੰਘ ਬੌਬੀ, ਸਤਿੰਦਰ ਸਿੰਘ ਸ਼ੱਕੂ ਗਰੋਵਰ, ਮਨਮੋਹਨ ਸਿੰਘ ਕੁੱਕੂ ਜਸਵਿੰਦਰ ਸਿੰਘ ਚੀਮਾ,ਹਰਦੀਪ ਸਿੰਘ, ਰਸ਼ਪਾਲ ਸਿੰਘ ਪ੍ਰੀਤਮ ਸਿੰਘ, ਗੁਰਮੀਤ ਸਿੰਘ, ਸ਼ਮਸ਼ੇਰ ਸਿੰਘ, ਲਖਵਿੰਦਰ ਸਿੰਘ ਚੀਮਾ, ਚੰਦਰ ਭਾਨ ਗਾਬਾ, ਨਵਦੀਪ ਸਿੰਘ ਬੱਬਲੂ, ਗੁਰਪਾਲਇੰਦਰ ਸਿੰਘ, ਸੁੱਖੀ ਮੁੰਡਖੇੜਾ, ਰਘਬੀਰ ਕਲਿਆਣ, ਮਰਦੀਪ ਸਿੰਘ ਦੀਪਕ, ਹਰਮਨਜੋਤ, ਆਨੰਦ ਮੱਕੜ, ਦੇਵਾਨੰਦ, ਉਰਵਿੰਦਰ ਸਿੰਘ, ਰਜਿੰਦਰ ਚੋਹਾਨ, ਰਾਜਕੁਮਾਰ ਅਤੇ ਹੋਰ ਪਾਰਟੀ ਆਗੂ ਤੇ ਵਰਕਰ ਮੌਜੂਦ ਸਨ ।